ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2491 | 10 June, 2026 Wednesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਅਦਾਲਤ ਵੱਲੋਂ ਐਚ-1ਬੀ ਵੀਜਿਆਂ 'ਤੇ ਇਕ ਲੱਖ ਡਾਲਰ ਫੀਸ ਲਾਉਣ ਦੀ ਨੀਤੀ ਰੱਦ

**ਸੈਕਰਾਮੈਂਟੋ**
**ਹੁਸਨ ਲੜੋਆ ਬੰਗਾ**

ਇੱਕ ਅਮਰੀਕੀ ਜ਼ਿਲਾ ਅਦਾਲਤ ਦੇ ਜੱਜ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਨਵੇਂ ਐਚ 1 ਬੀ ਵੀਜ਼ਿਆਂ 'ਤੇ 100,000 ਡਲਾਰ ਫੀਸ ਲਗਾਉਣ ਦੀ ਨੀਤੀ ਨੂੰ ਰੱਦ ਕਰ ਦਿੱਤਾ ਹੈ। ਬੋਸਟਨ ਵਿੱਚ ਜੱਜ ਲੀਓ ਸੋਰੋਕਿਨ ਨੇ ਲਗਭਗ ਦੋ ਦਰਜਨ ਡੈਮੋਕ੍ਰੇਟਿਕ ਸਟੇਟ ਅਟਾਰਨੀ ਜਨਰਲਾਂ ਦੁਆਰਾ ਦਾਇਰ ਕੀਤੇ ਮੁਕੱਦਮੇ ਵਿੱਚ ਇਹ ਫੈਸਲਾ ਸੁਣਾਇਆ, ਜਿਸ ਵਿੱਚ ਜੱਜ ਨੇ ਕਿਹਾ ਕਿ ਫੀਸ ਇੱਕ ਗੈਰ-ਕਾਨੂੰਨੀ ਟੈਕਸ ਹੈ ਜੋ ਕਾਂਗਰਸ ਨੇ ਕਦੇ ਵੀ ਅਧਿਕਾਰਤ ਨਹੀਂ ਕੀਤਾ। ਰਾਜਾਂ ਦੇ ਚੋਟੀ ਦੇ 20 ਵਕੀਲਾਂ, ਨੇ ਸਤੰਬਰ ਵਿੱਚ ਟਰੰਪ ਦੁਆਰਾ ਐਲਾਨੀ ਗਈ ਫੀਸ ਨੂੰ ਚੁਣੌਤੀ ਦਿੱਤੀ ਸੀ। ਜੱਜ ਨੇ ਕਿਹਾ ਕਿ ਕਾਂਗਰਸ ਦੀ ਮਨਜ਼ੂਰੀ ਤੋਂ ਬਿਨਾਂ ਏਨੀ ਵੱਡੀ ਪੱਧਰ 'ਤੇ ਫੀਸ ਲਗਾਉਣੀ ਕਿਸੇ ਵੀ ਤਰਾਂ ਜਾਇਜ ਨਹੀਂ ਹੈ। ਜਿਕਰਯੋਗ ਹੈ ਕਿ ਟਰੰਪ ਪ੍ਰਸ਼ਾਸਨ ਨੇ ਸਥਾਨਕ ਨੌਜਵਾਨਾਂ ਨੂੰ ਰੁਜਗਾਰ ਦੇਣ ਦੇ ਮਕਸਦ ਨਾਲ ਇਹ ਫੀਸ ਵਧਾਈ ਸੀ ਜਿਸ ਦਾ ਡੈਮੋਕਰੇਟਿਕ ਪਾਰਟੀ, ਯੁਨੀਵਰਸਿਟੀਆਂ ਤੇ ਤਕਨੀਕੀ ਅਦਾਰੇ ਨਿਰੰਤਰ ਵਿਰੋਧ ਕਰਦੇ ਆ ਰਹੇ ਹਨ।




# 'ਡਿਪਾਰਟਮੈਂਟ ਆਫ ਡਿਫੈਂਸ' ਦਾ ਨਾਮ 'ਡਿਪਾਰਟਮੈਂਟ ਆਫ ਵਾਰ' ਕਰਨ ਦਾ ਪ੍ਰਸਤਾਵ ਅੱਗੇ ਵਧਿਆ

**ਵਾਸ਼ਿੰਗਟਨ**
**ਸਾਂਝੀ ਸੋਚ ਬਿਊਰੋ**

ਅਮਰੀਕੀ ਕਾਂਗਰਸ ਦੀ ਹਾਊਸ ਆਰਮਡ ਸਰਵਿਸਿਜ਼ ਕਮੇਟੀ ਨੇ ਇੱਕ ਵਿਵਾਦਿਤ ਸੋਧ ਨੂੰ ਮਨਜ਼ੂਰੀ ਦਿੱਤੀ ਹੈ, ਜਿਸ ਤਹਿਤ ਮੌਜੂਦਾ ਡਿਪਾਰਟਮੈਂਟ ਆਫ ਡਿਫੈਂਸ (ਡੀ.ਓ.ਡੀ) ਦਾ ਨਾਮ ਬਦਲ ਕੇ 'ਡਿਪਾਰਟਮੈਂਟ ਆਫ ਵਾਰ' ਰੱਖਣ ਦਾ ਰਾਹ ਖੁੱਲ੍ਹ ਸਕਦਾ ਹੈ।ਇਹ ਸੋਧ ਟੈਕਸਾਸ ਦੇ ਰਿਪਬਲਿਕਨ ਕਾਂਗਰਸਮੈਨ ਰੌਨੀ ਜੈਕਸਨ ਵੱਲੋਂ ਪੇਸ਼ ਕੀਤੀ ਗਈ ਸੀ ਅਤੇ ਕਮੇਟੀ ਵਿਚ ਪਾਰਟੀ ਲਾਈਨਾਂ ਅਨੁਸਾਰ ਪਾਸ ਹੋ ਗਈ। ਰਿਪਬਲਿਕਨ ਮੈਂਬਰਾਂ ਨੇ ਇਸ ਕਦਮ ਨੂੰ ਅਮਰੀਕੀ ਫੌਜ ਦੇ ਮੂਲ ਉਦੇਸ਼ ਨੂੰ ਸਪੱਸ਼ਟ ਕਰਨ ਵਾਲਾ ਕਦਮ ਦੱਸਿਆ, ਜਦਕਿ ਡੈਮੋਕ੍ਰੈਟ ਮੈਂਬਰਾਂ ਨੇ ਇਸਦੀ ਤਿੱਖੀ ਆਲੋਚਨਾ ਕੀਤੀ।

ਕਮੇਟੀ ਦੇ ਸੀਨੀਅਰ ਡੈਮੋਕ੍ਰੈਟ ਮੈਂਬਰ ਐਡਮ ਸਮਿਥ ਨੇ ਇਸ ਪ੍ਰਸਤਾਵ ਨੂੰ "ਇਸ ਪ੍ਰਸ਼ਾਸਨ ਦੇ ਸਭ ਤੋਂ ਬੇਤੁਕੇ ਕਦਮਾਂ ਵਿਚੋਂ ਇੱਕ" ਕਰਾਰ ਦਿੱਤਾ।ਰਿਪੋਰਟਾਂ ਅਨੁਸਾਰ, ਡੋਨਾਲਡ ਟਰੰਪ ਨੇ ਪਿਛਲੇ ਸਾਲ ਇੱਕ ਕਾਰਜਕਾਰੀ ਹੁਕਮ 'ਤੇ ਦਸਤਖ਼ਤ ਕੀਤੇ ਸਨ, ਜਿਸ ਵਿਚ ਵਿਭਾਗ ਦਾ ਨਾਮ ਬਦਲਣ ਅਤੇ ਰੱਖਿਆ ਮੰਤਰੀ ਪੀਟ ਹੇਗਸੇਥ ਨੂੰ "ਸੈਕਰੇਟਰੀ ਆਫ ਵਾਰ" ਦਾ ਅਹੁਦਾ ਦੇਣ ਦੀ ਹਦਾਇਤ ਦਿੱਤੀ ਗਈ ਸੀ। ਹਾਲਾਂਕਿ ਇਹ ਤਬਦੀਲੀ ਅਜੇ ਕਾਨੂੰਨੀ ਤੌਰ 'ਤੇ ਲਾਗੂ ਨਹੀਂ ਹੋਈ ਅਤੇ ਇਸ ਲਈ ਕਾਂਗਰਸ ਦੀ ਮਨਜ਼ੂਰੀ ਲੋੜੀਂਦੀ ਹੈ।ਇਸ ਤਬਦੀਲੀ ਦੀ ਲਾਗਤ ਵੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਪੈਂਟਾਗਨ ਦੇ ਅਨੁਸਾਰ ਨਾਮ ਬਦਲਣ ਅਤੇ ਸਾਰੇ ਦਸਤਾਵੇਜ਼, ਲੋਗੋ, ਸਾਈਨਬੋਰਡ ਅਤੇ ਪ੍ਰਣਾਲੀਆਂ ਨੂੰ ਅਪਡੇਟ ਕਰਨ ਲਈ ਲਗਭਗ 52 ਮਿਲੀਅਨ ਡਾਲਰ ਖਰਚ ਹੋ ਸਕਦੇ ਹਨ। ਜਦਕਿ ਕਾਂਗਰੇਸ਼ਨਲ ਬਜਟ ਆਫਿਸ ਦਾ ਅੰਦਾਜ਼ਾ ਹੈ ਕਿ ਕੁੱਲ ਲਾਗਤ 125 ਮਿਲੀਅਨ ਡਾਲਰ ਤੱਕ ਪਹੁੰਚ ਸਕਦੀ ਹੈ।ਇਤਿਹਾਸਕ ਤੌਰ 'ਤੇ "ਡਿਪਾਰਟਮੈਂਟ ਆਫ ਵਾਰ" ਕੋਈ ਨਵਾਂ ਨਾਮ ਨਹੀਂ ਹੈ। 1789 ਵਿਚ ਜਾਰਜ ਵਾਸ਼ਿੰਗਟਨ ਦੇ ਸਮੇਂ ਇਹੀ ਨਾਮ ਵਰਤਿਆ ਜਾਂਦਾ ਸੀ। ਇਹ ਨਾਮ 1947 ਤੱਕ ਚੱਲਦਾ ਰਿਹਾ, ਜਦੋਂ ਹੈਰੀ ਐੱਸ. ਟਰੂਮੈਨ ਦੇ ਪ੍ਰਸ਼ਾਸਨ ਦੌਰਾਨ ਫੌਜੀ ਢਾਂਚੇ ਦੀ ਪੁਨਰਗਠਨ ਕਰਕੇ ਆਰਮੀ, ਨੇਵੀ ਅਤੇ ਏਅਰ ਫੋਰਸ ਨੂੰ ਇਕੱਠਾ ਕਰਕੇ ਡਿਪਾਰਟਮੈਂਟ ਆਫ ਡਿਫੈਂਸ ਬਣਾਇਆ ਗਿਆ।ਪ੍ਰਸਤਾਵ ਦੇ ਹਮਾਇਤੀ ਕਹਿੰਦੇ ਹਨ ਕਿ "ਡਿਪਾਰਟਮੈਂਟ ਆਫ ਵਾਰ" ਨਾਮ ਅਮਰੀਕੀ ਫੌਜ ਦੀ ਭੂਮਿਕਾ ਨੂੰ ਸਿੱਧੇ ਅਤੇ ਸਪੱਸ਼ਟ ਤਰੀਕੇ ਨਾਲ ਦਰਸਾਉਂਦਾ ਹੈ। ਦੂਜੇ ਪਾਸੇ, ਵਿਰੋਧੀਆਂ ਦਾ ਮੰਨਣਾ ਹੈ ਕਿ ਇਹ ਨਾਮ ਅਮਰੀਕਾ ਦੀ ਵਿਦੇਸ਼ ਨੀਤੀ ਅਤੇ ਅੰਤਰਰਾਸ਼ਟਰੀ ਸਾਥੀਆਂ ਲਈ ਗਲਤ ਸੰਦੇਸ਼ ਭੇਜ ਸਕਦਾ ਹੈ, ਖ਼ਾਸ ਕਰਕੇ ਉਸ ਸਮੇਂ ਜਦੋਂ ਦੁਨੀਆਂ ਦੇ ਕਈ ਖੇਤਰਾਂ ਵਿਚ ਤਣਾਅ ਅਤੇ ਸੰਘਰਸ਼ ਜਾਰੀ ਹਨ।ਹੁਣ ਇਹ ਪ੍ਰਸਤਾਵ ਪੂਰੇ ਹਾਊਸ ਆਫ਼ ਰਿਪ੍ਰਿਜ਼ੈਂਟੇਟਿਵਜ਼ ਅੱਗੇ ਜਾਵੇਗਾ। ਜੇਕਰ ਹਾਊਸ ਇਸਨੂੰ ਪਾਸ ਕਰ ਵੀ ਦਿੰਦਾ ਹੈ, ਤਾਂ ਇਸਨੂੰ ਯੂਨਾਈਟਿਡ ਸਟੇਟ ਸੈਨੇਟ ਵਿਚ ਵੀ ਮਨਜ਼ੂਰੀ ਲੈਣੀ ਪਵੇਗੀ, ਜਿੱਥੇ ਇਸ ਦੇ ਪਾਸ ਹੋਣ ਬਾਰੇ ਅਜੇ ਅਨਿਸ਼ਚਿਤਤਾ ਬਣੀ ਹੋਈ ਹੈ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

Space available for Ad
Contact # +1 (209) 303-1260
Contact # +91 81463-20009

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਣਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com

**PATTRON**: HARJIT BASI

**MANAGEMENT**



**PRESIDENT & CHIEF EDITOR**
**BOOTA SINGH BASI**

**SUB EDITOR (CHICAGO, IL OFFICE)**
**LOVJYOT VIRDI**

**GENERAL MANAGER**
**RAVINDER SINGH DHILLON**

**RESIDENT EDITOR (INDIA)**
**DR. RAJINDER RIKHI**

**DISCLAIMER**

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

**SANJHI SOCH**

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਵੀਹਵੀਂ ਸਦੀ ਦਾ ਪ੍ਰਸਿੱਧ ਸਾਹਿਤਕਾਰ: ਭਾਈ ਵੀਰ ਸਿੰਘ

ਡਾ. ਭਾਈ ਵੀਰ ਸਿੰਘ ਵੀਹਵੀਂ ਸਦੀ ਦੇ ਪ੍ਰਸਿੱਧ ਸਾਹਿਤਕਾਰ ਅਤੇ ਯੁਗ-ਪੁਰਸ਼ ਹੋ ਗੁਜ਼ਰੇ ਹਨ, ਜਿਨ੍ਹਾਂ ਨੂੰ ਭਾਰਤ ਦੇ ਪ੍ਰਸਿੱਧ ਦਾਰਸ਼ਨਿਕ ਡਾ. ਰਾਧਾਕ੍ਰਿਸ਼ਨਨ ਨੇ 'ਭਾਰਤ ਦੀ ਸਨਾਤਨੀ ਵਿਦਵਤਾ ਦੇ ਪ੍ਰਤੀਨਿਧ' ਕਿਹਾ ਹੈ। ਡਾ. ਮੁਲਕਰਾਜ ਆਨੰਦ ਨੇ ਭਾਈ ਵੀਰ ਸਿੰਘ ਨੂੰ 'ਸਿਰਜਣਾਤਮਕ ਵੇਗ ਨੂੰ ਜੀਵਨ ਅਤੇ ਵਿਸ਼ਵ ਦੇ ਸੰਤੁਲਨ ਦਾ ਆਧਾਰ ਮੰਨਣ ਵਾਲੇ ਵਿਅਕਤੀ' ਦਾ ਨਾਮ ਦਿੱਤਾ ਹੈ। ਸ਼੍ਰੀ ਹਰਿੰਦਰਨਾਥ ਚਟੋਪਾਧਿਆਏ ਨੇ ਭਾਈ ਸਾਹਿਬ ਨੂੰ 'ਪੰਜਾਂ ਦਰਿਆਵਾਂ ਦੀ ਧਰਤੀ ਦੇ ਛੇਵੇਂ ਦਰਿਆ' ਦੀ ਉਪਾਧੀ ਦਿੱਤੀ ਹੈ। ਡਾ.ਮੋਹਨ ਸਿੰਘ ਦੀਵਾਨਾ ਨੇ ਲਿਖਿਆ ਹੈ ਕਿ ਆਪ ਸਿੱਖ ਨਵ-ਚੇਤਨਾ ਦੇ ਅਜਿਹੇ ਥੰਮ੍ਹ ਸਨ, ਜਿਨ੍ਹਾਂ ਨੇ ਆਪਣੇ ਜੀਵਨ, ਕਵਿਤਾ, ਗਲਪ ਅਤੇ ਗੱਦ ਰਾਹੀਂ ਅਨੇਕਾਂ ਜਿੰਦੜੀਆਂ ਨੂੰ ਜੀਵਨ-ਛੋਹ ਦੇ ਕੇ ਉਤਸ਼ਾਹਿਤ ਕੀਤਾ ਅਤੇ ਪੰਜਾਬੀ ਸਾਹਿਤ ਵਿੱਚ ਅਭਿਵਿਅਕਤੀ ਦੇ ਨਵੀਨ ਮਾਪਦੰਡ ਸਿਰਜੇ।

ਭਾਈ ਵੀਰ ਸਿੰਘ ਦਾ ਜਨਮ 5 ਦਸੰਬਰ,1872 ਈ. ਨੂੰ ਅੰਮ੍ਰਿਤਸਰ ਵਿਖੇ ਡਾ. ਚਰਨ ਸਿੰਘ ਦੇ ਘਰ ਮਾਤਾ ਉੱਤਮ ਕੌਰ ਦੀ ਕੁੱਖੋਂ ਹੋਇਆ। ਉਨ੍ਹਾਂ ਦੀ ਵੰਸ਼-ਪਰੰਪਰਾ ਦਾ ਪਿਛੋਕੜ ਦੀਵਾਨ ਕੌੜਾ ਮੱਲ ਨਾਲ ਜਾ ਮਿਲਦਾ ਹੈ, ਜੋ ਅਠਾਰ੍ਹਵੀਂ ਸਦੀ ਦੇ ਪਹਿਲੇ ਅੱਧ ਵਿੱਚ ਲਹੌਰ ਦੇ ਦੀਵਾਨ ਅਤੇ ਮੁਲਤਾਨ ਦੇ ਹਾਕਮ ਬਣੇ ਸਨ। ਉਨ੍ਹਾਂ ਦੇ ਦਾਦਾ ਸ. ਕਾਹਨ ਸਿੰਘ (1788-1878) ਸੰਸਕ੍ਰਿਤ ਦੇ ਵਿਦਵਾਨ ਸਨ ਅਤੇ ਬ੍ਰਜ-ਭਾਸ਼ਾ ਵਿੱਚ ਕਾਵਿ-ਰਚਨਾ ਕਰਦੇ ਸਨ। ਭਾਈ ਸਾਹਿਬ ਦੇ ਪਿਤਾ ਡਾ. ਚਰਨ ਸਿੰਘ (1853-1908) ਵੀ ਸੰਸਕ੍ਰਿਤ ਤੇ ਬ੍ਰਜ-ਭਾਸ਼ਾ ਦੇ ਵਿਦਵਾਨ ਸਨ। ਭਾਈ ਸਾਹਿਬ ਦੇ ਨਾਨਾ ਗਿਆਨੀ ਹਜ਼ਾਰਾ ਸਿੰਘ (1828-1908) ਗੁਰਬਾਣੀ ਦੇ ਪ੍ਰਸਿੱਧ ਟੀਕਾਕਾਰ ਸਨ।

ਸਪਸ਼ਟ ਹੈ ਕਿ ਭਾਈ ਵੀਰ ਸਿੰਘ ਦੇ ਪਿਤਰੀ ਧਨ ਵਿੱਚ ਦੀਵਾਨ ਕੌੜਾ ਮੱਲ ਦੀ ਰਾਜਸੀ ਮਹੱਤਾ, ਬਾਬਾ ਕਾਹਨ ਸਿੰਘ ਦਾ ਸਾਧੂਤਵ, ਡਾ.ਚਰਨ ਸਿੰਘ ਦੀ ਬੁੱਧੀਜੀਵਤਾ ਅਤੇ ਗਿਆਨੀ ਹਜ਼ਾਰਾ ਸਿੰਘ ਦਾ ਪਰਮਾਰਥ ਗਿਆਨ ਸ਼ਾਮਲ ਸਨ। ਪ੍ਰਿੰ. ਸੰਤ ਸਿੰਘ ਸੇਖੋਂ ਅਨੁਸਾਰ "ਅਜਿਹੇ ਪਿਤਰੀ ਧਨ ਵਾਲਾ ਪੁਰਖ ਸਮਝੋ ਉਨ੍ਹੀਵੀਂ ਸਦੀ ਦੇ ਭਾਰਤੀ ਜਾਗ੍ਰਿਤੀ ਅਧਿਆਤਮਕ ਵਾਤਾਵਰਣ ਵਿੱਚ ਕਿਸੇ ਮਹਾਨ ਕਾਰਜ ਲਈ ਹੀ ਜਨਮਿਆ ਹੁੰਦਾ ਹੈ ਤੇ ਭਾਈ ਵੀਰ ਸਿੰਘ ਦੇ ਭਾਗ ਵਿੱਚ ਇਹ ਮਹਾਨ ਕਾਰਜ ਨਿਸ਼ਚੈ ਹੀ ਅੰਕਿਤ ਹੋਇਆ।"

ਭਾਈ ਸਾਹਿਬ ਨੇ ਆਪਣੇ ਮੁੱਢਲੀ ਵਿੱਦਿਆ ਗਿਆਨੀ ਹਜ਼ਾਰਾ ਸਿੰਘ ਅਤੇ ਉਨ੍ਹਾਂ ਦੇ ਸਹਿਚਾਰੀਆਂ ਪਾਸੋਂ ਪ੍ਰਾਪਤ ਕੀਤੀ। ਅੱਠ ਸਾਲ ਦੀ ਉਮਰ ਤੱਕ ਉਨ੍ਹਾਂ ਨੇ ਗੁਰੂ ਗ੍ਰੰਥ ਸਾਹਿਬ ਦਾ ਪਾਠ ਵੀ ਕਰ ਲਿਆ ਸੀ। 1891 ਵਿਚ ਉਨ੍ਹਾਂ ਨੇ ਅੰਮ੍ਰਿਤਸਰ ਦੇ ਮਿਸ਼ਨ ਸਕੂਲ ਤੋਂ ਐਂਟਰੈਂਸ (ਦਸਵੀਂ) ਦੀ ਪ੍ਰੀਖਿਆ ਪਾਸ ਕੀਤੀ ਅਤੇ ਜ਼ਿਲ੍ਹੇ ਭਰ 'ਚੋਂ ਅੱਵਲ ਰਹਿਣ ਕਰਕੇ ਜ਼ਿਲ੍ਹਾ ਬੋਰਡ ਨੇ ਉਨ੍ਹਾਂ ਨੂੰ ਸੋਨੇ ਦਾ ਮੈਡਲ ਪ੍ਰਦਾਨ ਕੀਤਾ। ਇਹ ਪ੍ਰੀਖਿਆ ਪਾਸ ਕਰਨ ਤੋਂ ਦੋ ਸਾਲ ਪਹਿਲਾਂ (1889 ਵਿੱਚ) ਉਨ੍ਹਾਂ ਦਾ ਵਿਆਹ ਬੀਬੀ ਚਤੁਰ ਕੌਰ ਨਾਲ ਹੋ ਗਿਆ ਸੀ, ਜਿਸਦੀ ਕੁੱਖੋਂ ਦੋ ਧੀਆਂ ਕਰਤਾਰ ਕੌਰ ਅਤੇ ਸੁਸ਼ੀਲ ਕੌਰ ਨੇ ਜਨਮ ਲਿਆ। ਮੈਟ੍ਰਿਕ ਤੋਂ ਪਿੱਛੋਂ ਉਨ੍ਹਾਂ ਨੇ ਸਰਕਾਰੀ ਨੌਕਰੀ ਦਾ ਵਿਚਾਰ ਨਾ ਬਣਾਇਆ, ਕਿਉਂਕਿ ਆਪਣੇ ਪਿਤਾ ਦੇ ਪ੍ਰਭਾਵ ਹੇਠ ਅਤੇ ਉਨ੍ਹਾਂ ਦੇ ਸਫਲ ਜੀਵਨ ਸਦਕਾ ਉਨ੍ਹਾਂ ਦੇ ਮਨ ਵਿਚ ਸਮਾਜ ਦੀ ਖੁੱਲ੍ਹੀ ਸੇਵਾ ਦੀ ਧੁਨ ਵੱਜ ਰਹੀ ਸੀ। ਸਾਹਿਤ ਪ੍ਰਤੀ ਉਨ੍ਹਾਂ ਦੀ ਰੁਚੀ ਬਹੁਤ ਜ਼ਿਆਦਾ ਸੀ ਅਤੇ ਇਸ ਅਨੁਸਾਰ ਉਨ੍ਹਾਂ ਨੇ ਆਪਣਾ ਵਿਹਾਰ ਵੀ ਚੁਣਿਆ। ਪਿਤਾ ਦੇ ਇੱਕ ਸਹਿਯੋਗੀ ਵਜ਼ੀਰ ਸਿੰਘ ਨਾਲ ਮਿਲ ਕੇ ਉਨ੍ਹਾਂ ਨੇ 'ਵਜ਼ੀਰ ਹਿੰਦ ਪ੍ਰੈੱਸ' ਨਾਂ ਦਾ ਛਾਪੇਖਾਨਾ ਸ਼ੁਰੂ ਕੀਤਾ। ਫਿਰ 'ਖਾਲਸਾ ਟ੍ਰੈਕਟ ਸੁਸਾਇਟੀ' ਦੀ ਨੀਂਹ ਰੱਖੀ। 1899 ਵਿਚ ਸਪਤਾਹਿਕ 'ਖਾਲਸਾ ਸਮਾਚਾਰ' ਜਾਰੀ ਕੀਤਾ, ਜਿਸ ਰਾਹੀਂ ਪੰਥਕ ਸਮਾਚਾਰ ਪ੍ਰਕਾਸ਼ਿਤ ਕਰਨ ਦੇ ਨਾਲ-ਨਾਲ ਸਿੱਖੀ ਸਿੱਧਾਂਤ, ਗੁਰਬਾਣੀ ਤੇ ਗੁਰਮਤਿ ਦੀ ਸਿਖਿਆ ਦੇ ਪ੍ਰਚਾਰ-ਪ੍ਰਸਾਰ ਦਾ ਕੰਮ ਵੀ ਆਰੰਭਿਆ।



ਸਾਹਿਤ ਦੇ ਖੇਤਰ ਵਿਚ ਭਾਈ ਸਾਹਿਬ ਨੇ ਬਹੁਪੱਖੀ ਹਿੱਸਾ ਪਾਇਆ। ਕਵਿਤਾ ਤੋਂ ਬਿਨਾਂ ਉਨ੍ਹਾਂ ਨੇ ਨਾਵਲ, ਨਾਟਕ, ਵਾਰਤਕ, ਸੰਪਾਦਨ ਤੇ ਸਟੀਕ ਦੇ ਖੇਤਰ ਵਿਚ ਕਾਫ਼ੀ ਗੰਭੀਰ ਰਚਨਾਵਾਂ ਦੇ ਕੇ ਨਵੀਆਂ ਲੀਹਾਂ ਪਾਈਆਂ। ਉਨ੍ਹਾਂ ਦੀਆਂ ਪ੍ਰਮੁੱਖ ਰਚਨਾਵਾਂ ਦਾ ਵੇਰਵਾ ਇਸ ਪ੍ਰਕਾਰ ਹੈ :

* ਕਵਿਤਾ : ਨਿਨਾਣ ਭਰਜਾਈ ਦੀ ਸਿਖਿਆਦਾਇਕ ਵਾਰਤਾਲਾਪ, ਰਾਣਾ ਸੂਰਤ ਸਿੰਘ, ਲਹਿਰਾਂ ਦੇ ਹਾਰ, ਮਟਕ ਹੁਲਾਰੇ, ਬਿਜਲੀਆਂ ਦੇ ਹਾਰ, ਪ੍ਰੀਤ ਵੀਣਾ, ਕੰਬਦੀ ਕਲਾਈ, ਕੰਤ ਮਹੇਲੀ ਦਾ ਬਾਰਾਂਮਾਹ, ਮੇਰੇ ਸਾਈਆਂ ਜੀਓ।
* ਨਾਵਲ : ਸੁੰਦਰੀ, ਬਿਜੈ ਸਿੰਘ, ਸਤਵੰਤ ਕੌਰ, ਬਾਬਾ ਨੌਧ ਸਿੰਘ।
* ਨਾਟਕ : ਰਾਜਾ ਲਖਦਾਤਾ ਸਿੰਘ।
* ਵਾਰਤਕ : ਗੁਰੂ ਨਾਨਕ ਚਮਤਕਾਰ, ਸ੍ਰੀ ਗੁਰੂ ਕਲਗੀਧਰ ਚਮਤਕਾਰ, ਅਸ਼ਟ ਗੁਰੂ ਚਮਤਕਾਰ, ਗੁਰਬਾਲਮ ਸਾਖੀਆਂ (ਪਾਤਸ਼ਾਹੀ ਪਹਿਲੀ), ਗੁਰਬਾਲਮ ਸਾਖੀਆਂ (ਪਾਤਸ਼ਾਹੀ ਦਸਵੀਂ), ਸਰਵਪ੍ਰਿਯ ਸਿੱਖ ਧਰਮ, ਭਰਥਰੀ ਹਰੀ-ਜੀਵਨ ਤੇ ਨੀਤੀ, ਦੇਵੀ ਪੂਜਨ ਪੜਤਾਲ, ਸੰਤ ਗਾਥਾ ਭਾਗ, ਭਾਈ ਗੁਰਦਾਸ ਸਕੰਧ।
* ਸੰਪਾਦਨ ਤੇ ਹੋਰ ਰਚਨਾਵਾਂ : ਗੁਰਪ੍ਰਤਪ ਸੂਰਜ ਗ੍ਰੰਥ, ਸਿੱਖਾਂ ਦੀ ਭਗਤਮਾਲਾ, ਪ੍ਰਾਚੀਨ ਪੰਥ ਪ੍ਰਕਾਸ਼, ਪੁਰਾਤਨ ਜਨਮਸਾਖੀ, ਪੰਜ ਗ੍ਰੰਥੀ ਸਟੀਕ, ਗੁਰੂ ਗ੍ਰੰਥ ਸਾਹਿਬ ਦੇ ਪਹਿਲੇ 600 ਪੰਨਿਆਂ ਦਾ ਟੀਕਾ।

ਉਨ੍ਹਾਂ ਦੀਆਂ ਰਚਨਾਵਾਂ ਦੇ ਹਿੰਦੀ ਅਤੇ ਅੰਗ੍ਰੇਜ਼ੀ ਅਨੁਵਾਦ ਵੀ ਪ੍ਰਕਾਸ਼ਿਤ ਹੋਏ। ਉਨ੍ਹਾਂ ਦੀਆਂ ਕਈ ਲਿਖਤਾਂ ਉਨ੍ਹਾਂ ਦੀ ਮੌਤ ਪਿਛੋਂ ਵਿਭਿੰਨ ਲੇਖਕਾਂ ਨੇ ਸੰਪਾਦਿਤ ਕੀਤੀਆਂ। ਉਨ੍ਹਾਂ ਦੇ ਜੀਵਨ, ਰਚਨਾ ਅਤੇ ਸ਼ਖ਼ਸੀਅਤ ਸੰਬੰਧੀ ਅਣਗਿਣਤ ਲੇਖ, ਖੋਜ-ਪੱਤਰ, ਪੁਸਤਕਾਂ ਅਤੇ ਥੀਸਿਜ਼ ਪ੍ਰਕਾਸ਼ਿਤ ਹੋਏ। ਮੇਰੀ ਜਾਚੇ ਉਹ ਇੱਕ ਅਜਿਹੇ ਆਧੁਨਿਕ ਸਾਹਿਤਕਾਰ ਹਨ, ਜਿਨ੍ਹਾਂ ਦੀਆਂ ਰਚਨਾਵਾਂ ਬਾਰੇ ਨਿਰੰਤਰ ਖੋਜ-ਕਾਰਜ ਜਾਰੀ ਹੈ। ਬਹੁਤੇ ਪਾਠਕਾਂ ਨੂੰ ਇਹ ਗੱਲ ਵੀ ਦਿਲਚਸਪ ਜਾਪੇਗੀ ਕਿ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਨਮੁਖ ਜੋ ਖ਼ੂਬਸੂਰਤ ਫੁੱਲ ਸਜਾਏ ਜਾਂਦੇ ਹਨ, ਉਹ ਅਜੇ ਵੀ ਭਾਈ ਵੀਰ ਸਿੰਘ ਦੇ ਘਰ ਦੀ ਫੁਲਵਾੜੀ ਵਿਚੋਂ ਆਉਂਦੇ ਹਨ।

ਆਪਣੇ ਸਮੇਂ ਦੇ ਬਹੁਤ ਸਾਰੇ ਵਿਦਵਾਨਾਂ ਨਾਲ ਉਨ੍ਹਾਂ ਦੇ ਸਾਹਿਤਕ ਸੰਬੰਧ ਸਨ। ਆਧੁਨਿਕ ਕਾਲ ਦੇ ਮੁੱਢਲੇ ਪੰਜਾਬੀ ਕਵੀਆਂ- ਮੌਲਾ ਬਖਸ਼ ਕੁਸ਼ਤਾ, ਚਰਨ ਸਿੰਘ ਸ਼ਹੀਦ, ਪ੍ਰੋ. ਪੂਰਨ ਸਿੰਘ, ਧਨੀ ਰਾਮ ਚਾਤ੍ਰਿਕ ਆਦਿ ਦੀ ਰਚਨਾਤਮਕ ਪ੍ਰਤਿਭਾ ਨੂੰ ਨਿਖਾਰਨ ਵਿਚ ਭਾਈ ਵੀਰ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਪ੍ਰੋ. ਪੂਰਨ ਸਿੰਘ ਨੇ ਇਸਨੂੰ ਸਵੀਕਾਰ ਕਰਦਿਆਂ ਲਿਖਿਆ ਹੈ, "ਉਸ ਸੁਭਾਗ ਘੜੀ ਗੁਰੂ ਜੀ ਦੇ ਦਰ ਤੇ ਇੱਕ ਮਹਾਂਪੁਰਖ (ਭਾਈ ਵੀਰ ਸਿੰਘ) ਦੇ ਦੀਦਾਰ ਹੋਏ। ਅਰ ਆਪਦੇ ਕਿਰਪਾ ਕਟਾਖਸ਼ ਨਾਲ ਪੰਜਾਬੀ ਸਾਹਿਤ ਦਾ ਸਾਰਾ ਬੋਧ ਤੇ ਗਿਆਨ ਦੀ ਉਡਾਰੀ ਆਈ। ਕਵਿਤਾ ਵੀ ਮਿਲੀ ਤੇ ਉਸ ਮਿਹਰ ਦੀ ਨਜ਼ਰ ਨਾਲ ਮਿੱਠੇ ਸਾਧ ਵਚਨ ਵਿਚ ਮੈਨੂੰ ਪੰਜਾਬੀ ਆਪ ਮੁਹਾਰੀ ਆਈ।"

ਭਾਈ ਸਾਹਿਬ ਦੀਆਂ ਕਵਿਤਾਵਾਂ ਦੇ ਵਿਸ਼ੇ ਸਰਬਾਂਗੀ ਹਨ, ਜਿਨ੍ਹਾਂ ਵਿਚ ਉਨ੍ਹਾਂ ਨੇ ਆਪਣੇ ਕਾਵਿ-ਸਿੱਧਾਂਤ ਨੂੰ ਸਪਸ਼ਟ ਕਰਨ ਦੇ ਨਾਲ-ਨਾਲ ਕਾਵਿ ਦਾ ਸਰੂਪ, ਸੁੰਦਰਤਾ, ਨੈਤਿਕ ਸਿਖਿਆ, ਨਿੱਜੀ ਭਾਵਾਂ ਦੀ ਅਭਿਵਿਅਕਤੀ, ਪ੍ਰਕ੍ਰਿਤੀ ਚਿੱਤਰਣ ਆਦਿ ਨੂੰ ਪ੍ਰਸਤੁਤ ਕੀਤਾ ਹੈ। ਉਨ੍ਹਾਂ ਨੂੰ ਛੋਟੀਆਂ ਕਵਿਤਾਵਾਂ ਦਾ ਵੱਡਾ ਕਵੀ ਅਤੇ ਗੁਰਮਤਿ ਦਾ ਵਿਆਖਿਆਕਾਰ ਕਵੀ ਹੋਣ ਦਾ ਮਾਣ ਪ੍ਰਾਪਤ ਹੈ। ਉਨ੍ਹਾਂ ਦੇ ਕਾਵਿ 'ਚੋਂ ਕੁਝ ਪੰਕਤੀਆ ਪਾਠਕਾਂ ਦੀ ਦਿਲਚਸਪੀ ਹਿਤ ਪੇਸ਼ ਹਨ

* ਵੈਰੀ ਨਾਗ ! ਤੇਰਾ ਪਹਿਲਾ ਝਲਕਾ, ਜਦ ਅੱਖੀਆਂ ਵਿਚ ਵਜਦਾ।
ਕੁਦਰਤ ਦੇ ਕਾਦਰ ਦਾ ਜਲਵਾ, ਲੈ ਲੈਂਦਾ ਇਕ ਸਿਜਦਾ।
* ਜਿੰਦ ਜੇ ਢਹਿੰਦੀ ਖੇੜਿਓਂ, ਢੈ ਪੈਂਦੀ ਦੇਹ ਨਾਲ।
ਖੇੜਾ ਜਿੰਦੜੀ ਇੱਕ ਹਨ, ਇਕ ਦੁਹਾਂ ਦੀ ਚਾਲ।
* ਰਹੀ ਵਾਸਤੇ ਘੱਤ, ਸਮੇਂ ਨੇ ਇਕ ਨਾ ਮੰਨੀ।
ਤ੍ਰਿਖੇ ਆਪਣੇ ਵੇਗ, ਗਿਆ ਟਪ ਬੰਨੇ ਬੰਨੀ।
* ਬੈਠ ਵੇ ਗਯਾਨੀ ! ਬੁੱਧੀ-ਮੰਡਲੇ ਦੀ ਕੈਦ ਵਿਚ
'ਵਲਵਲੇ ਦੇ ਦੇਸ਼' ਸਾਡੀਆਂ ਲੱਗ ਗਈਆਂ ਯਾਰੀਆਂ।
* ਸੁਪਨੇ ਵਿਚ ਤੁਸੀਂ ਮਿਲੇ ਅਸਾਨੂੰ, ਅਸਾਂ ਧਾ ਗਲਵੱਕੜੀ ਪਾਈ।
ਨਿਰਾ ਨੂਰ ਤੁਸੀਂ ਹੱਥ ਨਾ ਆਏ, ਸਾਡੀ ਕੰਬਦੀ ਰਹੀ ਕਲਾਈ।
* ਕਵਿਤਾ ਦੀ ਸੁੰਦਰਤਾਈ, ਉੱਚੇ ਨਛੱਤ੍ਰੀਂ ਵੱਸਦੀ।
ਆਪਣੇ ਸੰਗੀਤ ਲਹਿਰੇ, ਆਪਣੇ ਪ੍ਰਕਾਸ਼ ਲੱਸਦੀ।
*ਧੋਬੀ ਕੱਪੜੇ ਧੋਂਦਿਆ, ਵੀਰਾ ਹੋ ਹੁਸ਼ਿਆਰ !
ਪਿਛਲੇ ਪਾਸਯੋਂ ਆ ਰਿਹਾ, ਮੂੰਹ ਅੱਡੀ ਸੰਸਾਰ।

1949 ਵਿਚ ਉਨ੍ਹਾਂ ਨੂੰ ਪੰਜਾਬ ਯੂਨੀਵਰਸਿਟੀ ਵੱਲੋਂ 'ਡਾਕਟਰੇਟ' ਦੀ ਆਨਰੇਰੀ ਡਿਗਰੀ ਪ੍ਰਦਾਨ ਕੀਤੀ ਗਈ; ਆਜ਼ਾਦ ਭਾਰਤ ਦੀ ਸਥਾਪਨਾ ਪਿਛੋਂ ਪੰਜਾਬ ਦੇ ਰਾਜਪਾਲ ਨੇ ਉਨ੍ਹਾਂ ਨੂੰ ਪੰਜਾਬ ਵਿਧਾਨ ਪ੍ਰੀਸ਼ਦ ਦਾ ਮੈਂਬਰ ਨਾਮਜ਼ਦ ਕੀਤਾ; 1953 ਵਿਚ ਭਾਰਤੀ ਸਾਹਿਤ ਅਕਾਡਮੀ ਵੱਲੋਂ ਉਨ੍ਹਾਂ ਦੀ ਪੁਸਤਕ 'ਮੇਰੇ ਸਾਈਆਂ ਜੀਓ' ਨੂੰ ਪੁਰਸਕ੍ਰਿਤ ਕੀਤਾ ਗਿਆ, ਜੋ ਪੰਜਾਬੀ ਪੁਸਤਕ ਨੂੰ ਮਿਲਣ ਵਾਲਾ ਸਭ ਤੋਂ ਪਹਿਲਾ ਇਨਾਮ ਸੀ; 1954 ਵਿਚ ਸਿੱਖ ਵਿਦਿਅਕ ਕਾਨਫਰੰਸ ਬੰਬਈ ਵੱਲੋਂ ਉਨ੍ਹਾਂ ਨੂੰ 'ਅਭਿਨੰਦਨ ਗ੍ਰੰਥ' ਭੇਟਾ ਕੀਤਾ ਗਿਆ; 1956 ਵਿਚ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ 'ਪਦਮ ਵਿਭੂਸ਼ਣ' ਨਾਲ ਸਨਮਾਨਿਤ ਕੀਤਾ ਗਿਆ।1957 ਦੇ ਸ਼ੁਰੂ ਤੋਂ ਹੀ ਭਾਈ ਸਾਹਿਬ ਸਰੀਰਕ ਕਮਜ਼ੋਰੀ ਮਹਿਸੂਸ ਕਰਨ ਲੱਗ ਪਏ ਸਨ। ਪਹਿਲੀ ਜੂਨ ਨੂੰ ਹੋਏ ਬੁਖ਼ਾਰ ਕਰਕੇ 10 ਜੂਨ ਨੂੰ ਉਨ੍ਹਾਂ ਦਾ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਆਪਣੀ ਸ਼ਖਸੀਅਤ ਅਤੇ ਰਚਨਾਵਾਂ ਦਾ ਅਜਿਹਾ ਗੌਰਵ ਛੱਡ ਗਏ, ਜੋ ਯੁਗਾਂ ਤੱਕ ਆਉਣ ਵਾਲੀ ਮਾਨਵਤਾ ਦਾ ਪਥ-ਪ੍ਰਦਰਸ਼ਨ ਕਰਦਾ ਰਹੇਗਾ !



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148




## ਗੁਰਦੁਆਰਾ ਸਾਹਿਬ ਸੈਨ ਹੋਜ਼ੇ

# ਜੂਨ 2026 ਦੇ ਵਿਸ਼ੇਸ਼ ਧਾਰਮਿਕ ਸਮਾਗਮ

**JUNE 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ ਕਰਵਾਇਆ ਜਾ ਰਿਹਾ ਵਿਸ਼ਾਲ ਗੁਰਮਿਤ ਸਮਾਗਮ**




ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ
1 ਜੂਨ ਤੋਂ 7 ਜੂਨ 2026 ਵਿਸ਼ੇਸ਼ ਕਥਾ ਅਤੇ ਗੁਰਬਾਣੀ ਕੀਰਤਨ ਸਮਾਗਮ




ਸੰਤ ਬਾਬਾ ਜਰਨੈਲ ਸਿੰਘ ਜੀ ਭਿੰਡਰਾਂਵਾਲਿਆਂ ਜੀ
ਦਾ ਜਨਮ ਦਿਹਾੜਾ 2 ਜੂਨ 2026




**4th Annual Sikh Heritage Night**
18 ਜੂਨ 2026 | ਸ਼ਾਮ 6:30 ਵਜੇ




ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੀ
ਸ਼ਹਾਦਤ ਨੂੰ ਸਮਰਪਿਤ ਸੰਗਤ ਰੂਪੀ ਸੁਖਮਨੀ ਸਾਹਿਬ ਪਾਠ
16 ਜੂਨ ਤੋਂ 20 ਜੂਨ ਸ਼ਾਮ 7:30 ਤੋਂ 8:45 ਵਜੇ ਤੱਕ
ਸ਼ਹੀਦੀ ਕਾਨਫਰੰਸ 21 ਜੂਨ 2026 (ਐਤਵਾਰ)




28 ਜੂਨ ਨੂੰ ਭਾਈ ਸਾਹਿਬ
Dr. Alankar Singh ਜੀ ਵਲੋਂ
ਸਵੇਰੇ 11:20 ਤੋਂ ਦੁਪਹਿਰ 12:20 ਵਜੇ ਤੱਕ
ਗੁਰਬਾਣੀ ਕੀਰਤਨ ਕੀਤਾ ਜਾਵੇਗਾ |




ਲੜਕੇ ਅਤੇ ਲੜਕੀਆਂ ਲਈ
**Basketball Camp 2026**
27 ਮਈ ਤੋਂ 18 ਜੁਲਾਈ ਤੱਕ

**ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ**
**26 ਜੂਨ ਤੋਂ 28 ਜੂਨ 2026 ਸਾਲਾਨਾ ਜੋੜ ਮੇਲਾ**




Address : 3636 Gurdwara Ave, San Jose, CA, 95148 | www.sanjosegurdwara.com | (408) 274-9373

# ਕੈਨੇਡਾ 'ਚ ਛੋਟੀ ਜਿਹੀ ਲਾਪ੍ਰਵਾਹੀ ਨਾਲ ਪੀ.ਆਰ ਤੋਂ ਧੋਣੇ ਪੈ ਸਕਦੇ ਹੱਥ

ਓਟਵਾ
ਸਾਂਝੀ ਸੋਚ ਬਿਊਰੋ

ਕੈਨੇਡਾ ਵਿਚ ਸਥਾਈ ਨਿਵਾਸ (ਪੀ.ਆਰ.) ਪ੍ਰਾਪਤ ਕਰਨਾ ਦੁਨੀਆਂ ਭਰ ਦੇ ਲੋਕਾਂ, ਖਾਸ ਕਰਕੇ ਭਾਰਤੀਆਂ ਲਈ ਇੱਕ ਵੱਡਾ ਸੁਪਨਾ ਹੈ। ਪੀ.ਆਰ. ਵਿਅਕਤੀਆਂ ਨੂੰ ਕੈਨੇਡਾ ਵਿਚ ਰਹਿਣ, ਕੰਮ ਕਰਨ ਅਤੇ ਪੜ੍ਹਾਈ ਕਰਨ ਦਾ ਅਧਿਕਾਰ ਦਿੰਦਾ ਹੈ। ਹਾਲਾਂਕਿ ਬਹੁਤ ਸਾਰੇ ਲੋਕ ਮੰਨਦੇ ਹਨ ਕਿ ਇੱਕ ਵਾਰ ਜਦੋਂ ਉਹ ਪੀ.ਆਰ. ਪ੍ਰਾਪਤ ਕਰ ਲੈਂਦੇ ਹਨ, ਤਾਂ ਉਨ੍ਹਾਂ ਦਾ ਦਰਜਾ ਸੁਰੱਖਿਅਤ ਹੋ ਜਾਵੇਗਾ। ਦਰਅਸਲ ਪੀ.ਆਰ. ਬਣਾਈ ਰੱਖਣ ਲਈ ਕੈਨੇਡੀਅਨ ਇਮੀਗ੍ਰੇਸ਼ਨ ਨਿਯਮਾਂ ਦੀ ਪਾਲਣਾ ਦੀ ਲੋੜ ਹੁੰਦੀ ਹੈ।

ਕੈਨੇਡਾ ਦੀ ਇਮੀਗ੍ਰੇਸ਼ਨ ਏਜੰਸੀ, ਆਈ.ਆਰ.ਸੀ.ਸੀ. (ਇਮੀਗ੍ਰੇਸ਼ਨ, ਸ਼ਰਨਾਰਥੀ ਅਤੇ ਨਾਗਰਿਕਤਾ ਕੈਨੇਡਾ) ਦੇ ਅਨੁਸਾਰ ਹਰੇਕ ਪੀ.ਆਰ. ਧਾਰਕ ਨੂੰ ਹਰ ਪੰਜ ਸਾਲਾਂ ਵਿਚ ਘੱਟੋ-ਘੱਟ 730 ਦਿਨ ਮਤਲਬ ਦੋ ਸਾਲ, ਕੈਨੇਡਾ ਵਿੱਚ ਸਰੀਰਕ ਤੌਰ 'ਤੇ ਮੌਜੂਦ ਹੋਣਾ ਚਾਹੀਦਾ ਹੈ। ਇਸ ਲੋੜ ਨੂੰ ਪੂਰਾ ਕਰਨ ਵਿਚ ਅਸਫਲ ਰਹਿਣ ਨਾਲ ਉਨ੍ਹਾਂ ਦੀ ਪੀ.ਆਰ. ਸਥਿਤੀ ਖ਼ਤਰੇ ਵਿਚ ਪੈ ਸਕਦੀ ਹੈ।

ਬਹੁਤ ਸਾਰੇ ਲੋਕ ਪੀ.ਆਰ. ਪ੍ਰਾਪਤ ਕਰਨ ਤੋਂ ਬਾਅਦ ਕੰਮ, ਕਾਰੋਬਾਰ, ਜਾਂ ਪਰਿਵਾਰਕ ਕਾਰਨਾਂ ਕਰਕੇ ਭਾਰਤ ਜਾਂ ਹੋਰ ਦੇਸ਼ਾਂ ਵਿਚ ਲੰਬੇ ਸਮੇਂ ਲਈ ਰਹਿਣਾ ਸ਼ੁਰੂ ਕਰ ਦਿੰਦੇ ਹਨ। ਪੰਜ ਸਾਲਾਂ ਵਿਚ 730 ਦਿਨਾਂ ਦੀ ਸਰੀਰਕ ਮੌਜੂਦਗੀ ਨੂੰ ਪੂਰਾ ਕਰਨ ਵਿਚ ਅਸਫਲ ਰਹਿਣ ਨਾਲ ਉਨ੍ਹਾਂ ਦਾ ਪੀ.ਆਰ. ਸਟੇਟਸ ਪ੍ਰਭਾਵਿਤ ਹੋ ਸਕਦਾ ਹੈ।

ਕੁਝ ਲੋਕ ਮੰਨਦੇ ਹਨ ਕਿ ਵਿਦੇਸ਼ ਵਿਚ ਬਿਤਾਏ ਸਾਰੇ ਸਮੇਂ ਨੂੰ ਰਿਹਾਇਸ਼ੀ ਸ਼ਰਤਾਂ ਵਿਚ ਸ਼ਾਮਲ ਕੀਤਾ ਜਾਵੇਗਾ। ਹਾਲਾਂਕਿ ਇਹ ਸਿਰਫ਼ ਖਾਸ ਹਾਲਾਤ ਵਿਚ ਹੀ ਸੰਭਵ ਹੈ, ਜਿਵੇਂ ਕਿ ਕੈਨੇਡੀਅਨ ਨਾਗਰਿਕ ਜੀਵਨ ਸਾਥੀ ਨਾਲ ਵਿਦੇਸ਼ ਵਿਚ ਰਹਿਣਾ ਜਾਂ ਕਿਸੇ ਕੈਨੇਡੀਅਨ ਕੰਪਨੀ ਲਈ ਵਿਦੇਸ਼ ਵਿਚ ਕੰਮ ਕਰਨਾ।




ਪਾਸਪੋਰਟ ਸਟੈਂਪ, ਫਲਾਈਟ ਰਿਕਾਰਡ, ਕਿਰਾਏ ਦੇ ਸਮਝੌਤੇ, ਰੁਜ਼ਗਾਰ ਦਸਤਾਵੇਜ਼, ਟੈਕਸ ਰਿਕਾਰਡ ਅਤੇ ਬੈਂਕ ਸਟੇਟਮੈਂਟਾਂ ਵਰਗੇ ਸਬੂਤਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜ਼ਰੂਰੀ ਹੈ। ਲੋੜ ਪੈਣ 'ਤੇ ਆਈ.ਆਰ.ਸੀ.ਸੀ. ਤੁਹਾਡੇ ਤੋਂ ਇਨ੍ਹਾਂ ਦੀ ਮੰਗ ਕਰ ਸਕਦਾ ਹੈ।

ਬਹੁਤ ਸਾਰੇ ਲੋਕ ਘੱਟੋ-ਘੱਟ ਸੀਮਾ 'ਤੇ ਪਹੁੰਚਣ ਤੋਂ ਬਾਅਦ ਬੇਫਿਕਰ ਹੋ ਜਾਂਦੇ ਹਨ। ਹਾਲਾਂਕਿ ਜੇਕਰ ਕਿਸੇ ਅਣਕਿਆਸੇ ਕਾਰਨ ਕਰਕੇ ਉਨ੍ਹਾਂ ਦੀ ਵਾਪਸੀ ਵਿਚ ਦੇਰੀ ਹੁੰਦੀ ਹੈ, ਤਾਂ ਉਹ ਲੋੜੀਂਦੀ ਸੀਮਾ ਤੋਂ ਹੇਠਾਂ ਆ ਸਕਦੇ ਹਨ।

ਜੇਕਰ ਤੁਹਾਡੇ ਪੀ.ਆਰ. ਕਾਰਡ ਦੀ ਮਿਆਦ ਪੁੱਗ ਗਈ ਹੈ ਅਤੇ ਤੁਸੀਂ ਕੈਨੇਡਾ ਤੋਂ ਬਾਹਰ ਹੋ, ਤਾਂ ਵਾਪਸੀ ਲਈ ਇੱਕ ਸਥਾਈ ਨਿਵਾਸੀ ਯਾਤਰਾ ਦਸਤਾਵੇਜ਼ (ਪੀ.ਆਰ.ਟੀ.ਡੀ.) ਦੀ ਲੋੜ ਹੁੰਦੀ ਹੈ। ਲੋੜੀਂਦਾ ਸਬੂਤ ਪ੍ਰਦਾਨ ਕਰਨ ਵਿਚ ਅਸਫਲ ਰਹਿਣ ਦੇ ਨਤੀਜੇ ਵਜੋਂ ਅਰਜ਼ੀ ਰੱਦ ਕੀਤੀ ਜਾ ਸਕਦੀ ਹੈ।

ਜੇਕਰ ਆਈ.ਆਰ.ਸੀ.ਸੀ. ਤੁਹਾਡੀ ਰਿਹਾਇਸ਼ੀ ਸਥਿਤੀ ਦੀ ਸਮੀਖਿਆ ਕਰ ਰਿਹਾ ਹੈ, ਤਾਂ ਸਮੇਂ ਸਿਰ ਜਵਾਬ ਦੇਣਾ ਜ਼ਰੂਰੀ ਹੈ। ਲਾਪ੍ਰਵਾਹੀ ਪੀ.ਆਰ. ਸਥਿਤੀ ਗੁਆਉਣ ਦੇ ਜ਼ੋਖਮ ਨੂੰ ਵਧਾ ਸਕਦੀ ਹੈ।

ਪੀ.ਆਰ. ਕਾਰਡ ਨਵੀਨੀਕਰਨ, ਪੀ.ਆਰ.ਟੀ.ਡੀ., ਜਾਂ ਨਾਗਰਿਕਤਾ ਅਰਜ਼ੀਆਂ ਵਿਚ ਪ੍ਰਦਾਨ ਕੀਤੀ ਗਈ ਯਾਤਰਾ ਜਾਣਕਾਰੀ ਹਮੇਸ਼ਾਂ ਸਹੀ ਅਤੇ ਇਕਸਾਰ ਹੋਣੀ ਚਾਹੀਦੀ ਹੈ। ਗਲਤ ਜਾਣਕਾਰੀ ਨੂੰ ਗਲਤ ਪੇਸ਼ਕਾਰੀ ਮੰਨਿਆ ਜਾ ਸਕਦਾ ਹੈ।

ਪੀ.ਆਰ. ਬਣਾਈ ਰੱਖਣ ਲਈ ਪੰਜ ਸਾਲਾਂ ਵਿਚ 730 ਦਿਨ ਦੀ ਲੋੜ ਹੁੰਦੀ ਹੈ, ਜਦੋਂ ਕਿ ਕੈਨੇਡੀਅਨ ਨਾਗਰਿਕਤਾ ਲਈ ਪਿਛਲੇ ਪੰਜ ਸਾਲਾਂ ਵਿਚ ਘੱਟੋ-ਘੱਟ 1,095 ਦਿਨ ਸਰੀਰਕ ਮੌਜੂਦਗੀ ਦੀ ਲੋੜ ਹੁੰਦੀ ਹੈ।

ਪੀ.ਆਰ. ਕਾਰਡ ਦੀ ਮਿਆਦ ਪੁੱਗਣ ਦਾ ਮਤਲਬ ਇਹ ਨਹੀਂ ਹੈ ਕਿ ਤੁਹਾਡੀ ਪੀ.ਆਰ. ਸਥਿਤੀ ਦੀ ਵੀ ਮਿਆਦ ਪੁੱਗੀ ਹੈ। ਪੀ.ਆਰ. ਕਾਰਡ ਸਿਰਫ਼ ਇੱਕ ਪਛਾਣ ਅਤੇ ਯਾਤਰਾ ਦਸਤਾਵੇਜ਼ ਹੈ। ਹਾਲਾਂਕਿ ਕਾਰਡ ਦੀ ਮਿਆਦ ਪੁੱਗਣ ਨਾਲ ਤੁਹਾਡੀ ਕੈਨੇਡਾ ਵਾਪਸੀ ਗੁੰਝਲਦਾਰ ਹੋ ਸਕਦੀ ਹੈ ਅਤੇ ਵਿਦੇਸ਼ ਵਿਚ ਪੀ.ਆਰ.ਟੀ.ਡੀ. ਦੀ ਲੋੜ ਹੋ ਸਕਦੀ ਹੈ।

ਮਾਹਿਰਾਂ ਅਨੁਸਾਰ ਸਾਰੇ ਪੀ.ਆਰ. ਧਾਰਕਾਂ ਨੂੰ ਆਪਣਾ ਯਾਤਰਾ ਰਿਕਾਰਡ ਵਿਵਸਥਿਤ ਰੱਖਣਾ ਚਾਹੀਦਾ ਹੈ, ਕੈਨੇਡਾ ਵਿਚ ਆਪਣੇ ਠਹਿਰਨ ਅਤੇ ਕੰਮ ਨਾਲ ਸਬੰਧਤ ਦਸਤਾਵੇਜ਼ਾਂ ਨੂੰ ਸੁਰੱਖਿਅਤ ਰੱਖਣਾ ਚਾਹੀਦਾ ਹੈ, ਆਪਣੇ ਪੀ.ਆਰ. ਕਾਰਡਾਂ ਨੂੰ ਸਮੇਂ ਸਿਰ ਰੀਨਿਊ ਕਰਨਾ ਚਾਹੀਦਾ ਹੈ, ਅਤੇ ਆਈ.ਆਰ.ਸੀ.ਸੀ. ਤੋਂ ਕਿਸੇ ਵੀ ਈਮੇਲ ਜਾਂ ਨੋਟਿਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਇੱਕ ਛੋਟੀ ਜਿਹੀ ਲਾਪ੍ਰਵਾਹੀ ਸਾਲਾਂ ਦੀ ਸਖ਼ਤ ਮਿਹਨਤ ਅਤੇ ਕੈਨੇਡਾ ਵਿਚ ਬਣੇ ਭਵਿੱਖ ਨੂੰ ਖਤਰੇ ਵਿਚ ਪਾ ਸਕਦੀ ਹੈ। ਇਸ ਲਈ ਪੀ.ਆਰ. ਪ੍ਰਾਪਤ ਕਰਨ ਤੋਂ ਬਾਅਦ ਵੀ ਨਿਯਮਾਂ ਨੂੰ ਜਾਣਨਾ ਅਤੇ ਪਾਲਣਾ ਕਰਨਾ ਓਨਾ ਹੀ ਮਹੱਤਵਪੂਰਨ ਹੈ, ਜਿੰਨਾ ਇਸਨੂੰ ਪ੍ਰਾਪਤ ਕਰਨਾ।

# ਈਡੀ ਦੀ ਰੇਡ ਕਰਵਾ ਕੇ ਪੰਜਾਬ ਦੇ ਹਿੰਦੂ ਵਪਾਰੀਆਂ ਨੂੰ ਤੰਗ ਕਰ ਰਹੀ ਹੈ ਈਡੀ ਪਾਰਟੀ- ਕੇਜਰੀਵਾਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਹਿੰਦੂ ਵਪਾਰੀਆਂ ਦੇ ਇੱਥੇ ਮੰਗਲਵਾਰ ਨੂੰ ਇੱਕ ਵਾਰ ਫਿਰ ਈਡੀ ਦੀ ਰੇਡ ਪੈਣ 'ਤੇ ਆਮ ਆਦਮੀ ਪਾਰਟੀ ਅਤੇ ਉਸਦੀ ਪੰਜਾਬ ਸਰਕਾਰ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਪੰਜਾਬ ਸਰਕਾਰ ਨੇ ਵਪਾਰੀਆਂ ਨੂੰ ਪੰਜਾਬ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਉਨ੍ਹਾਂ ਦੇ ਨਾਲ ਖੜ੍ਹੇ ਹੋਣ ਦੀ ਗੱਲ ਕਹੀ ਹੈ। ਦੂਜੇ ਪਾਸੇ, 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕੇਂਦਰ ਦੀ ਸੱਤਾ ਵਿੱਚ ਬੈਠੀ ਭਾਜਪਾ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਈਡੀ ਪਾਰਟੀ ਪੰਜਾਬ ਦੇ ਹਿੰਦੂ ਵਪਾਰੀਆਂ 'ਤੇ ਈਡੀ ਦੀ ਰੇਡ ਕਰਵਾ ਕੇ ਉਨ੍ਹਾਂ ਨੂੰ ਤੰਗ ਕਰ ਰਹੀ ਹੈ। ਉਨ੍ਹਾਂ ਸਾਰੇ ਵਪਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਈ ਵੀ ਵਪਾਰੀ ਘਬਰਾਏ ਨਾ, ਪੂਰਾ ਪੰਜਾਬ ਤੁਹਾਡੇ ਨਾਲ ਖੜ੍ਹਾ ਹੈ। ਅਸੀਂ ਸਭ ਮਿਲ ਕੇ ਈਡੀ ਪਾਰਟੀ ਦਾ ਮੁਕਾਬਲਾ ਕਰਾਂਗੇ।

ਅਰਵਿੰਦ ਕੇਜਰੀਵਾਲ ਨੇ ਐਕਸ 'ਤੇ ਕਿਹਾ ਕਿ ਈਡੀ ਪਾਰਟੀ ਮੰਗਲਵਾਰ ਨੂੰ ਇੱਕ ਵਾਰ ਫਿਰ ਪੰਜਾਬ ਦੇ ਹਿੰਦੂ ਵਪਾਰੀਆਂ 'ਤੇ ਈਡੀ ਦੀ ਰੇਡ ਕਰ ਰਹੀ ਹੈ। ਈਡੀ ਪਾਰਟੀ ਪੰਜਾਬ ਦੇ ਛੋਟੇ-ਛੋਟੇ ਹਿੰਦੂ ਵਪਾਰੀਆਂ ਨੂੰ ਤੰਗ ਕਰ ਰਹੀ ਹੈ। ਮੇਰੀ ਸਾਰੇ ਵਪਾਰੀਆਂ ਨੂੰ ਅਪੀਲ ਹੈ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਪੂਰਾ ਪੰਜਾਬ ਅਤੇ ਪੰਜਾਬ ਸਰਕਾਰ ਤੁਹਾਡੇ ਨਾਲ ਹੈ। ਅਸੀਂ ਸਭ ਮਿਲ ਕੇ ਈਡੀ ਪਾਰਟੀ ਦਾ ਮੁਕਾਬਲਾ ਕਰਾਂਗੇ।

ਅਰਵਿੰਦ ਕੇਜਰੀਵਾਲ ਨੇ ਅਕਾਲੀ ਦਲ ਅਤੇ ਭਾਜਪਾ ਵਿਚਾਲੇ ਗਠਜੋੜ ਨੂੰ ਲੈ ਕੇ ਚੱਲ ਰਹੀ ਚਰਚਾ 'ਤੇ ਕਿਹਾ ਕਿ ਸੁਣਿਆ ਹੈ ਕਿ ਈਡੀ ਪਾਰਟੀ ਪੰਜਾਬ ਦੀ ਬੇਅਦਬੀ ਪਾਰਟੀ/ਚਿੱਟਾ ਪਾਰਟੀ ਨਾਲ ਗਠਜੋੜ ਕਰਨ ਲਈ ਬਹੁਤ



ਬੇਚੈਨ ਹੈ, ਪਰ ਬੇਅਦਬੀ ਪਾਰਟੀ/ਚਿੱਟਾ ਪਾਰਟੀ ਉਨ੍ਹਾਂ ਨੂੰ ਘਾਹ ਨਹੀਂ ਪਾ ਰਹੀ ਹੈ।ਦੂਜੇ ਪਾਸੇ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਈਡੀ ਦੀ ਰੇਡ 'ਤੇ ਕਿਹਾ ਕਿ ਪੰਜਾਬ ਦੇ ਹਿੰਦੂ ਵਪਾਰੀ ਸਾਡੇ ਸੂਬੇ ਦੇ ਆਰਥਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਹਨ ਅਤੇ 'ਰੰਗਲਾ ਪੰਜਾਬ' ਬਣਾਉਣ ਵਿੱਚ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ। ਈਡੀ ਪਾਰਟੀ ਸੈਂਟਰਲ ਏਜੰਸੀਆਂ ਦੀ ਗਲਤ ਵਰਤੋਂ ਕਰਕੇ ਸਾਡੇ ਵਪਾਰੀਆਂ ਨੂੰ ਪਰੇਸ਼ਾਨ ਕਰਨਾ ਚਾਹੁੰਦੀ ਹੈ। ਅਜਿਹਾ ਕਰਕੇ ਉਹ ਸਿਆਸੀ ਦਬਾਅ ਪਾ ਕੇ ਉਨ੍ਹਾਂ ਨੂੰ ਆਪਣੇ ਨਾਲ ਮਿਲਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਿਸ ਨੂੰ ਪੰਜਾਬੀ ਬਿਲਕੁਲ ਬਰਦਾਸ਼ਤ ਨਹੀਂ ਕਰਨਗੇ। ਅਸੀਂ ਆਪਣੇ ਵਪਾਰੀਆਂ ਦੇ ਨਾਲ ਖੜ੍ਹੇ ਹਾਂ।ਉੱਥੇ ਹੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਕਿ ਵਪਾਰੀਆਂ ਨੂੰ ਈਡੀ ਰੇਡ ਨਾਲ ਬਰਬਾਦ ਕਰ ਦਿੱਤਾ ਅਤੇ ਨੌਜਵਾਨਾਂ ਨੂੰ ਪ੍ਰੀਖਿਆ ਘੁਟਾਲਿਆਂ ਨਾਲ, ਮੋਦੀ ਜੀ ਤੁਸੀਂ ਮਹਾਨ ਹੋ। ਪਰ ਦੇਸ਼ ਨੂੰ ਇਨੋਵੇਸ਼ਨ ਇਕਾਨਮੀ ਚਾਹੀਦੀ ਹੈ, ਈਡੀ ਇਕਾਨਮੀ ਨਹੀਂ। ਲੱਛੇਦਾਰ ਭਾਸ਼ਣਾਂ ਅਤੇ ਮੀਡੀਆ ਮੈਨੇਜਮੈਂਟ ਨਾਲ ਆਰਥਿਕਤਾ ਦਾ ਸੱਚ ਜ਼ਿਆਦਾ ਦਿਨ ਤੱਕ ਨਹੀਂ ਛੁਪ ਸਕਦਾ।ਮਨੀਸ਼ ਸਿਸੋਦੀਆ ਨੇ ਕਿਹਾ ਕਿ 26 ਸਾਲਾਂ ਵਿੱਚ ਪਹਿਲੀ ਵਾਰ ਐਮਐਸਸੀਆਈ ਇਮਰਜਿੰਗ ਮਾਰਕੀਟਸ ਇੰਡੈਕਸ ਦੀਆਂ ਟੌਪ 10 ਕੰਪਨੀਆਂ ਵਿੱਚੋਂ ਭਾਰਤ ਦੀਆਂ ਕੰਪਨੀਆਂ ਬਾਹਰ ਹੋ ਗਈਆਂ ਹਨ। ਐਮਐਸਸੀਆਈ ਇਮਰਜਿੰਗ ਮਾਰਕੀਟਸ ਇੰਡੈਕਸ ਦੁਨੀਆ ਦੇ ਸਭ ਤੋਂ ਵੱਡੇ ਨਿਵੇਸ਼ ਸੂਚਕਾਂਕਾਂ ਵਿੱਚੋਂ ਇੱਕ ਹੈ।

ਦੁਨੀਆ ਭਰ ਦੇ ਸੈਂਕੜੇ ਅਰਬ ਡਾਲਰ ਦੇ ਫੰਡ ਇਸੇ ਇੰਡੈਕਸ ਨੂੰ ਦੇਖ ਕੇ ਨਿਵੇਸ਼ ਕਰਦੇ ਹਨ। ਅਤੇ ਦੁਨੀਆ ਦਾ ਪੈਸਾ ਕਿੱਥੇ ਜਾ ਰਿਹਾ ਹੈ- ਏਆਈ, ਸੈਮੀਕੰਡਕਟਰਸ, ਫਿਊਚਰ ਟੈਕਨਾਲੋਜੀ, ਟੀਐਸਐਮਸੀ, ਐਸਕੇ ਹਾਈਨਿਕਸ ਅਤੇ ਮੀਡੀਆ ਟੈਕ ਵਰਗੀਆਂ ਕੰਪਨੀਆਂ ਅੱਗੇ ਵਧ ਰਹੀਆਂ ਹਨ।ਪਰ ਭਾਰਤ ਵਿੱਚ ਨਵੀਂ ਸੋਚ ਨਵੀਂ ਤਕਨੀਕ ਅਤੇ ਨਵੇਂ ਉੱਦਮਾਂ ਨੂੰ ਉਤਸ਼ਾਹਿਤ ਕਰਨ ਦੀ ਬਜਾਏ ਇੱਕ ਵੱਖਰਾ ਹੀ ਮਾਡਲ ਚੱਲ ਰਿਹਾ ਹੈ। ਜੋ ਵੀ ਕੰਪਨੀ ਅੱਗੇ ਵਧਦੀ ਹੈ, ਉਸਦੇ ਇੱਥੇ ਪਹਿਲਾਂ ਈਡੀ ਦੀ ਰੇਡ ਕਰਵਾਓ, ਫਿਰ ਪਾਰਟੀ ਲਈ ਚੰਦਾ ਵਸੂਲੋ। ਨਤੀਜਾ ਨਿਵੇਸ਼ ਘਟ ਰਿਹਾ ਹੈ। ਨਵੀਆਂ ਨੌਕਰੀਆਂ ਘੱਟ ਪੈਦਾ ਹੋ ਰਹੀਆਂ ਹਨ। ਚੰਗੀ ਸੈਲਰੀ ਵਾਲੀਆਂ ਨੌਕਰੀਆਂ ਦੇ ਮੌਕੇ ਸਿਮਟ ਰਹੇ ਹਨ।

# ਹੋਰਮੁਜ਼ ਨੇੜੇ ਅਮਰੀਕੀ ਫੌਜ ਦਾ ਹੈਲੀਕਾਪਟਰ ਕ੍ਰੈਸ਼

ਤਹਿਰਾਨ
ਸਾਂਝੀ ਸੋਚ ਬਿਊਰੋ

ਸੋਮਵਾਰ ਨੂੰ ਹੋਰਮੁਜ਼ ਜਲਡਮਰੂ ਦੇ ਨੇੜੇ ਅਮਰੀਕੀ ਫੌਜ ਦਾ ਇੱਕ ਅਪਾਚੇ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ। ਨਿਊਯਾਰਕ ਟਾਈਮਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਜਹਾਜ਼ ਵਿੱਚ ਸਵਾਰ ਦੋਵੇਂ ਪਾਇਲਟਾਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਨਿਊਯਾਰਕ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇਸ ਘਟਨਾ ਦੀ ਪੁਸ਼ਟੀ ਕੀਤੀ। ਟਰੰਪ ਨੇ ਕਿਹਾ ਕਿ ਜਹਾਜ਼ ਵਿੱਚ ਸਵਾਰ ਦੋਵੇਂ ਪਾਇਲਟ ਸੁਰੱਖਿਅਤ ਹਨ ਅਤੇ ਕੋਈ ਵੀ ਜ਼ਖ਼ਮੀ ਨਹੀਂ ਹੋਇਆ ਹੈ। ਫਿਲਹਾਲ ਇਹ ਸਪੱਸ਼ਟ ਨਹੀਂ ਹੈ ਕਿ ਹੈਲੀਕਾਪਟਰ ਤਕਨੀਕੀ ਖਰਾਬੀ ਕਾਰਨ ਹਾਦਸਾਗ੍ਰਸਤ ਹੋਇਆ ਹੈ ਜਾਂ ਕਿਸੇ ਹਮਲੇ ਦਾ ਸ਼ਿਕਾਰ ਹੋਇਆ ਹੈ। ਅਮਰੀਕੀ ਫੌਜੀ ਅਧਿਕਾਰੀਆਂ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਅਮਰੀਕੀ ਫੌਜ ਅਪਾਚੇ ਹੈਲੀਕਾਪਟਰਾਂ,ਐਮਕਿਊ-9 ਰੀਪਰ ਡਰੋਨ, ਐਫ/ਏ-18 ਅਤੇ ਐਫ-35 ਲੜਾਕੂ ਜਹਾਜ਼ਾਂ ਦੀ ਵਰਤੋਂ ਕਰਕੇ ਹੋਰਮੁਜ਼ ਜਲਡਮਰੂ ਵਿੱਚ ਸੁਰੱਖਿਆ ਕਾਰਵਾਈਆਂ ਕਰ ਰਹੀ ਹੈ।



**ਡਰਾਈਵਰ ਦੀ ਜ਼ਿੰਦਗੀ ਦੇ 2 ਸਭ ਤੋਂ ਵੱਡੇ ਦੁਸ਼ਮਣ ਕੌਣ?**
**ਕਾਗਜ਼ ਤੇ ਘਾਣ ਦਾ ਇਨਵੌਇਸ!**



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

### ਕਾਗਜ਼ ਸੰਭਾਲੋ
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

### ਇਨਵੌਇਸ ਬਣਾਓ
INVOICE $
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

### ਕਮਾਈ ਵਧਾਓ
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

**ਅੱਜ ਹੀ ਸ਼ੁਰੂ ਕਰੋ!**

**3 ਦਿਨ ਦਾ ਮੁਫ਼ਤ TRIAL ਮਿਲੇਗਾ!**

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

**TRAKI**
ਡਰਾਈਵਰ ਦਾ ਅਸਲੀ ਯਾਰ.


SAN MARCO TEEYAN BAY POINT
PROUDLY PRESENTS ( NON PROFIT)
9TH ANNUAL WOMEN'S FESTIWAL
FETURING : GIDHA, DANCE, SKITS, SONGS, LIVE DJ AND MUCH MORE
San Marco Teeyan
ON SUNDAY JULY 12TH 2026
AMBROSE COMMUNITY CENTER 12 PM TO 6 PM
3105 WILLOW PASS RD , BAY POINT CA 94565
Host
PREETO SAWHNEY
JEWELRY AND CLOTHING STALLS
RAFFLE DRAWING FOR GOLD ITEMS AND MORE PRIZES
Free Entry
Free Parking
PHOTO & VIDEOGRAPHY BY
PAL FILMS PRODUCTION
341 356 1517
GRAND SPONSOR
CHINNA JEWELERS
FOR MORE INFO & PARTICIPATION CALL
SONIA WALIA 925-565-6058
PARAMJIT NOKWAL 925-323-2523
HARPREET SUTTI 925-464-3414
FOOD BY
DOSA PLACE


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਵਾਇਸ ਚਾਂਸਲਰ ਡਾ. ਸੂਦ ਦੇ ਕਾਰਜਕਾਲ 'ਚ ਵਾਧਾ ਕੀਤਾ ਜਾਵੇ: ਢੋਸੀਵਾਲ

ਫਰੀਦਕੋਟ
ਸ਼ਿਵਨਾਥ ਦਰਦੀ

ਮਾਲਵਾ ਖੇਤਰ ਦੀ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਸਮੁੱਚੇ ਪੰਜਾਬ ਵਿੱਚ ਸਿਹਤ ਸੇਵਾਵਾਂ ਅਤੇ ਮੀਕਲ ਸਿੱਖਿਆ ਦਾ ਪ੍ਰਚਾਰ ਪ੍ਰਸਾਰ ਕਰ ਰਹੀ ਹੈ। ਯੂਨੀਵਰਸਿਟੀ ਦੇ ਸਭ ਤੋਂ ਵੱਡੇ ਅਧਿਕਾਰੀ ਵਾਇਸ ਚਾਂਸਲਰ ਦੀ ਨਿਯੁਕਤੀ ਸਰਕਾਰ ਵੱਲੋਂ ਤਿੰਨ ਸਾਲ ਲਈ ਕੀਤੀ ਜਾਂਦੀ ਹੈ। ਕਰੀਬ ਤਿੰਨ ਕੁ ਸਾਲ ਪਹਿਲਾਂ ਅੰਤਰ ਰਾਸ਼ਟਰੀ ਪ੍ਰਸਿਧੀ ਪ੍ਰਾਪਤ ਯੂਰੋਲੋਜਿਸਟ ਡਾ. ਰਾਜੀਵ ਸੂਦ ਦੀ ਪ੍ਰਬੰਧਕੀ ਕਾਰਜਕੁਸ਼ਲਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਸਰਕਾਰ ਵੱਲੋਂ ਵਾਇਸ ਚਾਂਸਲਰ ਨਿਯੁਕਤ ਕੀਤਾ ਸੀ। ਡਾ. ਸੂਦ ਨੇ ਆਪਣਾ ਅਹੁਦਾ ਸੰਭਾਲਦਿਆਂ ਹੀ ਯੂਨੀਵਰਸਿਟੀ ਨੂੰ ਉੱਚਾ ਚੁੱਕਣ ਦੇ ਉਪਰਾਲੇ ਸ਼ੁਰੂ ਕਰ ਦਿੱਤੇ ਸਨ। ਕਰਮਚਾਰੀਆਂ ਦੇ ਪੈਂਡਿੰਗ ਮਾਮਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਸ਼ੁਰੂ ਕਰ ਦਿੱਤਾ। ਨਵੀਆਂ ਨਿਯੁਕਤੀਆਂ ਅਤੇ ਤਰੱਕੀਆਂ ਕੀਤੀਆਂ ਗਈਆਂ। ਅਦਾਲਤੀ ਕੇਸਾਂ ਨੂੰ ਘੱਟ ਕਰਨ ਦੇ ਮੰਤਵ ਨਾਲ ਇਹਨਾਂ ਨੇ ਮੁਲਾਜ਼ਮ ਪੱਖੀ ਹੱਲ ਲੱਭੇ। ਯੂਨੀਵਰਸਿਟੀ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਿਜ ਅਤੇ ਹਸਪਤਾਲ ਵਿੱਚ ਡਾਕਟਰਾਂ ਅਤੇ ਨਰਸਿੰਗ ਸਟਾਫ਼ ਦੀ ਨਿਯੁਕਤੀ ਕੀਤੀ ਹੈ।



ਹਸਪਤਾਲ ਅੰਦਰ ਅਤਿ ਆਧੁਨਿਕ ਜੀਵਨ ਰੱਖਿਅਕ ਮਸ਼ੀਨਾਂ ਖਰੀਦੀਆਂ ਗਈਆਂ ਹਨ। ਮਰੀਜਾਂ ਦੀ ਸਹੂਲਤ ਲਈ ਨਵੀਆਂ ਇਮਾਰਤਾਂ ਦੀ ਉਸਾਰੀ ਕਰਵਾਈ ਗਈ ਹੈ। ਐਮ.ਬੀ.ਬੀ.ਐੱਸ. ਦੀਆਂ ਸੀਟਾਂ ਵਿੱਚ ਵੱਡੀ ਗਿਣਤੀ ਵਿੱਚ ਵਾਧਾ ਕਰਵਾਇਆ ਹੈ। ਵਾਇਸ ਚਾਂਸਲਰ ਡਾ. ਰਾਜੀਵ ਸੂਦ ਦੀ ਦੂਰ ਅੰਦੇਸ਼ੀ ਅਤੇ ਪ੍ਰਬੰਧਕੀ ਕਾਰਜ ਕੁਸ਼ਲਤਾ ਸਦਕਾ ਯੂਨੀਵਰਸਿਟੀ ਨੂੰ ਅੰਤਰ ਰਾਸ਼ਟਰੀ ਪੱਧਰ 'ਤੇ ਗਰੀਨ ਯੂਨੀਵਰਸਿਟੀ ਦਾ ਰੁਤਬਾ ਹਾਸਲ ਹੋਇਆ ਹੈ। ਐਨਾ ਹੀ ਨਹੀਂ ਬਾਬਾ ਫਰੀਦ ਯੂਨੀਵਰਸਿਟੀ ਇਸ ਸਮੇਂ ਦੇਸ਼ ਦੀ ਸਭ ਤੋਂ ਵੱਡੀ ਯੂਨੀਵਰਸਿਟੀ ਬਣ ਚੁੱਕੀ ਹੈ। ਡਾ., ਸੂਦ ਵੱਲੋਂ ਮੁਲਾਜ਼ਮ ਪੱਖੀ, ਮੁਲਾਜ਼ਮਾਂ ਦੇ ਹਿੱਤ ਅਤੇ ਹੋਰ ਪ੍ਰਸ਼ੰਸ਼ਾਯੋਗ ਕਾਰਜਾਂ ਦੀ ਹਰ ਪਾਸਿਓਂ ਪ੍ਰਸ਼ੰਸਾ ਹੋ ਰਹੀ ਹੈ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਸੰਸਥਾਪਕ ਚੇਅਰਮੈਨ ਅਤੇ ਆਲ ਇੰਡੀਆ ਐਸ.ਸੀ./ਬੀ.ਸੀ./ ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਵਾਇਸ ਚਾਂਸਲਰ ਡਾ. ਸੂਦ ਵੱਲੋਂ ਯੂਨੀਵਰਸਿਟੀ ਨੂੰ ਉੱਚਾ ਚੁੱਕਣ ਲਈ ਉਠਾਏ ਗਏ ਕਦਮਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਨੂੰ ਵਧਾਈ ਦਿੱਤੀ ਹੈ। ਪ੍ਰਧਾਨ ਢੋਸੀਵਾਲ ਨੇ ਅੱਜ ਇਥੇ ਆਪਣੇ ਬਿਆਨ ਵਿੱਚ ਕਿਹਾ ਹੈ ਕਿ ਡਾ. ਸੂਦ ਦੇ ਕਾਰਜਕਾਲ ਨੂੰ ਸਭ ਤੋਂ ਉੱਤਮ ਕਾਰਜਕਾਲ ਵਜੋਂ ਯਾਦ ਕੀਤਾ ਜਾਵੇਗਾ। ਪ੍ਰਧਾਨ ਢੋਸੀਵਾਲ ਨੇ ਪੰਜਾਬ ਦੇ ਗਵਰਨਰ ਅਤੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਗਲੇ ਮਹੀਨੇ ਵਾਇਸ ਚਾਂਸਲਰ ਡਾ. ਰਾਜੀਵ ਸੂਦ ਦੇ ਸੇਵਾ ਕਾਰਜ ਕਾਲ ਵਿੱਚ ਵਾਧਾ ਕੀਤਾ ਜਾਵੇ ਤਾਂ ਜੋ ਸਮੁੱਚੇ ਪੰਜਾਬ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਇਸੇ ਤਰ੍ਹਾਂ ਹੀ ਮਿਲਦੀਆਂ ਰਹਿਣ। ਪ੍ਰਧਾਨ ਢੋਸੀਵਾਲ ਨੇ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਟਰੱਸਟ ਵੱਲੋਂ ਪ੍ਰਤਿਭਾਸ਼ਾਲੀ ਔਰਤਾਂ ਨੂੰ ਸਨਮਾਨਿਤ ਕੀਤੇ ਜਾਣ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਇਕ ਵਿਸ਼ੇਸ਼ ਮੀਟਿੰਗ 10 ਜੂਨ ਬੁੱਧਵਾਰ ਨੂੰ ਸ਼ਾਮ ਦੇ ਠੀਕ 5:30 ਵਜੇ ਸਥਾਨਕ ਕੋਟਕਪੂਰਾ ਰੋਡ ਸਥਿਤ ਅਰੋਮਾ ਹੋਟਲ ਵਿਖੇ ਹੋਵੇਗੀ। ਢੋਸੀਵਾਲ ਨੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਮੀਟਿੰਗ ਵਿੱਚ ਸਮੇਂ-ਸਿਰ ਪਹੁੰਣ ਦੀ ਅਪੀਲ ਕੀਤੀ ਹੈ।

# ਬਰਾਬਰ ਅੰਕ, ਬਰਾਬਰ ਰੈਂਕ: ਮਾਨ ਸਰਕਾਰ ਨੇ ਬੋਰਡ ਪ੍ਰੀਖਿਆਵਾਂ ਲਈ ਜਨਮ ਮਿਤੀ ਨੂੰ ਟਾਈ-ਬ੍ਰੇਕਰ ਵਜੋਂ ਵਰਤਣ ਦੀ ਲੰਬੇ ਸਮੇਂ ਤੋਂ ਪ੍ਰਚਲਿਤ ਰਿਵਾਇਤ ਨੂੰ ਕੀਤਾ ਖ਼ਤਮ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਈ.ਬੀ.) ਦੀ ਪੇਪਰ ਮੁਲਾਂਕਣ ਪ੍ਰਣਾਲੀ ਵਿੱਚ ਬਦਲਾਅ ਕਰਦਿਆਂ, ਬੋਰਡ ਪ੍ਰੀਖਿਆਵਾਂ ਵਿੱਚ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਹੁਣ ਬਰਾਬਰ ਰੈਂਕ ਦੇਣ ਦਾ ਫੈਸਲਾ ਕੀਤਾ ਹੈ। ਇਸ ਫੈਸਲੇ ਨਾਲ ਜਨਮ ਮਿਤੀ ਨੂੰ ਟਾਈ-ਬ੍ਰੇਕਰ ਵਜੋਂ ਵਰਤਣ ਦੀ ਲੰਬੇ ਸਮੇਂ ਤੋਂ ਪ੍ਰਚੱਲਿਤ ਰਿਵਾਇਤ ਖ਼ਤਮ ਹੋ ਜਾਵੇਗੀ।ਇਹ ਅਹਿਮ ਫੈਸਲਾ ਅੱਜ ਪੀ.ਐਸ.ਈ.ਬੀ. ਦੀ ਬੋਰਡ ਮੀਟਿੰਗ ਦੌਰਾਨ ਲਿਆ ਗਿਆ ਹੈ। ਇਸ ਫੈਸਲੇ ਦਾ ਆਧਾਰ 31 ਮਈ, 2026 ਨੂੰ ਕਰਵਾਏ ਗਏ ਸੂਬਾ ਪੱਧਰੀ ਸਨਮਾਨ ਸਮਾਰੋਹ "ਸਿਤਾਰੇ ਜ਼ਮੀਨ 'ਤੇ" ਦੌਰਾਨ ਕੁਝ ਵਿਦਿਆਰਥੀਆਂ ਨਾਲ ਹੋਈ ਗੱਲਬਾਤ ਤੋਂ ਲਿਆ ਗਿਆ ਹੈ। ਇਸ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਜ਼ਿਲ੍ਹਾ ਟਾਪਰਾਂ ਨੂੰ ਸਨਮਾਨਿਤ ਕੀਤਾ ਅਤੇ ਇਸ ਸਮੇਂ ਗੱਲਬਾਤ ਦੌਰਾਨ, ਕੁਝ ਵਿਦਿਆਰਥੀਆਂ ਨੇ ਦੱਸਿਆ ਕਿ ਚੋਟੀ ਦੇ ਰੈਂਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਦੇ ਬਰਾਬਰ ਅੰਕਾਂ ਵਾਲੇ ਵਿਦਿਆਰਥੀਆਂ ਨੂੰ ਸਿਰਫ਼ ਉਮਰ ਦੇ ਅਧਾਰ 'ਤੇ ਮੈਰਿਟ ਸੂਚੀ ਵਿੱਚ ਹੇਠਾਂ ਰੱਖਿਆ ਜਾਂਦਾ ਹੈ, ਜਿਸ ਨਾਲ ਉਨ੍ਹਾਂ ਦੇ ਰੈਂਕ ਪ੍ਰਭਾਵਿਤ ਹੁੰਦੇ ਹਨ। ਇਸ ਮਾਮਲੇ ਦਾ ਨੋਟਿਸ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਇਸ



ਰਿਵਾਇਤ ਨੂੰ ਖ਼ਤਮ ਕਰਨ ਅਤੇ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਲਈ ਸਾਂਝੀ ਰੈਂਕ ਪ੍ਰਣਾਲੀ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਸਨ।ਬੈਂਸ ਨੇ ਕਿਹਾ ਕਿ ਵਿਦਿਆਰਥੀ ਕੇਂਦਰਿਤ ਸਿੱਖਿਆ ਵੱਲ ਇਹ ਇੱਕ ਇਤਿਹਾਸਕ ਕਦਮ ਹੈ। ਟਾਪਰ ਵਿਦਿਆਰਥੀ ਦੇ ਬਰਾਬਰ ਅੰਕਾਂ ਵਾਲੇ ਵਿਦਿਆਰਥੀ ਨੂੰ ਉਮਰ ਦੇ ਆਧਾਰ 'ਤੇ ਘੱਟ ਰੈਂਕ ਨਹੀਂ ਦਿੱਤਾ ਜਾ ਸਕਦਾ। ਮੁੱਖ ਮੰਤਰੀ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਹੁਣ ਬਰਾਬਰ ਅੰਕਾਂ ਦਾ ਮਤਲਬ ਬਰਾਬਰ ਰੈਂਕ ਹੋਵੇਗਾ।ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰੈਂਕਿੰਗ ਵਿੱਚ ਕੀਤੇ ਸੁਧਾਰਾਂ ਤੋਂ ਇਲਾਵਾ, ਸਿੱਖਿਆ ਬੋਰਡ ਨੇ ਪ੍ਰਸ਼ਨ ਪੱਤਰ ਡਿਜ਼ਾਈਨ ਵਿੱਚ ਵੀ ਵੱਡੇ ਬਦਲਾਅ ਕਰਨ ਦਾ ਫ਼ੈਸਲਾ ਕੀਤਾ ਹੈ, ਜਿਸਦਾ ਉਦੇਸ਼ ਨਕਲ ਨੂੰ ਰੋਕਣਾ ਅਤੇ ਰੱਟਾ ਲਗਾਉਣ ਦੀ ਆਦਤ ਨੂੰ ਖ਼ਤਮ ਕਰਨਾ ਹੈ। 'ਸਿਤਾਰੇ ਜ਼ਮੀਨ 'ਤੇ' ਦੌਰਾਨ ਵਿਦਿਆਰਥੀਆਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਮੌਜੂਦਾ ਪੇਪਰਾਂ ਵਿੱਚ ਗਿਆਨ ਦੀ ਬਜਾਇ ਰੱਟੇ ਨੂੰ ਜ਼ਿਆਦਾ ਮਹੱਤਵ ਦਿੱਤਾ ਜਾਂਦਾ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ, "ਅਸੀਂ ਵਿਸ਼ਾ ਮਾਹਿਰਾਂ ਵੱਲੋਂ ਨਿਰਧਾਰਤ ਕੰਪੀਟੈਂਸੀ-ਅਧਾਰਤ ਪ੍ਰਸ਼ਨ ਪੱਤਰਾਂ ਨੂੰ ਅਪਣਾ ਰਹੇ ਹਾਂ। ਵਿਦਿਆਰਥੀ ਦੀ ਸਮਝ, ਵਿਸ਼ਲੇਸ਼ਣਾਤਮਕ ਯੋਗਤਾ ਅਤੇ ਤਰਕ ਦੀ ਜਾਂਚ ਕਰਨ 'ਤੇ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ, ਨਾ ਕਿ ਇਸ 'ਤੇ ਕਿ ਉਹ ਕਿੰਨੀ ਚੰਗੀ ਤਰ੍ਹਾਂ ਰੱਟਾ ਲਗਾ ਸਕਦੇ ਹਨ। ਬਿਹਤਰ ਪ੍ਰਸ਼ਨ ਪੱਤਰਾਂ ਦਾ ਉਦੇਸ਼ ਨਕਲ ਦੀ ਗੁੰਜਾਇਸ਼ ਨੂੰ ਖ਼ਤਮ ਕਰਨਾ ਹੈ। ਜਦੋਂ ਪ੍ਰਸ਼ਨ ਰੱਟੇ ਦੀ ਬਜਾਇ ਸੋਚਣ ਦੀ ਸਮਰੱਥਾ ਨੂੰ ਪਰਖਦੇ ਹਨ ਤਾਂ ਪੇਪਰ ਲੀਕ ਅਤੇ ਨਕਲ ਦੀ ਗੁੰਜਾਇਸ਼ ਨਹੀਂ ਰਹਿੰਦੀ।"ਸਿੱਖਿਆ ਮੰਤਰੀ ਨੇ ਕਿਹਾ, "ਵਿਦਿਆਰਥੀ ਸਾਡਾ ਭਵਿੱਖ ਹਨ। ਸਾਡੇ ਵੱਲੋਂ ਲਏ ਗਏ ਹਰ ਫੈਸਲੇ ਨਾਲ ਉਨ੍ਹਾਂ ਨੂੰ ਨਿਰਪੱਖਤਾ, ਆਤਮ-ਵਿਸ਼ਵਾਸ ਅਤੇ ਵਿਸ਼ਵ ਪੱਧਰੀ ਮਿਆਰ ਮਿਲਣੇ ਚਾਹੀਦੇ ਹਨ। ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਨੀਤੀਆਂ ਵਿੱਚ ਤਰਜੀਹ ਦਿੱਤੀ ਗਈ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਹੁਣ ਪੜਾਅਵਾਰ ਢੰਗ ਨਾਲ ਰੱਟੇਬਾਜ਼ੀ ਦੇ ਚਿਰਾਂ ਤੋਂ ਪ੍ਰਚੱਲਿਤ ਰੁਝਾਨ ਨੂੰ ਬੰਦ ਕਰੇਗਾ ਅਤੇ ਹਰ ਪ੍ਰੀਖਿਆ ਨੂੰ ਪਾਰਦਰਸ਼ੀ, ਨਿਰਪੱਖ ਅਤੇ ਵਿਦਿਆਰਥੀ-ਅਨੁਕੂਲ ਬਣਾਏਗਾ।"ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਭਰੋਸਾ ਦਿੱਤਾ ਕਿ ਵਿਦਿਆਰਥੀਆਂ ਤੋਂ ਪ੍ਰਾਪਤ ਸਾਰੇ ਉਸਾਰੂ ਸੁਝਾਵਾਂ ਨੂੰ ਤਰਜੀਹ ਦਿੱਤੀ ਜਾਵੇਗੀ ਅਤੇ ਅਗਲੀ ਬੋਰਡ ਪ੍ਰੀਖਿਆ ਤੋਂ ਪਹਿਲਾਂ ਸਾਂਝੀ ਰੈਂਕਿੰਗ ਪ੍ਰਣਾਲੀ ਅਤੇ ਨਵੇਂ ਪ੍ਰਸ਼ਨ ਪੱਤਰ ਪੈਟਰਨਾਂ ਬਾਰੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣਗੇ।

# ਅਮਰੀਕਾ 'ਚ 'ਮੇਗਾ ਮਾਸਟਰ' ਇਮੀਗ੍ਰੇਸ਼ਨ ਸੁਣਵਾਈਆਂ ਸ਼ੁਰੂ

ਸੈਕਰਾਮੈਂਟੋ
ਸਾਂਝੀ ਸੋਚ ਬਿਊਰੋ

ਸੈਕਰਾਮੈਂਟੋ ਸਮੇਤ ਅਮਰੀਕਾ ਭਰ ਦੀਆਂ ਇਮੀਗ੍ਰੇਸ਼ਨ ਅਦਾਲਤਾਂ ਵਿਚ ਇੱਕ ਨਵੀਂ ਪ੍ਰਕਿਰਿਆ "ਮੇਗਾ ਮਾਸਟਰ" (ਮੈਗਾ ਮਾਸਟਰ ਸੁਣਵਾਈਆਂ) ਲਾਗੂ ਕੀਤੀ ਜਾ ਰਹੀ ਹੈ, ਜਿਸ ਦਾ ਮਕਸਦ ਡਿਪੋਰਟੇਸ਼ਨ ਅਤੇ ਇਮੀਗ੍ਰੇਸ਼ਨ ਕੇਸਾਂ ਦਾ ਨਿਪਟਾਰਾ ਤੇਜ਼ ਕਰਨਾ ਹੈ। ਪਰ ਕੈਲੀਫੋਰਨੀਆ ਦੇ ਇਮੀਗ੍ਰੇਸ਼ਨ ਵਕੀਲਾਂ ਅਤੇ ਪ੍ਰਵਾਸੀ ਹੱਕਾਂ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ ਦਾ ਕਹਿਣਾ ਹੈ ਕਿ ਇਹ ਪ੍ਰਣਾਲੀ ਹਜ਼ਾਰਾਂ ਪ੍ਰਵਾਸੀਆਂ ਲਈ ਨਵੇਂ ਖਤਰੇ ਪੈਦਾ ਕਰ ਸਕਦੀ ਹੈ।

ਸੈਕਰਾਮੈਂਟੋ ਦੇ ਜੌਨ ਮੌਸ ਫੈਡਰਲ ਬਿਲਡਿੰਗ ਵਿਚ ਹੋਈ ਇੱਕ ਤਾਜ਼ਾ ਸੁਣਵਾਈ ਦੌਰਾਨ ਇੱਕ ਘੰਟੇ ਵਿਚ 45 ਅਤੇ ਅਗਲੇ ਘੰਟੇ ਵਿਚ ਹੋਰ 45 ਪ੍ਰਵਾਸੀਆਂ ਨੂੰ ਅਦਾਲਤ ਵਿਚ ਹਾਜ਼ਰ ਹੋਣ ਲਈ ਬੁਲਾਇਆ ਗਿਆ। ਇਸ ਤਰ੍ਹਾਂ ਇੱਕ ਸਵੇਰ ਵਿਚ ਕਰੀਬ 90 ਲੋਕਾਂ ਦੇ ਕੇਸ ਸੁਣੇ ਜਾਣ ਲਈ ਰੱਖੇ ਗਏ, ਜਦਕਿ ਪਹਿਲਾਂ ਇੱਕ ਡਾਕਟ ਵਿਚ ਆਮ ਤੌਰ 'ਤੇ 15 ਤੋਂ 25 ਲੋਕ ਹੁੰਦੇ ਸਨ।

ਅਮਰੀਕਨ ਇਮੀਗ੍ਰੇਸ਼ਨ ਲਾਇਰਜ਼ ਐਸੋਸੀਏਸ਼ਨ ਦੇ ਪ੍ਰਤੀਨਿਧੀ ਗ੍ਰੇਗ ਚੇਨ ਦਾ ਕਹਿਣਾ ਹੈ ਕਿ ਕੁਝ ਅਦਾਲਤਾਂ ਵਿਚ ਇੱਕੋ ਸਮੇਂ 100 ਤੱਕ ਲੋਕਾਂ ਨੂੰ ਬੁਲਾਇਆ ਜਾ ਰਿਹਾ ਹੈ, ਜਦਕਿ ਇਹ ਅਦਾਲਤਾਂ ਆਮ ਤੌਰ 'ਤੇ 20 ਦੇ ਕਰੀਬ ਕੇਸਾਂ ਲਈ ਬਣੀਆਂ ਸਨ। ਉਨ੍ਹਾਂ ਅਨੁਸਾਰ ਇੰਨੀ ਵੱਡੀ ਗਿਣਤੀ ਵਿਚ ਲੋਕਾਂ ਨੂੰ ਇਕੱਠੇ ਸੁਣਨ ਨਾਲ ਬਹੁਤ ਸਾਰੇ ਪ੍ਰਵਾਸੀ ਆਪਣੇ ਹੱਕਾਂ ਅਤੇ ਕਾਨੂੰਨੀ ਵਿਕਲਪਾਂ ਨੂੰ ਠੀਕ ਤਰ੍ਹਾਂ ਸਮਝ ਨਹੀਂ ਸਕਣਗੇ।

ਸੈਕਰਾਮੈਂਟੋ ਦੀ ਪ੍ਰਵਾਸੀ ਸਹਾਇਤਾ ਸੰਸਥਾ ੌਰਫਛਓਲ਼ਇਸਿਸਟ ਦੀ ਗਿਜ਼ੇਲ ਗਾਰਸੀਆ ਨੇ ਕਿਹਾ ਕਿ ਕਈ ਲੋਕਾਂ ਦੀਆਂ ਅਦਾਲਤੀ ਤਾਰੀਖਾਂ ਮਹੀਨਿਆਂ ਜਾਂ ਸਾਲਾਂ ਪਹਿਲਾਂ ਕਰ ਦਿੱਤੀਆਂ ਗਈਆਂ ਹਨ। ਕੁਝ ਲੋਕਾਂ ਨੂੰ ਪਹਿਲਾਂ ਦੋ ਜਾਂ ਤਿੰਨ ਸਾਲ ਬਾਅਦ ਦੀ ਤਾਰੀਖ ਮਿਲੀ ਹੋਈ ਸੀ, ਪਰ ਹੁਣ ਉਨ੍ਹਾਂ ਨੂੰ ਸਿਰਫ਼ ਦੋ ਮਹੀਨੇ ਦੇ ਅੰਦਰ ਵਾਪਸ ਅਦਾਲਤ ਵਿਚ ਆਉਣ ਲਈ ਕਿਹਾ ਜਾ ਰਿਹਾ ਹੈ।

ਇਸੇ ਸੁਣਵਾਈ ਵਿਚ ਮੈਕਸੀਕੋ ਤੋਂ ਆਏ ਇੱਕ ਪ੍ਰਵਾਸੀ ਜੋਸ (ਜਿਸ ਦਾ ਪੂਰਾ ਨਾਮ ਸੁਰੱਖਿਆ ਕਾਰਨਾਂ ਕਰਕੇ ਜਾਰੀ ਨਹੀਂ ਕੀਤਾ ਗਿਆ) ਨੇ ਦੱਸਿਆ ਕਿ ਉਹ 2024 ਵਿਚ ਆਪਣੀਆਂ ਧੀਆਂ ਨਾਲ ਅਮਰੀਕਾ ਆਇਆ ਸੀ। ਉਸਦਾ ਕਹਿਣਾ ਹੈ ਕਿ ਮੈਕਸੀਕੋ ਦੇ ਸਿਨਾਲੋਆ ਖੇਤਰ ਵਿਚ ਉਸ ਉੱਤੇ ਹਮਲਾ ਹੋਇਆ ਸੀ ਅਤੇ ਉਹ ਆਪਣੀਆਂ ਧੀਆਂ ਦੀ ਸੁਰੱਖਿਆ ਲਈ ਅਮਰੀਕਾ ਆਇਆ।

ਹੁਣ ਉਸ ਨੂੰ ਸਿਰਫ਼ ਦੋ ਮਹੀਨੇ ਦੇ ਅੰਦਰ ਵਕੀਲ ਲੱਭਣ ਅਤੇ ਆਪਣੇ ਅਸਾਇਲਮ ਕੇਸ ਲਈ ਸਬੂਤ ਇਕੱਠੇ ਕਰਨ ਲਈ ਕਿਹਾ ਗਿਆ ਹੈ।

ਵਕੀਲਾਂ ਅਤੇ ਸਮਾਜਿਕ ਸੰਸਥਾਵਾਂ ਦੀ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਇੰਨੀ ਘੱਟ ਮਿਆਦ ਵਿਚ ਸਸਤੇ ਜਾਂ ਮੁਫ਼ਤ ਇਮੀਗ੍ਰੇਸ਼ਨ ਵਕੀਲ ਲੱਭਣਾ ਬਹੁਤ ਮੁਸ਼ਕਲ ਹੋਵੇਗਾ। ਪਹਿਲਾਂ ਹੀ ਬਹੁਤ ਸਾਰੇ ਇਮੀਗ੍ਰੇਸ਼ਨ ਵਕੀਲਾਂ ਕੋਲ ਮਹੀਨਿਆਂ ਦੀ ਉਡੀਕ ਸੂਚੀ ਹੈ।

ੌਰਫਛਓਲ਼ਇਸਿਸਟ ਦੇ ਅਨੁਸਾਰ, ਜਿਸ ਦਿਨ ਸੁਣਵਾਈ ਹੋਈ, ਉਸ ਦਿਨ ਪਹਿਲੇ ਸੈਸ਼ਨ ਵਿਚ 15 ਅਤੇ ਦੂਜੇ ਵਿਚ ਲਗਭਗ 20 ਲੋਕ ਹਾਜ਼ਰ ਨਹੀਂ ਹੋਏ। ਚਿੰਤਾ ਇਹ ਹੈ ਕਿ ਕੁਝ ਲੋਕਾਂ ਨੂੰ ਨਵੀਂ ਤਾਰੀਖ ਦੀ ਸੂਚਨਾ ਸਮੇਂ ਸਿਰ ਨਹੀਂ ਮਿਲੀ ਹੋ ਸਕਦੀ ਜਾਂ ਡਰ ਕਾਰਨ ਉਹ ਅਦਾਲਤ ਵਿਚ ਨਹੀਂ ਪਹੁੰਚੇ।

ਅਜਿਹੇ ਮਾਮਲਿਆਂ ਵਿਚ ਇਮੀਗ੍ਰੇਸ਼ਨ ਜੱਜ ਗੈਰਹਾਜ਼ਰੀ ਦੇ ਆਧਾਰ 'ਤੇ ਡਿਪੋਰਟੇਸ਼ਨ ਆਰਡਰ ਜਾਰੀ ਕਰ ਸਕਦੇ ਹਨ।

ਦੂਜੇ ਪਾਸੇ, ਐਗਜ਼ੈਕਟਿਵ ਆਫਿਸ ਫਾਰ ਇਮੀਗ੍ਰੇਸ਼ਨ ਰੀਵਿਊ, ਜੋ ਅਮਰੀਕਾ ਦੀਆਂ ਇਮੀਗ੍ਰੇਸ਼ਨ ਅਦਾਲਤਾਂ ਦੀ ਨਿਗਰਾਨੀ ਕਰਦੀ ਹੈ, ਨੇ ਕਿਹਾ ਹੈ ਕਿ ਜੇ ਕਿਸੇ ਵਿਅਕਤੀ ਨੂੰ ਢੁੱਕਵੀਂ ਨੋਟਿਸ ਦਿੱਤੀ ਗਈ ਹੋਵੇ ਅਤੇ ਉਹ ਅਦਾਲਤ ਵਿਚ ਹਾਜ਼ਰ ਨਾ ਹੋਵੇ, ਤਾਂ ਕਾਨੂੰਨ ਅਨੁਸਾਰ ਡਿਪੋਰਟੇਸ਼ਨ ਆਰਡਰ ਜਾਰੀ ਕੀਤਾ ਜਾ ਸਕਦਾ ਹੈ। ਏਜੰਸੀ ਦਾ ਕਹਿਣਾ ਹੈ ਕਿ ਕੇਸਾਂ ਦੇ ਵੱਡੇ ਬੈਕਲਾਗ ਨੂੰ ਘਟਾਉਣ ਅਤੇ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਕਰਨ ਲਈ ਸ਼ਡਿਊਲਿੰਗ ਵਿਚ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ।

ਇਮੀਗ੍ਰੇਸ਼ਨ ਮਾਹਿਰਾਂ ਦਾ ਮੰਨਣਾ ਹੈ ਕਿ "ਮੇਗਾ ਮਾਸਟਰ" ਸੁਣਵਾਈਆਂ ਨਾਲ ਅਦਾਲਤੀ ਬੈਕਲਾਗ ਘੱਟ ਸਕਦਾ ਹੈ, ਪਰ ਇਸ ਨਾਲ ਪ੍ਰਵਾਸੀਆਂ ਲਈ ਆਪਣੇ ਕੇਸ ਤਿਆਰ ਕਰਨ, ਵਕੀਲ ਲੱਭਣ ਅਤੇ ਅਸਾਇਲਮ ਜਾਂ ਹੋਰ ਰਾਹਤਾਂ ਲਈ ਅਰਜ਼ੀਆਂ ਦਾਇਰ ਕਰਨ ਦਾ ਸਮਾਂ ਵੀ ਕਾਫ਼ੀ ਘੱਟ ਹੋ ਜਾਵੇਗਾ। ਇਸ ਕਾਰਨ ਕਈ ਲੋਕਾਂ ਨੂੰ ਬਿਨਾਂ ਪੂਰੀ ਤਿਆਰੀ ਦੇ ਅਦਾਲਤ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਜਿਸ ਦੇ ਸਿੱਧੇ ਪ੍ਰਭਾਵ ਉਨ੍ਹਾਂ ਦੇ ਇਮੀਗ੍ਰੇਸ਼ਨ ਭਵਿੱਖ 'ਤੇ ਪੈ ਸਕਦੇ ਹਨ।


ੴ
ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ
GURDWARA SAHIB
SIKH TEMPLE
ਸ਼ਹੀਦੋਂ ਕੀ ਚਿਤਾਓਂ ਪਰ ਲਗੇਂਗੇ ਹਰ ਵਰਸ਼ ਮੇਲੇ
ਗੁਰਦੁਆਰਾ ਸਾਹਿਬ ਮੁਡਿਸਟੋ ਸੀਰਜ਼ ਵਿਖੇ
ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ
ਅਤੇ ਸ਼ਹੀਦ ਬਾਬਾ ਨਿਹਾਲ ਸਿੰਘ ਜੀ - ਸ਼ਹੀਦ ਬਾਬਾ ਹਰਨਾਮ ਸਿੰਘ ਜੀ ਤੱਲਣ ਸਾਹਿਬ ਜਲੰਧਰ ਦੀ ਯਾਦ ਵਿੱਚ ਸ਼ਹੀਦੀ ਦਿਵਸ
ਗੁਰਦੁਆਰਾ ਸਾਹਿਬ ਮੁਡਿਸਟੋ-ਸੀਰਜ ਵਿਖੇ ਤੱਲਣ ਦੀ ਸੰਗਤ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ
ਦੋ ਸ੍ਰੀ ਅਖੰਡ ਪਾਠ ਸਾਹਿਬ ਬੜੀ ਹੀ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ।
ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ
( 19 ਜੂਨ, 2026 ਸਵੇਰੇ 10:00 ਵਜੇ )
ਅਖੰਡ ਪਾਠ ਸਾਹਿਬ ਦੇ ਭੋਗ
( 21 ਜੂਨ, 2026 ਸਵੇਰੇ 10:00 ਵਜੇ )
ਕਥਾ ਅਤੇ ਕੀਰਤਨ ਸਮਾਗਮ
17 ਜੂਨ ਤੋਂ 20 ਜੂਨ, 2026 ਤੱਕ
ਸ਼ਾਮ 6:30 ਤੋਂ 8:30 ਵਜੇ ਤੱਕ ਹੋਏਗਾ
ਭਾਈ ਪ੍ਰਿਥੀਪਾਲ ਸਿੰਘ ਜੀ ਅਤੇ ਸਾਥੀ
ਮੁਡਿਸਟੋ-ਸੀਰਜ ਗੁਰਦਵਾਰਾ ਸਾਹਿਬ ਦੇ ਹਜ਼ੂਰੀ ਰਾਗੀ
(ਕਥਾ ਵਾਚਕ)
ਗਿਆਨੀ ਹਰਬੰਸ ਸਿੰਘ ਮੁਡਿਸਟੋ-ਸੀਰਜ
( ਕਵੀਸ਼ਰੀ ਜੱਥਾ )
ਸਰਬਜੀਤ ਸਿੰਘ ਸਾਜਨ ਅਤੇ ਸਾਥੀ
ਪੰਜ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਤੇ ਇਲਾਕਾ ਨਿਵਾਸੀਆਂ ਨੂੰ ਤੱਲਣ ਵਾਲੀ ਸੰਗਤ ਵੱਲੋਂ
ਨਿਮਰਤਾ ਸਹਿਤ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰੋ ਤੇ ਸਿੰਘਾਂ ਸ਼ਹੀਦਾਂ ਤੋਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਵਧੇਰੇ ਜਾਣਕਾਰੀ ਲਈ ਕਾਲ ਕਰੋ ---
ਪਰਮਜੀਤ ਸਿੰਘ : (209) 702 4649 | ਜਰਨੈਲ ਸਿੰਘ : (209) 872 3070 | ਅਸ਼ੋਕ ਵਰਮਾ : (209) 681 5171
ADDRESS: 5743 E Hatch Rd, Hughson, Ca 95326

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 223**

ਗਉੜੀ ਮਹਲਾ ੧ ॥

ਦੂਜੀ ਮਾਇਆ ਜਗਤ ਚਿਤ ਵਾਸੁ ॥ ਕਾਮ ਕ੍ਰੋਧ ਅਹੰਕਾਰ ਬਿਨਾਸੁ ॥੧॥ ਦੂਜਾ ਕਉਣੁ ਕਹਾ ਨਹੀ ਕੋਈ ॥ ਸਭ ਮਹਿ ਏਕੁ ਨਿਰੰਜਨੁ ਸੋਈ ॥੧॥ ਰਹਾਉ ॥ ਦੂਜੀ ਦੁਰਮਤਿ ਆਖੈ ਦੋਇ ॥ ਆਵੈ ਜਾਇ ਮਰਿ ਦੂਜਾ ਹੋਇ ॥੨॥ ਧਰਣਿ ਗਗਨ ਨਹ ਦੇਖਉ ਦੋਇ ॥ ਨਾਰੀ ਪੁਰਖ ਸਬਾਈ ਲੋਇ ॥੩॥ ਰਵਿ ਸਸਿ ਦੇਖਉ ਦੀਪਕ ਉਜਿਆਲਾ ॥ ਸਰਬ ਨਿਰੰਤਰਿ ਪ੍ਰੀਤਮੁ ਬਾਲਾ ॥੪॥ ਕਰਿ ਕਿਰਪਾ ਮੇਰਾ ਚਿਤੁ ਲਾਇਆ ॥ ਸਤਿਗੁਰਿ ਮੋ ਕਉ ਏਕੁ ਬੁਝਾਇਆ ॥੫॥ ਏਕੁ ਨਿਰੰਜਨੁ ਗੁਰਮੁਖਿ ਜਾਤਾ ॥ ਦੂਜਾ ਮਾਰਿ ਸਬਦਿ ਪਛਾਤਾ ॥੬॥ ਏਕੋ ਹੁਕਮੁ ਵਰਤੈ ਸਭ ਲੋਈ ॥ ਏਕਸੁ ਤੇ ਸਭ ਓਪਤਿ ਹੋਈ ॥੭॥ ਰਾਹ ਦੋਵੈ ਖਸਮੁ ਏਕੋ ਜਾਣੁ ॥ ਗੁਰ ਕੈ ਸਬਦਿ ਹੁਕਮੁ ਪਛਾਣੁ ॥੮॥ ਸਗਲ ਰੂਪ ਵਰਨ ਮਨ ਮਾਹੀ ॥ ਕਹੁ ਨਾਨਕ ਏਕੋ ਸਾਲਾਹੀ ॥੯॥੫॥ {ਪੰਨਾ 223}

ਭਾਵ ਅਰਥ:-

(ਹੇ ਭਾਈ) ਜਗਤ ਦੀ ਦੂਜੇ ਭਾਵਾਂ ਨਾਲ ਲਿਖਤਾਂ, ਉਹ ਮਾਇਆ ਹੈ, ਜਿਹੜੀ ਅਸੀਂ ਆਪਣੇ ਆਪ ਨੂੰ ਸਦਾ ਲਈ ਇਸ ਸੰਸਾਰ ਦੇ ਵਾਸੀ ਵਜੋਂ ਆਪਣੇ ਹਿਰਦੇ ਅੰਦਰ ਵਸਾ ਲੈਂਦੇ ਹਾਂ। ਇਸ ਤੋਂ ਵੀ ਅੱਗੇ, ਇਸ ਜੀਵਨ ਦੇ ਵਿਨਾਸ਼ ਦਾ ਕਾਰਨ ਕੁਝ ਵਿਕਾਰ ਬਣਦੇ ਹਨ। ਜਿਹਨਾਂ ਵਿੱਚ ਕਾਮ ਕ੍ਰੋਧ ਹਉਮੈ ਆਦਿਕ ਆਉਂਦੇ ਹਨ॥੧॥

ਪਰ ਦੂਜੇ ਪਾਸੇ ਅਸੀਂ ਕਿਹਨੂੰ ਵੱਖ ਕਰਨਾ ਚਾਹੁੰਦੇ ਸਕਦੇ ਹਾਂ? ਉਸ ਨੂੰ? ਜਿਹੜਾ ਸਾਡੇ(ਹਰੇਕ ਦੇ) ਹਿਰਦੇ ਵਿੱਚ ਵੱਸਿਆ ਹੋਇਆ ਹੈ(ਉਹ ਸਤਿ ਪੁਰਖ ਪਰਮਾਤਮਾ)।( ਭਾਵ ਉਸ ਨਿਰਲੇਪ ਪ੍ਰਭੂ ਨੂੰ ਅਸੀਂ ਕਹਿ ਕੇ ਵੀ ਕੁਦਰਤ ਦੇ ਵਿੱਚੋਂ ਵੱਖ ਨਹੀਂ ਕਰ ਸਕਦੇ)॥੨॥

ਮੈਂ ਉਸ ਪ੍ਰਭੂ ਪਰਮਾਤਮਾ ਨੂੰ, ਅਗਮ ਅਗੋਚਰ ਨੂੰ ਹਰ ਥਾਂ ਤੇ ਵਿਆਪਤ ਦੇਖਦਾ ਹਾਂ। ਉਹਨਾਂ ਵਿੱਚ ਧਰਤੀ ਅਸਮਾਨ ਨਾਰੀ ਪੁਰਖ ਭਾਵ ਸੰਪੂਰਨ ਸ੍ਰਿਸ਼ਟੀ ਆਉਂਦੀ ਹੈ॥੩॥

ਹੇ ਭਾਈ! ਸੂਰਜ ਚੰਦ ,ਉਸ ਅਕਾਲ ਪੁਰਖ ਨੇ ਲਗਾਤਾਰ ਰੌਸ਼ਨੀ ਦੇਣ ਵਾਸਤੇ ਦੋ ਦੀਵੇ ਜਲਾ ਰੱਖੇ ਹਨ॥੪॥

ਉਸ ਦੀ ਕ੍ਰਿਪਾ ਦ੍ਰਿਸ਼ਟੀ ਮੇਰੇ ਉੱਪਰ ਹੋਈ ਹੈ, ਤਾਂ ਹੀ ਮੈਨੂੰ ਗੁਰੂ ਦੀ ਪ੍ਰਾਪਤੀ ਹੋਣ ਤੋਂ ਬਾਅਦ ਪ੍ਰਭੂ ਪਰਮਾਤਮਾ ਦੀ ਲਗਨ ਲੱਗੀ ਹੈ ਤੇ ਮੈਂ ਉਸ ਅਪਰੰਪਾਰ ਦਾਤੇ ਨੂੰ ਪਾ ਸਕਿਆ ਹਾਂ॥੫॥

ਹੇ ਮਨੁੱਖ ! ਤੂੰ ਉਸ ਏਕੰਕਾਰ ,ਨਿਰਲੇਪ ਪਰਮਾਤਮਾ ਨੂੰ ਤਾਂ ਹੀ ਪਛਾਣ ਸਕਦਾ ਹੈਂ ,ਜਾਣ ਸਕਦਾ ਹੈਂ ,ਜੇ ਆਪਣੇ ਹਿਰਦੇ ਅੰਦਰੋਂ ਦੂਜੇ ਭਾਵਾਂ (ਮਾਇਆ ਅਤੇ ਵਿਕਾਰਾਂ) ਨੂੰ ਮਾਰਨ ਦੀ ਸ਼ਕਤੀ ਰੱਖਦਾ ਹੈਂ ਅਤੇ ਸ਼ਬਦ ਗੁਰੂ ਦੇ ਜਾਪ ਰਾਹੀਂ ਇਹ ਸਮਰਥਾ ਪਾ ਲੈਂਦਾ ਹੈ॥੬

ਕੁਲ ਸੰਸਾਰ ਕੁਲ ਜੀਵਾਂ ਵਿੱਚ ਇਕ ਦਾ ਹੀ ਹੁਕਮ ਚੱਲਦਾ ਹੈ ।ਜਿਸ ਤੋਂ ਇਹ ਕੁਦਰਤ ਦੀ ਉਤਪੱਤੀ ਹੋਈ ਹੈ॥੭॥

(ਹੇ ਪੁਰਖਾ) ਚੰਗੇ ਅਤੇ ਮਾੜੇ ਕਰਮ ਦੋਨੋ ਹੀ ਉਸ ਗੋਵਿੰਦ ਪ੍ਰਭੂ ਦੇ ਪੈਦਾ ਕੀਤੇ ਹਨ, ਤੇਰਾ ਧਰਮ ਹੈ ਇਹਨਾਂ ਵਿੱਚੋਂ ਬਾਣੀ ਸਿਮਰਨ ਭਜਨ ਬੰਦਗੀ ਨਾਲ ਜੁੜ ਕੇ ਸਹੀ ਰਸਤਾ ਅਪਣਾਉਣਾ॥੮॥

ਹੇ ਨਾਨਕ (ਆਖ) ਮੈਂ ਉਸ ਇੱਕ ਰੂਪ ਦੀ ਉਸਤਤ ਕਰਦਾ ਹਾਂ ਜਿਹੜਾ ਹਰ ਵਰਣ ਵੰਡ ਜਾਤ ਪਾਤ ਅਤੇ ਵੱਖਰੇ ਜੀਵ ਦੇ ਹਿਰਦੇ ਅੰਦਰ ਵੱਸਦਾ ਹੈ॥੯॥

ਗਉੜੀ ਮਹਲਾ ੧ ॥

ਅਧਿਆਤਮ ਕਰਮ ਕਰੇ ਤਾ ਸਾਚਾ ॥ ਮੁਕਤਿ ਭੇਦੁ ਕਿਆ ਜਾਣੈ ਕਾਚਾ ॥੧॥ ਐਸਾ ਜੋਗੀ ਜੁਗਤਿ ਬੀਚਾਰੈ ॥ ਪੰਚ ਮਾਰਿ ਸਾਚੁ ਉਰਿ ਧਾਰੈ ॥੧॥ ਰਹਾਉ ॥ ਜਿਸ ਕੈ ਅੰਤਰਿ ਸਾਚੁ ਵਸਾਵੈ ॥ ਜੋਗ ਜੁਗਤਿ ਕੀ ਕੀਮਤਿ ਪਾਵੈ ॥੨॥ ਰਵਿ ਸਸਿ ਏਕੋ ਗ੍ਰਿਹ ਉਦਿਆਨੈ ॥ ਕਰਣੀ ਕੀਰਤਿ ਕਰਮ ਸਮਾਨੈ ॥੩॥ ਏਕ ਸਬਦ ਇਕ ਭਿਖਿਆ ਮਾਗੈ ॥ ਗਿਆਨੁ ਧਿਆਨੁ ਜੁਗਤਿ ਸਚੁ ਜਾਗੈ ॥੪॥ ਭੈ ਰਚਿ ਰਹੈ ਨ ਬਾਹਰਿ ਜਾਇ ॥ ਕੀਮਤਿ ਕਉਣ ਰਹੈ ਲਿਵ ਲਾਇ ॥੫॥ ਆਪੇ ਮੇਲੇ ਭਰਮੁ ਚੁਕਾਏ ॥ ਗੁਰ ਪਰਸਾਦਿ ਪਰਮ ਪਦੁ ਪਾਏ ॥੬॥ ਗੁਰ ਕੀ ਸੇਵਾ ਸਬਦੁ ਵੀਚਾਰੁ ॥ ਹਉਮੈ ਮਾਰੇ ਕਰਣੀ ਸਾਰੁ ॥੭॥ ਜਪ ਤਪ ਸੰਜਮ ਪਾਠ ਪੁਰਾਣੁ ॥ ਕਹੁ ਨਾਨਕ ਅਪਰੰਪਰ ਮਾਨੁ ॥੮॥੬॥ {ਪੰਨਾ 223}

ਭਾਵ ਅਰਥ:-

ਹੇ ਭਾਈ! ਧਰਮ ਕਰਮ ਦੇ ਨਾਲ ਜੁੜ ਕੇ ਹੀ ਮਨੁੱਖ ਸੱਚਾ ਅਖਵਾ ਸਕਦਾ ਹੈ ਇਹਨਾਂ ਕਰਮਾਂ ਤੋਂ ਬਿਨਾਂ ਉਹ ਕੱਚਾ ਹੈ ਅੰਜਾਨ ਹੈ॥੧॥

ਹੇ ਜੋਗੀ ! ਇਸ ਤਰਾਂ ਦੇ ਜੁਗਤ ਬਣਾ ,ਇਸ ਤਰਾਂ ਦਾ ਵਿਚਾਰ ਬਣਾ ਕਿ ਪੰਜ ਚੋਰ (ਵਿਕਾਰਾਂ ਦੇ ਰੂਪ ਵਿੱਚ ਕਾਮ ਕ੍ਰੋਧ ਲੋਭ ਮੋਹ ਹੰਕਾਰ) ਜਿਹੜੇ ਤੇਰੇ ਅੰਦਰ ਬੈਠੇ ਹਨ ਉਹਨਾਂ ਨੂੰ ਖਤਮ ਕਰਕੇ ਪ੍ਰਭੂ ਪਰਮਾਤਮਾ ਨੂੰ ਆਪਣੇ ਹਿਰਦੇ ਅੰਦਰ ਵਸਾ ਸਕੇ॥੧॥ ਰਹਾਉ॥

ਅਸਲੀ ਜੋਗੀ ਉਹੀ ਹੈ ਜਿਸ ਨੇ ਸਦਾ ਥਿਰ ਪ੍ਰਭੂ ਨੂੰ ਆਪਣੇ ਹਿਰਦੇ ਅੰਦਰ ਵਸਾ ਲਿਆ॥੨॥

ਸੂਰਜ ਤੇ ਚੰਦਰਮਾ ਜਿਵੇਂ ਇਕ ਹੀ ਘਰ ਇਕ ਹੀ ਬਾਗ ਦੇ ਵਸਨੀਕ ਹਨ ਅਤੇ ਜਿਨਾਂ ਦਾ ਕਰਮ ਵੀ ਇੱਕੋ ਜਿਹਾ ਹੈ (ਰੋਸ਼ਨੀ ਦੇਣਾ)॥੩॥

(ਇਸ ਸੰਸਾਰ ਵਿੱਚ ਵੱਖਰੇਂਵੇ ਵਿਆਪਤ ਹਨ) ਕੋਈ ਆਪਣੇ ਢਿੱਡ ਭਰਨ ਵਾਸਤੇ ਭਿਖਾਰੀ ਬਣਿਆ ਹੋਇਆ ਹੈ ਤੇ ਮੰਗ ਕੇ ਰੋਟੀ ਖਾਂਦਾ ਹੈ, ਦੂਸਰਾ ਬੰਦਾ ਬਾਣੀ ਸਿਮਰਨ ਦੇ ਰੰਗ ਵਿੱਚ ਰੰਗਿਆ ਹੋਇਆ ਹੈ, ਪਰ ਜਿਸ ਮਨੁੱਖ ਦੇ ਅੰਦਰ ਉਸ ਪਰਮਾਤਮਾ ਦੀ ਲਿਵ ਲੱਗ ਗਈ ਉਸ ਨਾਲ ਧਿਆਨ ਜੁੜ ਗਿਆ ਤਾਂ ਉਸ ਨੂੰ ਪ੍ਰਭੂ ਦਾ ਸਾਥ ਪੱਕੀ ਤਰ੍ਹਾਂ ਮਿਲ ਗਿਆ॥੪॥

ਹੇ ਭਾਈ ! ਉਸ ਅਕਾਲ ਪੁਰਖ ਨਾਲ ਲਿਵ ਲਾਈ ਦਾ ਕੀ ਫਾਇਦਾ ਜੇ ਆਪਣੇ ਅੰਦਰੋਂ ਡਰ ਭਉ ਵਰਗੀਆਂ ਚੀਜ਼ਾਂ ਹੀ ਨਹੀਂ ਨਿਕਲਣੀਆਂ॥੫॥

ਗੁਰਮੁਖ ਨੂੰ ਜਦੋਂ ਉਸ ਪ੍ਰਭੂ ਪਰਮਾਤਮਾ ਦੀ ਕਿਰਪਾ ਹੁੰਦੀ ਹੈ ਤਾਂ ਹੀ ਸੱਚਾ ਗੁਰੂ ਮਿਲਦਾ ਹੈ। ਤਾਂ ਉਸਦਾ ਹਿਰਦਾ ਪ੍ਰਭੂ ਪਰਮਾਤਮਾ ਦੇ ਨਾਮ ਵਿੱਚ ਵਿੱਝਣ ਨਾਲ ਉੱਤਮ ਪਦ ਦੀ ਪ੍ਰਾਪਤੀ ਹੁੰਦੀ ਹੈ॥੬॥

ਗੁਰੂ ਦੀ ਸੇਵਾ ਕਰਨ ਵਾਲੇ ਮਨੁੱਖ ਦੇ ਅੰਦਰੋਂ ਹੰਕਾਰ ਵਰਗੀ ਚੀਜ਼ ਖਤਮ ਹੋ ਜਾਂਦੀ ਹੈ। ਆਧਿਆਤਮ ਦਾ ਇਹੋ ਹੀ ਸੰਖੇਪ ਹੈ॥੭॥

ਹੇ ਨਾਨਕ! ਕਹ ਧਰਮ ਨੂੰ ਪੜਨ ਵਾਲਾ ਸੰਜਮੀ ਜਪੀ ਤਪੀ ਮਨੁੱਖ ਉਸ ਅਗੰਮ ਅਗੋਚਰ ਪ੍ਰਭੂ ਤੋਂ ਮਾਨ ਯਸ਼ ਦੀ ਪ੍ਰਾਪਤੀ ਕਰਦਾ ਹੈ॥੮॥

ਗਉੜੀ ਮਹਲਾ ੧ ॥

ਖਿਮਾ ਗਹੀ ਬ੍ਰਤੁ ਸੀਲ ਸੰਤੋਖੰ ॥ ਰੋਗੁ ਨ ਬਿਆਪੈ ਨਾ ਜਮ ਦੋਖੰ ॥ ਮੁਕਤ ਭਏ ਪ੍ਰਭ ਰੂਪ ਨ ਰੇਖੰ ॥੧॥ ਜੋਗੀ ਕਉ ਕੈਸਾ ਡਰੁ ਹੋਇ ॥ ਰੂਖਿ ਬਿਰਖਿ ਗ੍ਰਿਹਿ ਬਾਹਰਿ ਸੋਇ ॥੧॥ ਰਹਾਉ ॥ ਨਿਰਭਉ ਜੋਗੀ ਨਿਰੰਜਨੁ ਧਿਆਵੈ ॥ ਅਨਦਿਨੁ ਜਾਗੈ ਸਚਿ ਲਿਵ ਲਾਵੈ ॥ ਸੋ ਜੋਗੀ ਮੇਰੈ ਮਨਿ ਭਾਵੈ ॥੨॥ ਕਾਲੁ ਜਾਲੁ ਬ੍ਰਹਮ ਅਗਨੀ ਜਾਰੇ ॥ ਜਰਾ ਮਰਣ ਗਤੁ ਗਰਬੁ ਨਿਵਾਰੇ ॥ ਆਪਿ ਤਰੈ ਪਿਤਰੀ ਨਿਸਤਾਰੇ ॥੩॥ ਸਤਿਗੁਰੁ ਸੇਵੇ ਸੋ ਜੋਗੀ ਹੋਇ ॥ ਭੈ ਰਚਿ ਰਹੈ ਸੁ ਨਿਰਭਉ ਹੋਇ ॥ ਜੈਸਾ ਸੇਵੈ ਤੈਸੋ ਹੋਇ ॥੪॥ {ਪੰਨਾ 223}

ਭਾਵ ਅਰਥ :-

ਹੇ ਭਾਈ! ਸੰਜਮ ਤੇ ਮਨ ਦੇ ਅੰਦਰ ਸੰਤੋਖ ਸ਼ਾਂਤੀ ਰੱਖਣ ਵਾਲੇ ਪਾਪੀਆਂ ਪਤਿਤਾਂ ਨੂੰ ਵੀ ਪ੍ਰਭੂ ਪਰਮਾਤਮਾ ਬਖਸ਼ਨਾ ਕਰਦਾ ਹੈ। ਉਹਨਾਂ ਨੂੰ ਫਿਰ ਨਾ ਰੋਗ ਨਾ ਕੋਈ ਦੁੱਖ ਨਾ ਕਿਸੇ ਦਾ ਸੋਗ ਨਾ ਜਮਾਂ ਦਾ ਕੋਈ ਡਰ ਸਤਾਉਂਦਾ ਹੈ। ਉਹ ਪ੍ਰਭੂ ਪਰਮਾਤਮਾ ਉਹਨਾਂ ਨੂੰ ਸਾਰੇ ਬੰਧਨਾਂ ਤੋਂ ਮੁਕਤ ਕਰਦਾ ਹੈ ,ਜਿਹਦਾ ਆਪਣਾ ਕੋਈ ਰੂਪ ਨਹੀਂ ਹੈ , ਉਹ ਨਿਰੰਕਾਰ ਹੈ॥੧॥

ਜੋਗੀ ਜੰਗਮ (ਜਿਸ ਦੀ ਲਿਵ ਪ੍ਰਭੂ ਪਰਮਾਤਮਾ ਨਾਲ ਜੁੜੀ ਹੋਈ ਹੈ ਤੇ ਪਰਮਾਤਮਾ ਉਸ ਦੀ ਆਪ ਰੱਖਿਆ ਕਰਦਾ ਹੈ) ਨੂੰ ਨਾ ਪਾਪ ਨਾ ਕਿਸੇ ਕਿਸੇ ਹੋਰ ਤਰ੍ਹਾਂ ਦਾ ਡਰ ਨਹੀਂ ਹੁੰਦਾ॥੧॥ ਰਹਾਉ॥

ਜੋਗ ਕਮਾਉਣ ਵਾਲਾ ਮਨੁੱਖ ਉਸ ਨਿਰਲੇਪ ਦਾਤੇ ਨੂੰ ਧਿਆਉਣਾ ਕਰਦਾ ਹੈ ਅਤੇ ਉਸ ਦੀ ਲਿਵ ਉਸੇ ਪ੍ਰਭੂ ਨਾਲ ਲੱਗੀ ਰਹਿੰਦੀ ਹੈ, ਅਜਿਹਾ ਜੋਗੀ ਸੱਚਾ ਜੋਗੀ ਹੁੰਦਾ ਹੈ ਤੇ ਮੇਰੇ ਮਨ ਨੂੰ ਭਾਉਂਦਾ ਹੈ॥੨॥

ਉਸ ਉੱਤਮ ਪੁਰਖ ਪ੍ਰਭੂ ਪਰਮਾਤਮਾ ਦੀ ਉਸਤਤ ਕਰਨ ਵਾਲੇ ਬੰਦੇ ਨੂੰ ਕਾਲ ਅਗਨ ਤੋਂ ਬਚਾਉਂਦਾ ਹੈ। ਮਰਨ ਦੇ ਡਰ ਅਤੇ ਹੰਕਾਰ ਵਰਗੇ ਕੋੜ ਤੋਂ ਵੀ ਉਹੀ ਆਪ ਬਚਾਉਂਦਾ ਹੈ, ਅਜਿਹੇ ਜਪੀ ਤਪੀ ਨੂੰ ਤਾਂ ਪਰਮਾਤਮਾ ਬਚਾਉਂਦਾ ਹੀ ਹੈ ਉਸ ਦੇ ਪੁਰਖਿਆਂ ਨੂੰ ਵੀ ,ਪਰਿਵਾਰ ਨੂੰ ਵੀ ਟੇਕ ਦੇ ਕੇ ਰੱਖਦਾ ਹੈ ਅਤੇ ਜੀਵਨ ਦੇ ਸਾਗਰ ਰੂਪੀ ਬਿਖਮ ਰਸਤੇ ਤੋਂ ਵੀ ਪਾਰ ਉਤਾਰਾ ਕਰਦਾ ਹੈ॥੩॥

ਅਸਲ ਜੋਗੀ ਉਹ ਹੈ ਜਿਹੜਾ ਪਰਮਾਤਮਾ ਦਾ ਨਾਮ ਜਪਦਾ ਹੈ , ਆਪਣੇ ਅੰਦਰ ਘੁਸੜ ਕੇ ਡਰ ਨੂੰ ਬਾਹਰ ਕੱਢ ਸੁੱਟਦਾ ਹੈ, ਫਿਰ ਅੰਤ ਨੂੰ ਜਿਸ ਅਕਾਲ ਪੁਰਖ ਦੀ ਅਰਾਧਨਾ ਕਰਦਾ ਹੈ ਬ੍ਰਹਮ ਗਿਆਨੀ ਬਣ ਕੇ ਉਸ ਪ੍ਰਭੂ ਦਾ ਹੀ ਰੂਪ ਬਣ ਜਾਂਦਾ ਹੈ॥੪॥

**ਅੰਗ 224**

ਨਰ ਨਿਹਕੇਵਲ ਨਿਰਭਉ ਨਾਉ ॥ ਅਨਾਥਹ ਨਾਥ ਕਰੇ ਬਲਿ ਜਾਉ ॥ ਪੁਨਰਪਿ ਜਨਮੁ ਨਾਹੀ ਗੁਣ ਗਾਉ ॥੫॥ ਅੰਤਰਿ ਬਾਹਰਿ ਏਕੋ ਜਾਣੈ ॥ ਗੁਰ ਕੈ ਸਬਦੇ ਆਪੁ ਪਛਾਣੈ ॥ ਸਾਚੈ ਸਬਦਿ ਦਰਿ ਨੀਸਾਣੈ ॥੬॥ ਸਬਦਿ ਮਰੈ ਤਿਸੁ ਨਿਜ ਘਰਿ ਵਾਸਾ ॥ ਆਵੈ ਨ ਜਾਵੈ ਚੂਕੈ ਆਸਾ ॥ ਗੁਰ ਕੈ ਸਬਦਿ ਕਮਲੁ ਪਰਗਾਸਾ ॥੭॥ ਜੋ ਦੀਸੈ ਸੋ ਆਸ ਨਿਰਾਸਾ ॥ ਕਾਮ ਕ੍ਰੋਧ ਬਿਖੁ ਭੂਖ ਪਿਆਸਾ ॥ ਨਾਨਕ ਬਿਰਲੇ ਮਿਲਹਿ ਉਦਾਸਾ ॥੮॥੭॥ {ਪੰਨਾ 224}

ਭਾਵ ਅਰਥ:-

ਹੇ ਬੰਦੇ! ਉਸ ਬੇਦਾਗ ਪ੍ਰਭੂ ਦਾ ਨਾਮ ਜਪਣਾ ਕਰ। ਜਿਹਦਾ ਕੋਈ ਵੀ ਸਹਾਰਾ ਨਹੀਂ ਹੈ ,ਉਸ ਨੂੰ ਵੀ ਉਹ ਆਪਣੀ ਟੇਕ ਦਿੰਦਾ ਹੈ (ਉਸ ਦਾ ਨਾਮ ਜਪਣ ਵਾਲਾ) ਮੁੜ ਕੇ ਬਾਰ ਬਾਰ ਇਸ ਮਨੁੱਖਾ ਜੀਵਨ ਵਿੱਚ ਨਹੀਂ ਭਟਕਦਾ॥੫॥

ਹੇ ਭਾਈ! ਓਹ ਅਕਾਲ ਪੁਰਖ ਤੇਰੇ ਅੰਦਰ ਬਾਹਰ ਹਰ ਥਾਂ ਤੇ ਮੌਜੂਦ ਹੈ, ਜਿਹੜਾ ਗੁਰੂ ਦੇ ਮਾਰਗ ਦਰਸ਼ਨ ਅਨੁਸਾਰ ਚੱਲਦਾ ਹੈ ਅਤੇ ਨਾਮ ਨਾਲ ਜੁੜ ਜਾਂਦਾ ਹੈ ਉਹ ਉਸ ਨੂੰ ਆਪੇ ਪਛਾਣ ਲੈਂਦਾ ਹੈ। ਸੱਚੇ ਪਰਮਾਤਮਾ ਦਾ ਸਦਾ ਥਿਰ ਪ੍ਰਭੂ ਦਾ ਨਾਮ ਜਪਣ ਵਾਲੇ ਨੂੰ ਉਸ ਦਾ ਦਰਬਾਰ ਚਿੰਨ ਹਿਤ ਹੋ ਜਾਂਦਾ ਹੈ ਭਾਵ ਲੱਭ ਜਾਂਦਾ ਹੈ॥੬॥

(ਹੇ ਭਾਈ) ਭਜਨ ਬੰਦਗੀ ਸ਼ਬਦ ਬਾਣੀ ਅੱਗੇ ਸਭ ਕੁਝ, ਭਾਵ, ਆਪਣੀਆਂ ਭਾਵਨਾਵਾਂ, ਆਪਣੀਆਂ ਅਭਿਲਾਸ਼ਾਵਾਂ ਤਿਆਗਣ ਵਾਲੇ ਨੂੰ ਸਤ ਕਰਤਾਰ ਦੇ ਦਰ ਉੱਤੇ ਢੋਈ ਮਿਲ ਜਾਂਦੀ ਹੈ, ਜਿਸ ਨਾਲ ਉਸ ਦਾ 84 ਲੱਖ ਜੂਨੀਆਂ ਵਾਲਾ ਗੇਟ ਖਤਮ ਹੋ ਜਾਂਦਾ ਹੈ ਤੇ ਉਸਨੂੰ ਮੁਕਤੀ ਪ੍ਰਾਪਤ ਹੋ ਜਾਂਦੀ ਹੈ। ਆਸ਼ਾ ਅਤੇ ਨਿਰਾਸ਼ਾ ਵਿੱਚ ਫਸਣ ਵਾਲੀ ਸਥਿਤੀ ਖਤਮ ਹੋ ਜਾਂਦੀ ਹੈ ।ਇਸ ਤਰਾਂ ਗੁਰੂ ਦੇ ਸ਼ਬਦ ਨਾਲ ਜੁੜਨ ਕਾਰਨ ਉਸ ਦਾ ਨਿਵਾਸ, ਕਮਲ ਫੁੱਲ ਦੇ ਉਪਰ ਹੋ ਜਾਂਦਾ ਹੈ ਭਾਵ ਪ੍ਰਭੂ ਚਰਨਾਂ ਵਿੱਚ ਜਗਹਾ ਮਿਲ ਜਾਂਦੀ ਹੈ॥੭॥

ਸ੍ਰਿਸ਼ਟੀ ਉਪਰ ਹਰ ਦੇਖਣ ਵਾਲੀ ਚੀਜ਼ ਵਿੱਚ ਆਸ਼ਾ ਅਤੇ ਨਿਰਾਸ਼ਾ ਦੋਨੋ ਚੀਜ਼ਾਂ ਵਸਦੀਆਂ ਹਨ, ਇਸ ਦੇ ਨਾਲ ਹੀ ਕਾਮ ਕ੍ਰੋਧ ਭੁੱਖ ਪਿਆਸ ਵਰਗੇ ਜਹਿਰ ਰੂਪੀ ਕਾਮਨਾਵਾਂ ਦੇ ਢੇਰ ਵੀ ਮਨੁੱਖ ਦੇ ਅੰਦਰ ਵਾਸਾ ਕਰਦੇ ਹਨ। ਦਾਸ ਨਾਨਕ ਫਰਮਾਉਂਦੇ ਹਨ ਕਿ ਕਿਸੇ ਵਿਰਲੇ ਮਨੁੱਖ ਨੂੰ ਹੀ ਮਾਇਆ ਤੋਂ ਉਦਾਸੀਨਤਾ ਮਿਲਣ ਕਾਰਨ ਪ੍ਰਭੂ ਦਾ ਸਾਥ ਮਿਲਦਾ ਹੈ॥੭॥

ਗਉੜੀ ਮਹਲਾ ੧ ॥

ਐਸੋ ਦਾਸੁ ਮਿਲੈ ਸੁਖੁ ਹੋਈ ॥ ਦੁਖੁ ਵਿਸਰੈ ਪਾਵੈ ਸਚੁ ਸੋਈ ॥੧॥ ਦਰਸਨੁ ਦੇਖਿ ਭਈ ਮਤਿ ਪੂਰੀ ॥ ਅਠਸਠਿ ਮਜਨੁ ਚਰਨਹ ਧੂਰੀ ॥੧॥ ਰਹਾਉ ॥ ਨੇਤ੍ਰ ਸੰਤੋਖੇ ਏਕ ਲਿਵ ਤਾਰਾ ॥ ਜਿਹਵਾ ਸੂਚੀ ਹਰਿ ਰਸ ਸਾਰਾ ॥੨॥ ਸਚੁ ਕਰਣੀ ਅਭ ਅੰਤਰਿ ਸੇਵਾ ॥ ਮਨੁ ਤ੍ਰਿਪਤਾਸਿਆ ਅਲਖ ਅਭੇਵਾ ॥੩॥ ਜਹ ਜਹ ਦੇਖਉ ਤਹ ਤਹ ਸਾਚਾ ॥ ਬਿਨੁ ਬੂਝੇ ਝਗਰਤ ਜਗੁ ਕਾਚਾ ॥੪॥ ਗੁਰੁ ਸਮਝਾਵੈ ਸੋਝੀ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥੫॥ ਕਰਿ ਕਿਰਪਾ ਰਾਖਹੁ ਰਖਵਾਲੇ ॥ ਬਿਨੁ ਬੂਝੇ ਪਸੂ ਭਏ ਬੇਤਾਲੇ ॥੬॥ ਗੁਰਿ ਕਹਿਆ ਅਵਰੁ ਨਹੀ ਦੂਜਾ ॥ ਕਿਸੁ ਕਹੁ ਦੇਖਿ ਕਰਉ ਅਨ ਪੂਜਾ ॥੭॥ ਸੰਤ ਹੇਤਿ ਪ੍ਰਭਿ ਤ੍ਰਿਭਵਣ ਧਾਰੇ ॥ ਆਤਮੁ ਚੀਨੈ ਸੁ ਤਤੁ ਬੀਚਾਰੇ ॥੮॥ ਸਾਚੁ ਰਿਦੈ ਸਚੁ ਪ੍ਰੇਮ ਨਿਵਾਸ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸ ॥੯॥੮॥ {ਪੰਨਾ 224}

ਭਾਵ ਅਰਥ:-

ਹੇ ਭਾਈ ! ਸੇਵਾ ਕਰਨ ਵਾਲੇ ਨੂੰ ਜਦ ਐਸਾ ਗੁਰੂ ਮਿਲ ਜਾਂਦਾ ਹੈ, ਜਿਸ ਦੇ ਮਾਰਗਦਰਸ਼ਨ ਅਨੁਸਾਰ ਨਾਮ ਦਾਨ ਮਿਲਦਾ ਹੈ , ਬੰਦਾ ਨਾਮ ਵਿੱਚ ਵਿੱਝ ਜਾਂਦਾ ਹੈ, ਉਹ ਨੂੰ ਸਾਰੇ ਦੁੱਖ ਦਰਦ ਭੁੱਲਣ ਨਾਲ ਉਸ ਅਪਰੰਮਪਾਰ ਪਰਮਾਤਮਾ ਪਰਮੇਸ਼ਵਰ ਚਰਨਾਂ ਵਿੱਚ ਜਗਹਾ ਦਾ ਹੱਕਦਾਰ ਬਣ ਜਾਂਦਾ ਹੈ॥੧॥

ਹੇ ਭਾਈ ! ਪਰਮਾਤਮਾ ਦੇ ਚਰਨ ਕਮਲਾਂ ਦੀ ਛੋਹ ਹੀ 68 ਤੀਰਥਾਂ ਦੇ ਇਸ਼ਨਾਨ ਬਰਾਬਰ ਹੈ ਅਤੇ ਉਸ ਦਾਤੇ ਦੇ ਦਰਸ਼ਨ ਦੀਦਾਰੇ ਕਰਨ ਨਾਲ ਸੰਪੂਰਨ ਗਿਆਨ ਦੀ ਪ੍ਰਾਪਤੀ ਹੋ ਜਾਂਦੀ ਹੈ॥੧॥ ਰਹਾਉ॥

ਜਦੋਂ ਬੰਦੇ ਦੀ ਇੱਕ ਪ੍ਰਭੂ ਨਾਲ ਲਿਵ ਦੀ ਤਾਰ ਜੁੜ ਜਾਂਦੀ ਹੈ ਤਾਂ ਨੈਣਾ ਨੂੰ ਸੰਤੋਖ ਮਿਲ ਜਾਂਦਾ ਹੈ, ਸਬਰ ਮਿਲ ਜਾਂਦਾ ਹੈ ਜਬਾਨ ਸੁੱਚੀ ਹੋ ਜਾਂਦੀ ਹੈ, ਉਸ ਦੇ ਨਾਮ ਦਾ ਰਸ ਜਪ ਕੇ॥੨॥

ਹੇ ਭਾਈ! ਉਸ ਪਰਮਾਤਮਾ ਦੀ ਭਗਤੀ ਹੀ ਬੰਦੇ ਦਾ ਸਚਾ ਕਰਮ ਹੈ, ਜਿਸ ਨਾਲ ਉਸ ਨਾ ਦੇਖੇ ਜਾਣ ਵਾਲੇ ਪ੍ਰਭੂ ਪਰਮਾਤਮਾ ਦੀ ਸੇਵਾ ਕਾਰਨ ,ਨਾਮ ਜਪ ਕਾਰਨ ਮਨ ਤ੍ਰਿਪਤ ਹੋ ਜਾਂਦਾ ਹੈ ,ਪ੍ਰਸੰਨ ਹੋ ਜਾਂਦਾ ਹੈ ਰੱਜ ਜਾਂਦਾ ਹੈ॥੩॥

ਹੇ ਭਾਈ! ਮੈਂ ਜਿੱਧਰ ਵੀ ਦੇਖਦਾ ਹਾਂ, ਉਧਰ ਉਧਰ ਮੈਨੂੰ ਉਹ ਸਦਾ ਥਿਰ ਦਾਤਾ ਨਜ਼ਰ ਆਉਂਦਾ ਹੈ। ਉਸ ਦੀ ਖੇਡ ਨੂੰ ਸਮਝਿਆਂ ਬਗੈਰ ਜਹਾਨ, ਵੱਖ ਵੱਖ ਧਰਮਾਂ ਦੇ ਕਾਰਨ ਅਣਜਾਣਪੁਣੇ ਵਿੱਚ ਇੱਕ ਦੂਜੇ ਨਾਲ ਲੜਦਾ ਹੀ ਰਹਿੰਦਾ ਹੈ॥੪॥

ਗੁਰੂ ਦੀ ਸਿੱਖਿਆ ਨਾਲ ਅਸਲ ਵਿੱਚ ਗਿਆਨ ਦੀ ਪ੍ਰਾਪਤੀ ਹੁੰਦੀ ਹੈ ਇਸ ਗਿਆਨ ਨੂੰ ਕੋਈ ਵਿਰਲਾ, ਗੁਰੂ ਵੱਲ ਮੁੱਖ ਕਰਨ ਵਾਲਾ ਹੀ ਪ੍ਰਾਪਤ ਕਰ ਸਕਦਾ ਹੈ॥੫॥

ਹੇ ਅਕਾਲ ਪੁਰਖ ਦਾਤਾ! ਮੈਨੂੰ ਤੇਰੀ ਹੀ ਟੇਕ ਦੀ ਲੋੜ ਹੈ ਸੋ ਕਿਰਪਾ ਕਰਕੇ ਆਪਣੀ ਟੇਕ ਦੇ ਦੇ ।ਮੈਂ ਤੈਨੂੰ ਸਮਝੇ ਬਗੈਰ ਇਕ ਪਸ਼ੂ ਦੀ ਤਰਾਂ ਇਧਰ ਉਧਰ ਭਟਕਦਾ ਫਿਰ ਰਿਹਾ ਹਾਂ॥੬॥

ਮੈਂ ਗੁਰੂ ਦੇ ਮਾਰਗ ਦਰਸ਼ਨ ਅਨੁਸਾਰ ਹੀ ਉਸ ਪਰਮਾਤਮਾ ਦੀ ਸਿਫਤ ਸਲਾਹ ਕਰਦਾ ਹਾਂ ਬਾਕੀ ਹੋਰ ਮੈਂ ਕਿਸ ਦੇ ਮਗਰ ਲੱਗਾਂ, ਮੈਨੂੰ ਕੋਈ ਲੱਭਦਾ ਨਹੀਂ॥੭॥

ਸਾਧ ਸੰਗਤ ਵਿੱਚ ਬੈਠ ਕੇ ਮੈਂ ਜਾਣ ਸਕਿਆ ਹਾਂ ਕਿ, ਉਹ ਦਾਤਾਰ ਤਿੰਨਾਂ ਭਵਨਾਂ ਵਿੱਚ ਬਿਰਾਜਮਾਨ ਹੈ। ਜਿਸ ਮਨੁੱਖ ਨੇ ਆਪਣੀ ਆਤਮਾ ਨੂੰ ਪੜ ਲਿਆ ਆਪਣੇ ਅੰਦਰੇ ਨੂੰ ਜਾਣ ਲਿਆ ਮੰਨੋ ਉਸਨੇ ਰੱਬ ਨੂੰ ਵੀ ਪਛਾਣ ਲਿਆ॥੮॥

ਹੇ ਭਾਈ ! ਸੱਚੇ ਅਤੇ ਪਵਿੱਤਰ ਹਿਰਦੇ ਵਿੱਚ ਉਸ ਸਦਾ ਥਿਰ ਸੱਚੇ ਪ੍ਰਭੂ ਦਾ ਪ੍ਰੇਮ ਵਾਸਾ ਕਰਦਾ ਹੈ। ਨਾਨਕ ਬੇਨਤੀ ਰਤ ਹੋ ਕੇ ਕਹਿੰਦਾ ਹੈ, ਮੈਂ ਉਹਨਾਂ ਦਾਸਾਂ ਦਾ ਵੀ ਦਾਸ ਹਾਂ ਜਿਹੜੇ ਪਰਮਾਤਮਾ ਨੂੰ ਹਿਰਦੇ ਵਿੱਚ ਵਸਾਉਂਦੇ ਹਨ॥੯॥

ਗਉੜੀ ਮਹਲਾ ੧ ॥

ਬ੍ਰਹਮੈ ਗਰਬੁ ਕੀਆ ਨਹੀ ਜਾਨਿਆ ॥ ਬੇਦ ਕੀ ਬਿਪਤਿ ਪੜੀ ਪਛੁਤਾਨਿਆ ॥ ਜਹ ਪ੍ਰਭ ਸਿਮਰੇ ਤਹੀ ਮਨੁ ਮਾਨਿਆ ॥੧॥ ਐਸਾ ਗਰਬੁ ਬੁਰਾ ਸੰਸਾਰੈ ॥ ਜਿਸੁ ਗੁਰੁ ਮਿਲੈ ਤਿਸੁ ਗਰਬੁ ਨਿਵਾਰੈ ॥੧॥ ਰਹਾਉ ॥ ਬਲਿ ਰਾਜਾ ਮਾਇਆ ਅਹੰਕਾਰੀ ॥ ਜਗਨ ਕਰੈ ਬਹੁ ਭਾਰ ਅਫਾਰੀ ॥ ਬਿਨੁ ਗੁਰ ਪੂਛੇ ਜਾਇ ਪਇਆਰੀ ॥੨॥ ਹਰੀਚੰਦੁ ਦਾਨੁ ਕਰੈ ਜਸੁ ਲੇਵੈ ॥ ਬਿਨੁ ਗੁਰ ਅੰਤੁ ਨ ਪਾਇ ਅਭੇਵੈ ॥ ਆਪਿ ਭੁਲਾਇ ਆਪੇ ਮਤਿ ਦੇਵੈ ॥੩॥ ਦੁਰਮਤਿ ਹਰਣਾਖਸੁ ਦੁਰਾਚਾਰੀ ॥ ਪ੍ਰਭੁ ਨਾਰਾਇਣੁ ਗਰਬ ਪ੍ਰਹਾਰੀ ॥ ਪ੍ਰਹਲਾਦ ਉਧਾਰੇ ਕਿਰਪਾ ਧਾਰੀ ॥੪॥ {ਪੰਨਾ 224}

ਭਾਵ ਅਰਥ:-

ਬ੍ਰਹਮਾ ਨੂੰ ਗੁਮਾਨ ਹੋ ਗਿਆ ਕਿ ਉਹ ਛੋਟੇ ਜਿਹੇ ਕਮਲ ਦੇ ਫੁੱਲ ਦੀ ਨਾਭੀ ਦੇ ਵਿੱਚੋਂ ਕਿਵੇਂ ਜੰਮ ਸਕਦਾ ਹੈ ਕਿਉਂਕਿ ਉਹ ਤਾਂ ਬਹੁਤ ਵੱਡਾ ਹੈ। ਉਸ ਦੇ ਇਸ ਅਭਿਮਾਨ ਕਾਰਨ ਉਸ ਦੁਆਰਾ ਰਚਿਤ ਵੇਦ (ਸੰਸਕ੍ਰਿਤਿਕ ਪੁਸਤਕਾਂ) ਗੁੰਮ ਹੋ ਗਈਆਂ ਤਦ ਜਾ ਕੇ ਉਸ ਦਾ ਅਭਿਮਾਨ ਟੁੱਟਿਆ ਕਿ ਮੈਂ ਤਾਂ ਕੁਝ ਵੀ ਨਹੀਂ ਹਾਂ, ਕਰਨ ਕਰਾਉਣ ਵਾਲਾ ਉਹ ਪ੍ਰਭੂ ਪਰਮਾਤਮਾ ਹੈ। ਤਾਂ ਉਸਨੇ ਉਸ ਦਾਤੇ ਦਾ ਨਾਮ ਸਿਮਰਨ ਕਰਨਾ ਸ਼ੁਰੂ ਕੀਤਾ ਤੇ ਗੁੰਮ ਹੋਏ ਗ੍ਰੰਥ ਵਾਪਸ ਮਿਲ ਗਏ॥੧॥

ਅਜਿਹਾ ਮਾਣ ਆਪਣੇ ਆਪ ਤੇ ਬੁਰਾ ਹੋ ਨਿੱਤਰਦਾ ਹੈ ਅਤੇ ਇਸ ਤੋਂ ਛੁਟਕਾਰਾ ਗੁਰੂ ਦੇ ਦੁਆਰਾ ਹੀ ਹੋ ਸਕਦਾ ਹੈ॥੧॥ ਰਹਾਉ॥

ਰਾਜੇ ਬਲੀ ਨੂੰ ਆਪਣੀ ਮਾਇਆ ਦਾ ਭਾਵ ਧਨ ਦੌਲਤ ਦਾ ਹੰਕਾਰ ਹੋ ਗਿਆ । ਉਹ ਬਹੁਤ ਹੀ ਆਫਰ ਕੇ ਯਗ ਕਰਨ ਲੱਗ ਪਿਆ ਅਤੇ ਸਾਰੇ ਦੇਵੀ ਦੇਵਤਿਆਂ ਨੂੰ ਆਪਣੇ ਹੱਥ ਵਿੱਚ ਕਰਨ ਦੀ ਵਿਉਂਤ ਬਣਾ ਲਈ। ਗੁਰੂ ਤੋਂ ਬਿਨਾਂ ਉਹਦਾ ਇਹ ਪਾਸਾ ਪੁੱਠਾ ਪੈ ਗਿਆ ਤੇ ਉਹ ਹਾਰ ਗਿਆ॥੨॥

ਰਾਜਾ ਹਰੀਸ਼ ਚੰਦਰ ਸੱਚਾ ਸੁੱਚਾ ਰਾਜਾ ਸੀ, ਦਾਨੀ ਸੀ ਦਾਨ ਕਰਨ ਦੇ ਕਾਰਨ ਉਸ ਨੂੰ ਦੁਨੀਆ ਅਤੇ ਪਰਮਾਤਮਾ ਕੋਲੋਂ ਯਸ਼ ਨਾਮ ਦੀ ਪ੍ਰਾਪਤੀ ਹੋਈ। ਇਸ ਤਰਾਂ ਗੁਰੂ ਵਿਹੂਣੇ ਲੋਕ ਪਰਮਾਤਮਾ ਦਾ ਅੰਤ ਨਹੀਂ ਪਾਉਂਦੇ । ਉਹ ਦਾਤਾ ਸਿਰਫ ਉਹਨਾਂ ਨੂੰ ਅਕਲ ਦਿੰਦਾ ਹੈ ,ਆਪਣੀ ਪਹੁੰਚ ਦਿੰਦਾ ਹੈ ਜਿਹੜੇ ਆਪਣੇ ਆਪ ਨੂੰ ਉਸ ਪ੍ਰਭੂ ਦੇ ਚਰਨ ਕਮਲਾਂ ਵਿੱਚ ਸਮਰਪਿਤ ਕਰ ਦਿੰਦੇ ਹਨ॥੩॥

ਇਸੇ ਸ੍ਰਿਸ਼ਟੀ ਵਿੱਚ ਇੱਕ ਭੈੜੀ ਅਕਲ ਵਾਲਾ ਹਰਨਾਕਸ਼ ਨਾਮ ਦਾ ਰਾਜਾ ਹੋਇਆ ਹੈ। ਉਸ ਨੂੰ ਆਪਣੇ ਪਰਮਾਤਮਾ ਹੋਣ ਦਾ ਹਉਮੈ ਸੀ ਪਰ ਉਸਦੇ ਆਪਣੇ ਹੀ ਪੁੱਤਰ ਪ੍ਰਹਲਾਦ ਨੇ ਪਰਮਾਤਮਾ ਪ੍ਰਭੂ ਅਕਾਲ ਪੁਰਖ ਦੀ ਬੰਦਨਾ ਕਰਕੇ ਉਸ ਵਿੱਚ ਨਿਸ਼ਚੈ ਰੱਖ ਕੇ ਆਪਣੇ ਪਿਤਾ ਦੇ ਹੰਕਾਰ ਨੂੰ ਤੋੜਿਆ॥੪॥

ਭੂਲੋ ਰਾਵਣੁ ਮੁਗਧੁ ਅਚੇਤਿ ॥ ਲੂਟੀ ਲੰਕਾ ਸੀਸ ਸਮੇਤਿ ॥ ਗਰਬਿ ਗਇਆ ਬਿਨੁ ਸਤਿਗੁਰ ਹੇਤਿ ॥੫॥ ਸਹਸਬਾਹੁ ਮਧੁ ਕੀਟ ਮਹਿਖਾਸਾ ॥ ਹਰਣਾਖਸੁ ਲੇ ਨਖਹੁ ਬਿਧਾਸਾ ॥ ਦੈਤ ਸੰਘਾਰੇ ਬਿਨੁ ਭਗਤਿ ਅਭਿਆਸਾ ॥੬॥ ਜਰਾਸੰਧਿ ਕਾਲਜਮੁਨ ਸੰਘਾਰੇ ॥ ਰਕਤਬੀਜੁ ਕਾਲੁਨੇਮੁ ਬਿਦਾਰੇ ॥ ਦੈਤ ਸੰਘਾਰਿ ਸੰਤ ਨਿਸਤਾਰੇ ॥੭॥ ਆਪੇ ਸਤਿਗੁਰੁ ਸਬਦੁ ਬੀਚਾਰੇ ॥ ਦੂਜੈ ਭਾਇ ਦੈਤ ਸੰਘਾਰੇ ॥ ਗੁਰਮੁਖਿ ਸਾਚਿ ਭਗਤਿ ਨਿਸਤਾਰੇ ॥੮॥ {ਪੰਨਾ 224}

ਭਾਵ ਅਰਥ:-

ਜਦੋਂ ਰਾਵਣ ਵਰਗਾ ਅਭਿਮਾਨੀ ਰਾਜਾ ਪ੍ਰਭੂ ਪਰਮਾਤਮਾ ਨੂੰ ਭੁੱਲ ਗਿਆ ਤਾਂ ਅੰਤ ਉਸ ਦੀ ਸੰਪੂਰਨ ਲੰਕਾ ਉਜੜ ਗਈ ,ਸਮੇਤ ਉਸ ਦੇ ਆਪਣੇ ਦਸਾਂ ਸਿਰਾਂ ਦੇ ,ਭਾਵ ਉਸਦੀ ਆਪਣੀ ਮੌਤ ਦੇ ਨਾਲ। ਸੱਚੇ ਗੁਰੂ ਦੇ ਨਾਲ ਪਿਆਰ ਕਰਨ ਤੋਂ ਬਿਨਾਂ ਬੰਦਾ ਹੰਕਾਰ ਵਿੱਚ ਮਾਰਿਆ ਜਾਂਦਾ ਹੈ॥੫॥

ਸਹੰਸਰ ਬਾਹੂ ਇਕ ਦੈਤ ਸੀ ਜਿਸ ਨੂੰ ਪਰਸਰਾਮ ਨੇ ਮਾਰਿਆ ਮਧੂ ਤੇ ਕੈਟਬ ਨੂੰ ਵਿਸ਼ਨੂ ਨੇ ਮਹਿਸ਼ਾਸੁਰ ਨੂੰ, ਦੁਰਗਾ ਨੇ ਹਰਨਾਕਸ਼ ਨੂੰ ਮਾਰਿਆ। ਇਹ ਸਾਰੇ ਪ੍ਰਭੂ ਦੀ ਭਗਤੀ ਦੇ ਅਭਿਆਸ ਤੋਂ ਵਾਂਝੇ ਰਹਿਣ ਕਰਕੇ ਹੰਕਾਰ ਵਸ ਆਪਣੇ ਮੂਰਖਤਾ ਦੀ ਸਜਾ ਭੁਗਤਦੇ ਹੋਏ ਮਾਰੇ ਗਏ॥੬॥

ਵਾਹਿਗੁਰੂ ਨੇ ਦੈਤਾਂ ਦਾ ਸੰਹਾਰ ਕਰਕੇ ਸੰਤ ਜਨਾਂ ਦੀ ਰੱਖਿਆ ਕੀਤੀ। ਜਰਾ ਸੰਗ ਤੇ ਕਾਲ ਕ੍ਰਿਸ਼ਨ ਜੀ ਦੇ ਹੱਥੋਂ ਮਾਰੇ ਗਏ ਨਾਲ ਸਾਲ ਵਿਸ਼ਨੂ ਦੇ ਕੋਲੋਂ ਮਾਰੇ ਗਏ। ਇਹਨਾਂ ਸਾਰੇ ਹੰਕਾਰੀਆਂ ਨੂੰ ਇਹਨਾਂ ਦੇ ਅਸਲ ਵਿੱਚ ਹੰਕਾਰ ਨੇ ਹੀ ਖਤਮ ਕਰ ਦਿੱਤਾ॥੭॥

ਇਸ ਸਾਰੀ ਖੇਡ ਦਾ ਮਾਲਕ ਪਰਮਾਤਮਾ ਆਪ ਹੀ ਗੁਰੂ ਰੂਪ ਹੋ ਕੇ ਆਪਣੀ ਸਿਫਤ ਸਲਾਹ ਦੀ ਬਾਣੀ ਨੂੰ ਵਿਚਾਰਦਾ ਹੈ ਆਪ ਹੀ ਦੈਤਾਂ ਨੂੰ ਮਾਇਆ ਦੇ ਮੋਹ ਵਿੱਚ ਫਸਾ ਕੇ ਮਾਰਦਾ ਹੈ ਆਪ ਹੀ ਗੁਰੂ ਦੀ ਸ਼ਰਨ ਪਏ ਬੰਦਿਆਂ ਨੂੰ ਆਪਣੇ ਸਿਮਰਨ ਵਿੱਚ ਭਗਤੀ ਵਿੱਚ ਜੋੜ ਕੇ ਸੰਸਾਰ ਸਮੁੰਦਰ ਤੋਂ ਪਾਰ ਲੰਘਾਉਂਦਾ ਹੈ॥੮॥



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


TAKE CONTROL
OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336

ਵਾਹਿਗੁਰੂ ਜੀ ਕਾ ਖਾਲਸਾ

ਵਾਹਿਗੁਰੂ ਜੀ ਕੀ ਫਤਿਹ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



# GURMEL KAUR SANDHU

April 2nd, 1940 – June 6th, 2026

## FUNERAL

### Allen Mortuary

247 N. Broadway Turlock, CA 95380

June 13th, 2026 | Time : 1:00 PM – 3:00 PM

After Funeral

## ANTIM ARDAAS

3:00 PM – 5:00 PM

**Gurdwara Sahib Turlock**

1391 F Street Turlock, CA 95380

# ਗੈਂਗਸਟਰਾਂ 'ਤੇ ਵਾਰ ਦਾ 140ਵਾਂ ਦਿਨ: ਪੰਜਾਬ ਪੁਲਿਸ ਵੱਲੋਂ 554 ਥਾਈਂ ਛਾਪੇਮਾਰੀ: 275 ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 140ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 554 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।140ਵੇਂ ਦਿਨ ਪੁਲਿਸ ਟੀਮਾਂ ਨੇ 5 ਹਥਿਆਰਾਂ ਸਮੇਤ 275 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 35,359 ਹੋ ਗਈਆਂ।ਇਸ ਤੋਂ ਇਲਾਵਾ 85 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 14 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 4 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ।ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਨੂੰ 465ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 100 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.8 ਕਿਲੋ ਹੈਰੋਇਨ, 50 ਕਿਲੋ ਭੁੱਕੀ, 606 ਨਸ਼ੀਲੀਆਂ ਗੋਲੀਆਂ ਅਤੇ 1900 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 465 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 67,484 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 14 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ ਲਾਏ ਬੂਟੇ

ਸੰਗਰੂਰ
ਸਾਂਝੀ ਸੋਚ ਬਿਊਰੋ



ਵਿਸ਼ਵ ਵਾਤਾਵਰਣ ਦਿਵਸ 2026 ਮੌਕੇ 'ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ), ਖੇਤਰੀ ਦਫ਼ਤਰ ਸੰਗਰੂਰ ਵੱਲੋਂ ਮੈਸਰਜ਼ ਸੰਗਰੂਰ ਆਰਐਨਜੀ ਪ੍ਰਾਈਵੇਟ ਲਿਮਟਿਡ, ਧੂਰੀ, ਜ਼ਿਲ੍ਹਾ ਸੰਗਰੂਰ ਦੇ ਸਹਿਯੋਗ ਨਾਲ ਮਿਸ਼ਨ ਲਾਈਫ (ਲਾਈਫਸਟਾਈਲ ਫਾਰ ਐਨਵਾਇਰਨਮੈਂਟ) ਅਤੇ ਦੇਸ਼-ਵਿਆਪੀ ਮੁਹਿੰਮ 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ ਬੂਟੇ ਲਾਏ ਗਏ।ਇਸ ਪਹਿਲ ਦਾ ਉਦੇਸ਼ ਦੇਸੀ ਰੁੱਖਾਂ ਦੀ ਵੱਡੇ ਪੱਧਰ 'ਤੇ ਲਗਾਤਾਰ ਲਵਾਈ ਕਰ ਕੇ ਖੇਤਰ ਵਿੱਚ ਹਰਿਆਲੀ ਨੂੰ ਵਧਾਉਣਾ ਅਤੇ ਵਾਤਾਵਰਣ ਦੀ ਟਿਕਾਊ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਸੰਬੋਧਨ ਕਰਦਿਆਂ ਪੀਪੀਸੀਬੀ ਦੇ ਖੇਤਰੀ ਦਫ਼ਤਰ, ਸੰਗਰੂਰ ਦੇ ਅਧਿਕਾਰੀਆਂ ਨੇ ਜਲਵਾਯੂ ਪਰਿਵਰਤਨ ਨਾਲ ਨਜਿੱਠਣ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਅਤੇ ਵਾਤਾਵਰਣਕ ਸੰਤੁਲਨ ਕਾਇਮ ਰੱਖਣ ਲਈ ਰੁੱਖ ਲਗਾਉਣ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਉਦਯੋਗਾਂ ਅਤੇ ਆਮ ਨਾਗਰਿਕਾਂ ਨੂੰ ਵਾਤਾਵਰਣ ਸੰਭਾਲ ਸਬੰਧੀ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਕਰਨ ਅਤੇ ਰੋਜ਼ਾਨਾ ਜੀਵਨ ਵਿੱਚ ਟਿਕਾਊ ਅਭਿਆਸ ਅਪਣਾਉਣ ਲਈ ਪ੍ਰੇਰਿਤ ਕੀਤਾ।ਬੂਟੇ ਲਾਉਣ ਦੀ ਮੁਹਿੰਮ ਵਿੱਚ ਬੋਰਡ ਦੇ ਅਧਿਕਾਰੀਆਂ ਅਤੇ ਮੈਸਰਜ਼ ਸੰਗਰੂਰ ਆਰਐਨਜੀ ਪ੍ਰਾਈਵੇਟ ਲਿਮਟਿਡ ਦੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੌਰਾਨ ਉਦਯੋਗ ਦੇ ਅਹਾਤੇ ਅੰਦਰ ਵੱਖ-ਵੱਖ ਦੇਸੀ ਕਿਸਮਾਂ ਦੇ ਕਰੀਬ 1000 ਬੂਟੇ ਲਗਾਏ ਗਏ। ਇਸ ਦਾ ਮਕਸਦ ਖੇਤਰ ਦੀ ਹਰਿਆਲੀ ਬੁਨਿਆਦ ਨੂੰ ਮਜ਼ਬੂਤ ਕਰਨਾ ਅਤੇ ਸਾਫ਼-ਸੁਥਰੇ ਤੇ ਸਿਹਤਮੰਦ ਵਾਤਾਵਰਣ ਨੂੰ ਉਤਸ਼ਾਹਿਤ ਕਰਨਾ ਸੀ।ਭਾਗੀਦਾਰਾਂ ਨੇ ਭਵਿੱਖ ਵਿੱਚ ਹੋਰ ਵੱਧ ਰੁੱਖ ਲਗਾਉਣ ਅਤੇ ਲਗਾਏ ਗਏ ਬੂਟਿਆਂ ਦੀ ਸਹੀ ਦੇਖਭਾਲ ਅਤੇ ਸੰਭਾਲ ਯਕੀਨੀ ਬਣਾਉਣ ਦਾ ਵੀ ਸੰਕਲਪ ਲਿਆ। ਇਹ ਸਾਂਝਾ ਉਪਰਾਲਾ ਵਾਤਾਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ ਪ੍ਰਤੀ ਮਜ਼ਬੂਤ ਵਚਨਬੱਧਤਾ ਦਾ ਪ੍ਰਤੀਕ ਸੀ।ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਦਫ਼ਤਰ, ਸੰਗਰੂਰ ਦੇ ਅਧਿਕਾਰੀ ਅਤੇ ਮੈਸਰਜ਼ ਸੰਗਰੂਰ ਆਰਐਨਜੀ ਪ੍ਰਾਈਵੇਟ ਲਿਮਟਿਡ, ਧੂਰੀ ਦੇ ਨੁਮਾਇੰਦੇ ਅਤੇ ਕਰਮਚਾਰੀ ਹਾਜ਼ਰ ਸਨ।

# ਵੜਿੰਗ ਨੇ ਕੱਟੜਪੰਥੀਆਂ ਨਾਲ ਨੇੜਤਾ ਵਧਾਉਣ ਖ਼ਿਲਾਫ਼ ਭਾਜਪਾ ਨੂੰ ਦਿੱਤੀ ਚੇਤਾਵਨੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭਾਰਤੀ ਜਨਤਾ ਪਾਰਟੀ ਦੀ ਤਿੱਖੀ ਆਲੋਚਨਾ ਕਰਦਿਆਂ ਦੋਸ਼ ਲਾਇਆ ਹੈ ਕਿ ਉਹ ਸਿਆਸੀ ਲਾਭ ਲਈ ਪੰਜਾਬ ਵਿੱਚ ਕੱਟੜਪੰਥੀਆਂ ਨਾਲ ਨੇੜਤਾ ਵਧਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਇਹ ਦੋਗਲੇਪੁਣ ਦੀ ਨੀਤੀ ਸਮਾਨ ਹੈ। ਉਨ੍ਹਾਂ ਨੇ ਕਿਹਾ ਕਿ ਇਕ ਪਾਸੇ ਭਾਜਪਾ ਖੁਦ ਨੂੰ ਰਾਸ਼ਟਰਵਾਦੀ ਪਾਰਟੀ ਦੱਸਦੀ ਹੈ, ਲੇਕਿਨ ਦੂਜੇ ਧਿਰ ਉਹ ਕੱਟੜਪੰਥੀਆਂ ਨਾਲ ਮੰਚ ਸਾਂਝਾ ਕਰਨ ਤੋਂ ਵੀ ਪਰਹੇਜ਼ ਨਹੀਂ ਕਰਦੀ ਹੈ।ਇਸ ਲੜੀ ਤਹਿਤ, ਅੰਮ੍ਰਿਤਸਰ ਦੇ ਚੌਕ ਮਹਿਤਾ ਵਿੱਚ ਹਰਨਾਮ ਸਿੰਘ ਧੁੰਮਾਂ ਦੀ ਅਗਵਾਈ ਹੇਠ ਹੋਏ ਇੱਕ ਸਮਾਗਮ ਵਿੱਚ ਮਹਾਰਾਸ਼ਟਰ ਭਾਜਪਾ ਦੇ ਇੱਕ ਸੀਨੀਅਰ ਆਗੂ ਦੀ ਮੌਜੂਦਗੀ 'ਤੇ ਪ੍ਰਤੀਕਿਰਿਆ ਦਿੰਦਿਆਂ, ਵੜਿੰਗ ਨੇ ਭਾਜਪਾ ਹਾਈ ਕਮਾਂਡ ਤੋਂ ਆਪਣਾ ਸਟੈਂਡ ਸਪੱਸ਼ਟ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਪੁੱਛਿਆ ਕਿ ਕੀ ਮਹਾਰਾਸ਼ਟਰ ਭਾਜਪਾ ਦਾ ਇਹ ਆਗੂ ਪਾਰਟੀ ਦੀ ਨੁਮਾਇੰਦਗੀ ਕਰ ਰਿਹਾ ਸੀ ਜਾਂ ਆਪਣੀ ਨਿੱਜੀ ਹੈਸੀਅਤ ਵਿੱਚ ਉੱਥੇ ਗਿਆ ਸੀ? ਉਨ੍ਹਾਂ ਨੇ ਕਿਹਾ ਕਿ ਦੋਹਾਂ ਹੀ ਸਥਿਤੀਆਂ ਵਿੱਚ ਭਾਜਪਾ ਨੂੰ ਪੰਜਾਬ ਦੇ ਲੋਕਾਂ ਨੂੰ ਜਵਾਬ ਦੇਣਾ ਚਾਹੀਦਾ ਹੈ।

ਸੂਬਾ ਕਾਂਗਰਸ ਪ੍ਰਧਾਨ ਨੇ ਜ਼ੋਰ ਦਿੰਦਿਆਂ, ਕਿਹਾ ਕਿ ਜੇਕਰ ਕੋਈ ਭਾਜਪਾ ਦਾ ਵਿਰੋਧ ਕਰੇ ਤਾਂ ਉਸਨੂੰ ਤੁਰੰਤ "ਰਾਸ਼ਟਰ ਵਿਰੋਧੀ" ਕਰਾਰ ਦੇ ਦਿੱਤਾ ਜਾਂਦਾ ਹੈ, ਪਰ ਹੁਣ ਇਨ੍ਹਾਂ ਦੇ ਆਪਣੇ ਆਗੂ ਅਜਿਹੇ ਲੋਕਾਂ ਨਾਲ ਮੰਚ ਅਤੇ ਜਗ੍ਹਾ ਸਾਂਝੀ ਕਰ ਰਹੇ ਹਨ, ਜਿਨ੍ਹਾਂ ਦੇ ਵਿਚਾਰਾਂ ਬਾਰੇ ਲੋਕ ਸਭ ਕੁਝ ਜਾਣਦੇ ਹਨ।ਉਨ੍ਹਾਂ ਨੇ ਕਿਹਾ ਕਿ ਕਿਸੇ ਨੂੰ ਭਾਜਪਾ ਤੋਂ ਦੇਸ਼ਭਗਤੀ ਦਾ ਸਰਟੀਫਿਕੇਟ ਲੈਣ ਦੀ ਲੋੜ ਨਹੀਂ, ਲੇਕਿਨ ਇਸ ਘਟਨਾ ਨੇ ਪਾਰਟੀ ਦੀ ਦੋਗਲੀ ਨੀਤੀ ਅਤੇ ਪਖੰਡ ਨੂੰ ਬੇਨਕਾਬ ਕਰ ਦਿੱਤਾ ਹੈ। ਜਿਹੜੀ ਇੱਕ ਪਾਸੇ ਇਹ ਦੂਜਿਆਂ ਨੂੰ ਰਾਸ਼ਟਰਵਾਦ ਦਾ ਪਾਠ ਪੜ੍ਹਾਉਂਦੀ ਹੈ ਅਤੇ ਦੂਜੇ ਪਾਸੇ ਚੋਣੀ ਫਾਇਦੇ ਲਈ ਮੌਕਾਪ੍ਰਸਤੀ ਦਾ ਸਹਾਰਾ ਲੈਂਦੀ ਹੈ।ਵੜਿੰਗ ਨੇ ਭਾਜਪਾ ਨੂੰ ਯਾਦ ਦਵਾਇਆ ਕਿ ਪੰਜਾਬ ਨੇ ਅੱਤਵਾਦ ਦੇ ਕਾਲੇ ਦੌਰ ਦੌਰਾਨ ਹਜ਼ਾਰਾਂ ਜਾਨਾਂ ਗੁਆਈਆਂ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਨੇ ਵੰਡ ਪਾਊ ਅਤੇ ਫਿਰਕੂ ਵਿਚਾਰਧਾਰਾ ਨੂੰ ਕਾਫ਼ੀ ਸਮਾਂ ਪਹਿਲਾਂ ਨਕਾਰ ਦਿੱਤਾ ਸੀ। ਹੁਣ ਆਪਣੇ ਚੋਣਾਂ ਦੇ ਲਾਭ ਲਈ ਇਸਨੂੰ ਮੁੜ ਜਿਉਂਦਾ ਕਰਨ ਦੀ ਕੋਸ਼ਿਸ਼ ਨਾ ਕਰੋ।ਉਨ੍ਹਾਂ ਨੇ ਭਾਜਪਾ ਨੂੰ ਚੇਤਾਵਨੀ ਦਿੰਦਿਆਂ, ਕਿਹਾ ਕਿ ਕੁਝ ਵੋਟਾਂ ਦੀ ਖਾਤਰ ਅੱਗ ਨਾਲ ਖੇਡਣਾ ਬੰਦ ਕਰੇ। ਪੰਜਾਬੀ ਕਦੇ ਵੀ ਭਾਜਪਾ ਅਤੇ ਉਸਦੇ ਵੰਡ ਪਾਊ ਏਜੰਡੇ ਤੇ ਵਿਚਾਰਧਾਰਾ ਨੂੰ ਕਬੂਲ ਨਹੀਂ ਕਰਨਗੇ। ਅੱਜ ਤੁਸੀਂ ਖੁਦ ਬੇਨਕਾਬ ਹੋ ਗਏ ਹੋ ਕਿ ਚੋਣਾਂ ਦੇ ਲਾਭ ਲਈ ਤੁਸੀਂ ਕਿਸੇ ਵੀ ਹੱਦ ਤੱਕ ਡਿੱਗ ਸਕਦੇ ਹੋ।ਵੜਿੰਗ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਸ਼ਾਂਤੀ ਬਹਾਲ ਕਰਨ ਲਈ ਹਜ਼ਾਰਾਂ ਲੋਕਾਂ ਦੇ ਨਾਲ-ਨਾਲ ਕਾਂਗਰਸ ਨੇ ਸਭ ਤੋਂ ਵੱਡੀ ਕੁਰਬਾਨੀ ਦਿੱਤੀ ਹੈ। ਅਸੀਂ ਇੱਕ ਪ੍ਰਧਾਨ ਮੰਤਰੀ ਅਤੇ ਇੱਕ ਮੁੱਖ ਮੰਤਰੀ ਨੂੰ ਉਸੇ ਨਫ਼ਰਤ ਭਰੀ ਵਿਚਾਰਧਾਰਾ ਕਾਰਨ ਗੁਆਇਆ ਹੈ, ਜਿਸਨੂੰ ਤੁਸੀਂ ਅੱਜ ਆਪਣੇ ਵਿਚਾਰਧਾਰਕ ਰਿਸ਼ਤੇਦਾਰਾਂ ਵਾਂਗ ਅਪਣਾ ਰਹੇ ਹੋ ਅਤੇ ਗਲੇ ਲਗਾ ਰਹੇ ਹੋ।



ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com



ਬਰਜਿੰਦਰ ਕੌਰ ਬਿਸਰਾਓ
99889-01324

# ਸਮਰ ਕੈਂਪ ਲਗਾਉਣ ਦਾ ਮੰਤਵ ਅਤੇ ਰੁਝਾਨ

ਸਮਰ ਕੈਂਪ ਲਗਾਉਣਾ ਅੱਜ ਦੇ ਸਕੂਲਾਂ ਦਾ ਰਿਵਾਜ ਜਾਂ ਮਜ਼ਬੂਰੀ ਬਣ ਗਈ ਹੈ ਜਾਂ ਫਿਰ ਕੁਝ ਸੰਸਥਾਵਾਂ ਵੱਲੋਂ ਸਿਰਫ਼ ਕਮਾਈ ਦੇ ਸਾਧਨ ਵਜੋਂ ਵਰਤਿਆ ਜਾਂਦਾ ਹੈ। ਇਸ ਸਭ ਨੂੰ ਜਾਨਣ ਤੋਂ ਪਹਿਲਾਂ ਆਪਾਂ ਜੇ ਸਮਰ ਕੈਂਪ ਦੇ ਇਤਿਹਾਸ ਤੇ ਨਜ਼ਰ ਮਾਰੀਏ ਤਾਂ ਸਮਰ ਕੈਂਪ ਦਾ ਇਤਿਹਾਸ ਬਹੁਤ ਪੁਰਾਣਾ ਹੈ। ਇਸ ਦੀ ਸ਼ੁਰੂਆਤ ਇੱਕ ਬਹੁਤ ਵੱਡੇ ਮਕਸਦ ਨਾਲ ਕੀਤੀ ਗਈ ਸੀ। ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ 1861 ਈ: ਵਿੱਚ ਅਮਰੀਕਾ ਦੇ ਕਨੈਕਟੀਕਟਕਟ ਵਿੱਚ ਹੋਈ ਸੀ। ਇਸ ਦੀ ਸ਼ੁਰੂਆਤ ਫਰੈਡਰਿਕ ਡਬਲਯੂ. ਗਨ ਨਾਮਕ ਅਧਿਆਪਕ ਦੁਆਰਾ ਕੀਤੀ ਗਈ ਸੀ। ਉਹਨਾਂ ਨੇ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਸੰਤੁਲਨ ਨੂੰ ਬਣਾਈ ਰੱਖਣ ਲਈ ਉਹਨਾਂ ਨੂੰ ਦੋ ਹਫ਼ਤਿਆਂ ਲਈ ਬਾਹਰ ਪਹਾੜਾਂ ਅਤੇ ਕੁਦਰਤੀ ਮਾਹੌਲ ਵਿੱਚ ਕੈਂਪ ਲਗਾ ਕੇ ਵੱਖ-ਵੱਖ ਗਤੀਵਿਧੀਆਂ ਜਿਵੇਂ ਹਾਈਕਿੰਗ, ਤੈਰਾਕੀ ਅਤੇ ਸੈਰ-ਸਪਾਟਾ ਵਰਗੀਆਂ ਗਤੀਵਿਧੀਆਂ ਕਰਵਾਈਆਂ ਸਨ।

ਉਹਨਾਂ ਵੱਲੋਂ ਸਮਰ ਕੈਂਪ ਬੱਚਿਆਂ ਦੇ ਸਰਵਪੱਖੀ ਵਿਕਾਸ ਦੇ ਮਕਸਦ ਨਾਲ ਸ਼ੁਰੂ ਕੀਤਾ ਗਿਆ ਸੀ। ਇਸ ਵਿੱਚ ਬੱਚਿਆਂ ਨੂੰ ਨਵੇਂ ਹੁਨਰ ਸਿੱਖਣਾ, ਆਤਮ-ਵਿਸ਼ਵਾਸ ਵਧਣਾ ਅਤੇ ਸਮਾਜਿਕ ਘੁਲਮਿਲਣਾ ਆਦਿਕ ਸਿਖਾਉਣ ਦਾ ਟੀਚਾ ਮਿੱਥਿਆ ਗਿਆ ਸੀ । ਉਹਨਾਂ ਦਾ ਮੰਨਣਾ ਸੀ ਕਿ ਸਮਰ ਕੈਂਪ ਗਰਮੀਆਂ ਦੀਆਂ ਛੁੱਟੀਆਂ ਦਾ ਸਹੀ ਉਪਯੋਗ ਕਰਦੇ ਹੋਏ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਕਿਰਿਆਸ਼ੀਲ ਅਤੇ ਤੰਦਰੁਸਤ ਰੱਖਦੇ ਹਨ।

ਯੂਰੇਕਾ ਵੱਲੋਂ ਭਾਰਤ ਵਿੱਚ ਸਿੱਖਣ-ਆਧਾਰਿਤ ਜੰਗਲੀ ਸਮਰ ਕੈਂਪਾਂ ਦੇ ਸੰਕਲਪ ਦੀ ਸ਼ੁਰੂਆਤ ਇਸ ਸੰਸਥਾ ਨੇ ਕੀਤੀ, ਜਿਨ੍ਹਾਂ ਨੇ 1996 ਵਿੱਚ ਸੀਤਲਾਖੇਤ, ਉੱਤਰਾਖੰਡ ਵਿਖੇ ਆਪਣਾ ਮੁੱਖ ਕੈਂਪ ਖੋਲ੍ਹਿਆ। ਇਸ ਤੋਂ ਇਲਾਵਾ ਕਿਸੇ ਇੱਕ ਅਧਿਕਾਰਤ ਜਾਂ ਕੇਂਦਰੀ ਸੰਸਥਾ ਦੁਆਰਾ "ਪਹਿਲੇ ਸਮਰ ਕੈਂਪ" ਦੀ ਸਹੀ ਮਿਤੀ ਦਾ ਕੋਈ ਲਿਖਤੀ ਇਤਿਹਾਸਕ ਪ੍ਰਮਾਣ ਨਹੀਂ ਹੈ।

ਹਾਲਾਂਕਿ, ਭਾਰਤ ਵਿੱਚ ਸਮਰ ਕੈਂਪਾਂ ਦੀ ਸ਼ੁਰੂਆਤ 20ਵੀਂ ਸਦੀ ਦੇ ਮੱਧ ਵਿੱਚ ਹੋਈ, ਜਿਸ ਵਿੱਚ ਭਾਰਤੀ ਸਕਾਊਟਸ ਅਤੇ ਗਾਈਡਜ਼ ਅਤੇ ਵੱਖ-ਵੱਖ ਧਾਰਮਿਕ ਸੰਸਥਾਵਾਂ ਨੇ ਬੱਚਿਆਂ ਦੇ ਵਿਕਾਸ ਲਈ ਪਹਿਲਕਦਮੀ ਕੀਤੀ ਸੀ। ਅੱਜ ਕੱਲ੍ਹ ਸਮਰ ਕੈਂਪ ਵੀ ਕਈ ਤਰ੍ਹਾਂ ਦੇ ਲਗਾਏ ਜਾਂਦੇ ਹਨ। ਕਈ ਲੋਕ ਡੇ ਕੈਂਪ ਲਗਾਉਂਦੇ ਹਨ,ਇਹ ਕੈਂਪ ਦਿਨ ਦੇ ਸਮੇਂ ਕੁਝ ਘੰਟਿਆਂ ਲਈ ਲੱਗਦੇ ਹਨ ਅਤੇ ਬੱਚੇ ਸਵੇਰ ਨੂੰ ਜਾ ਕੇ ਸ਼ਾਮ ਨੂੰ ਆਪਣੇ ਘਰ ਵਾਪਸ ਪਰਤ ਆਉਂਦੇ ਹਨ । ਕੋਈ ਕੋਈ ਸੰਸਥਾਵਾਂ ਜਾਂ ਔਰਗੇਨਾਈਜ਼ਰ ਕਈ ਕਈ ਦਿਨ ਦੇ ਕੈਂਪ ਵੀ ਲਗਾਉਂਦੇ ਹਨ ਜਿਸ ਵਿੱਚ ਬੱਚੇ ਕਈ ਦਿਨਾਂ ਲਈ ਕੈਂਪ ਵਾਲੀ ਥਾਂ 'ਤੇ ਹੀ ਰਹਿੰਦੇ ਹਨ । ਉੱਥੇ ਬੱਚਿਆਂ ਨੂੰ ਆਪਣੀ ਸੁਰੱਖਿਆ ਦੇ ਨਾਲ਼ ਨਾਲ਼ ਆਪਣੀਆਂ ਗਤੀਵਿਧੀਆਂ ਤੇ ਸਮਾਜਿਕ ਭਲਾਈ ਦੇ ਕੰਮ ਕਾਜ ਸਿਖਾਉਣ ਦੀ ਜ਼ਿੰਮੇਵਾਰੀ ਨਿਭਾਈ ਜਾਂਦੀ ਹੈ। ਬਹੁਤੇ ਲੋਕਾਂ ਜਾਂ ਸੰਸਥਾਵਾਂ ਵੱਲੋਂ ਖੇਡਾਂ, ਡਾਂਸ, ਵਿਗਿਆਨ, ਆਰਟ ਐਂਡ ਕਰਾਫਟ, ਜਾਂ ਐਡਵੈਂਚਰ 'ਤੇ ਆਧਾਰਿਤ ਤੇ ਸਮਰ ਕੈਂਪ ਲਗਾਉਣ ਦਾ ਰੁਝਾਨ ਵਧਿਆ ਹੈ। ਕੁਝ ਦਿਨਾਂ ਲਈ ਇਹੋ ਜਿਹੇ ਸਮਰ ਕੈਂਪ ਲਗਾ ਕੇ ਮਾਪਿਆਂ ਤੋਂ ਮੋਟੀਆਂ ਫੀਸਾਂ ਵਸੂਲੀਆਂ ਜਾਂਦੀਆਂ ਹਨ।

ਅਸਲ ਵਿੱਚ ਸਮਰ ਕੈਂਪਾਂ ਵਿੱਚ ਜਾ ਕੇ ਬੱਚੇ ਖੇਡਾਂ, ਚਿੱਤਰਕਾਰੀ, ਡਾਂਸ, ਸੰਗੀਤ, ਅਤੇ ਰੋਬੋਟਿਕਸ ਵਰਗੀਆਂ ਨਵੀਆਂ ਚੀਜ਼ਾਂ ਸਿੱਖਦੇ ਹਨ। ਇਹ ਕੈਂਪ ਬੱਚਿਆਂ ਨੂੰ ਮੋਬਾਈਲ ਅਤੇ ਟੀਵੀ ਤੋਂ ਦੂਰ ਰੱਖ ਕੇ ਸਰੀਰਕ ਗਤੀਵਿਧੀਆਂ ਵਿੱਚ ਰੁਝਾਉਂਦੇ ਹਨ। ਵੱਖ-ਵੱਖ ਸਕੂਲਾਂ ਦੇ ਬੱਚਿਆਂ ਨਾਲ ਮਿਲਣ-ਜੁਲਣ ਅਤੇ ਸਟੇਜ ਗਤੀਵਿਧੀਆਂ ਵਿੱਚ ਹਿੱਸਾ ਲੈਣ ਨਾਲ ਬੱਚਿਆਂ ਦਾ ਡਰ ਦੂਰ ਹੁੰਦਾ ਹੈ।ਇੱਕ ਹੋਣਹਾਰ ਸ਼ਖ਼ਸੀਅਤ ਵਜੋਂ ਉਭਰਨ ਦਾ ਮੌਕਾ ਪ੍ਰਦਾਨ ਕਰਦੇ ਹਨ। ਸਮਰ ਕੈਂਪਾਂ ਵਿੱਚ ਜਾ ਕੇ ਬੱਚੇ ਸਵੈ ਨਿਰਭਰਤਾ ਸਿੱਖਦੇ ਹਨ। ਬੱਚੇ ਛੋਟੇ-ਛੋਟੇ ਕੰਮ ਖੁਦ ਕਰਨੇ ਸਿੱਖਦੇ ਹਨ, ਜਿਸ ਨਾਲ ਉਨ੍ਹਾਂ ਵਿੱਚ ਆਜ਼ਾਦ ਰਹਿਣ ਦੀ ਭਾਵਨਾ ਪੈਦਾ ਹੁੰਦੀ ਹੈ। ਕਈ ਸਮਰ ਕੈਂਪ ਸਭਿਆਚਰਕ ਗਤੀਵਿਧੀਆਂ ਨਾਲ਼ ਸਬੰਧਤ ਹੋਣ ਕਰਕੇ ਬੱਚੇ ਗਿੱਧਾ, ਭੰਗੜਾ, ਲੋਕ ਨਾਚ, ਅਤੇ ਸੰਗੀਤ ਸਿਖਾਉਂਦੇ ਹਨ। ਬਹੁਤ ਜਗ੍ਹਾ ਬੱਚਿਆਂ ਨੂੰ ਕਲਾ ਅਤੇ ਹੁਨਰ ਨਾਲ਼ ਜੋੜਨ ਦੇ ਮਕਸਦ ਨਾਲ ਡਰਾਇੰਗ, ਪੇਂਟਿੰਗ, ਮਿੱਟੀ ਦੇ ਖਿਡੌਣੇ ਬਣਾਉਣਾ, ਅਤੇ ਕੈਲੀਗ੍ਰਾਫੀ ਸੁੰਦਰ ਲਿਖਾਈ ਆਦਿ ਸਿਖਾਉਣ ਦਾ ਮਕਸਦ ਤੈਅ ਕੀਤਾ ਜਾਂਦਾ ਹੈ। ਬਹੁਤ ਲੋਕ ਖੇਡਾਂ ਦੇ,ਯੋਗਾ ਸਿਖਾਉਣ ਅਤੇ ਮੈਡੀਟੇਸ਼ਨ, ਕਰਾਟੇ, ਅਤੇ ਹੋਰ ਮੈਦਾਨੀ ਖੇਡਾਂ ਦੇ ਸਮਰ ਕੈਂਪਾਂ ਦਾ ਆਯੋਜਨ ਵੀ ਕਰਦੇ ਹਨ।

ਸਮਰ ਕੈਂਪ ਲਗਾਉਣ ਦਾ ਮਕਸਦ ਬਹੁਤ ਵਧੀਆ ਹੈ ਪਰ ਕੀ ਸਾਡੇ ਦੇਸ਼ ਵਿੱਚ ਬੱਚਿਆਂ ਵਿੱਚ ਹੁਨਰ ਵਿਕਾਸ ਜਾਂ ਵਾਧੂ ਸਿੱਖਿਆ ਦੇਣ ਲਈ ਜਾਂ ਕਲਾ ਕਿਰਤਾਂ ਨਾਲ਼ ਜੋੜਨ ਲਈ ਜਾਂ ਫਿਰ ਸਭਿਆਚਾਰਕ ਗਤੀਵਿਧੀਆਂ ਨਾਲ਼ ਜੋੜਨ ਲਈ ਸੱਚਮੁੱਚ ਸਹਾਈ ਸਿੱਧ ਹੋ ਰਿਹਾ ਹੈ? ਜਾਂ ਫਿਰ ਲੋਕਾਂ ਨੇ ਇਸ ਨੂੰ ਇੱਕ ਦੋ ਮਹੀਨੇ ਵਿੱਚ ਮੋਟੀ ਕਮਾਈ ਕਰਨ ਦੇ ਮਕਸਦ ਨਾਲ ਆਯੋਜਨ ਕਰਨਾ ਸ਼ੁਰੂ ਕਰ ਦਿੱਤਾ ਹੈ।

ਗਰਮੀਆਂ ਦੀਆਂ ਛੁੱਟੀਆਂ ਤੋਂ ਪਹਿਲਾਂ ਹੀ ਬਹੁਤ ਸਾਰੀਆਂ ਨਿੱਜੀ ਸੰਸਥਾਵਾਂ ਵੱਲੋਂ ਸਮਰ ਕੈਂਪ ਦੀਆਂ ਮਸ਼ਹੂਰੀਆਂ ਆਉਣ ਲੱਗ ਜਾਂਦੀਆਂ ਹਨ। ਉਸ ਵਿੱਚ ਦਿੱਤੀ ਜਾਣ ਵਾਲੀ ਸਿਖਲਾਈ ਅਤੇ ਬਹੁਤ ਸਾਰੀਆਂ ਸੁੱਖ ਸਹੂਲਤਾਂ ਬਾਰੇ ਦੱਸਿਆ ਜਾਂਦਾ ਹੈ। ਬਹੁਤੇ ਅਮੀਰ ਜਾਂ ਮੱਧਵਰਗੀ ਮਾਪੇ ਆਪਣੇ ਬੱਚਿਆਂ ਲਈ ਇਹੋ ਜਿਹੇ ਸਮਰ ਕੈਂਪ ਚੁਣਦੇ ਹਨ। ਇਹ ਵੀ ਵੇਖਣ ਨੂੰ ਆਇਆ ਹੈ ਕਿ ਅੱਜ ਕੱਲ੍ਹ ਤਕਰੀਬਨ ਸਾਰੇ ਸਕੂਲਾਂ ਵੱਲੋਂ ਬੜੀ ਚਲਾਕੀ ਨਾਲ ਸੈਸ਼ਨ ਦੇ ਸ਼ੁਰੂ ਵਿੱਚ ਹੀ ਦਾਖ਼ਲੇ ਸਮੇਂ ਐਕਟਿਵਿਟੀ ਚਾਰਜ ਦੇ ਨਾਂ ਹੇਠ ਮੋਟੀ ਫੀਸ ਵਸੂਲ ਲਈ ਜਾਂਦੀ ਹੈ। ਰਸਮੀ ਤੌਰ ਤੇ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕਰਨ ਤੋਂ ਬਾਅਦ ਸਕੂਲਾਂ ਵਿੱਚ ਬੱਚਿਆਂ ਨੂੰ "ਸਮਰ ਕੈਂਪ" ਲਈ ਦਸ ਤੋਂ ਪੰਦਰਾਂ ਦਿਨਾਂ ਤੱਕ ਬੁਲਾਇਆ ਜਾਂਦਾ ਹੈ ਤਾਂ ਜੋ ਇੱਕ ਤਾਂ ਉਹ ਅਧਿਆਪਕਾਂ ਤੋਂ ਤਨਖਾਹ ਬਦਲੇ ਵਾਧੂ ਕੰਮ ਵੀ ਲੈ ਲੈਂਦੇ ਹਨ ਤੇ ਦੂਜਾ ਇਹ ਕਮਾਈ ਦਾ ਵੀ ਵਧੀਆ ਸਾਧਨ ਹੈ। ਬੱਚੇ ਦਸ ਤੋਂ ਪੰਦਰਾਂ ਦਿਨਾਂ ਵਿੱਚ ਕੀ ਸਿੱਖਦੇ ਹਨ, ਅਖੀਰਲੇ ਦਿਨ ਇੱਕ ਪ੍ਰਦਰਸ਼ਨੀ ਲਗਾ ਕੇ ਦਿਖਾ ਦਿੱਤਾ ਜਾਂਦਾ ਹੈ।

ਸਾਡੇ ਸਮਾਜਿਕ ਜਾਂ ਸਾਕੇਦਾਰੀ ਦੀਆਂ ਰਿਸ਼ਤੇਦਾਰੀਆਂ ਦੇ ਆਪਸੀ ਵਿਸ਼ਵਾਸ ਅਤੇ ਮਿਲਵਰਤਣ ਵਿੱਚ ਕਮੀ ਆ ਗਈ ਹੈ ਜਿਸ ਕਾਰਨ ਬੱਚਿਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਬਿਤਾਉਣ ਲਈ ਜਾਂ ਤਾਂ ਆਪਣੇ ਮਾਪਿਆਂ ਨਾਲ ਕਿਤੇ ਪਹਾੜਾਂ ਵਿੱਚ ਘੁੰਮਣ ਜਾਣਾ ਪੈਂਦਾ ਹੈ ਜਾਂ ਘਰ ਬੈਠ ਕੇ ਹੀ ਛੁੱਟੀਆਂ ਦਾ ਆਨੰਦ ਲਿਆ ਜਾਂਦਾ ਹੈ। ਅਜੋਕੇ ਮਾਪੇ ਵੀ ਜਾਂ ਤਾਂ ਦੋਵੇਂ ਕੰਮ ਕਾਜੀ ਹੋਣ ਕਰਕੇ ਜਾਂ ਸਾਰਾ ਦਿਨ ਘਰ ਵਿੱਚ ਬੱਚਿਆਂ ਦੇ ਰੌਲ਼ੇ ਰੱਪੇ ਤੋਂ ਬਚਣ ਲਈ ਫ਼ੀਸ ਭਰ ਕੇ ਸਮਰ ਕੈਂਪ ਵਿੱਚ ਬੱਚਿਆਂ ਨੂੰ ਭੇਜਣਾ ਪਸੰਦ ਕਰਦੇ ਹਨ।

ਕਈ ਲੋਕ ਤਾਂ ਸਕੂਲ ਤੋਂ ਮਿਲ਼ੇ ਛੁੱਟੀਆਂ ਦਾ ਕੰਮ ਕਰਵਾਉਣ ਲਈ ਵੀ ਸਮਰ ਕੈਂਪ ਲਗਾਉਣ ਲੱਗ ਪਏ ਹਨ। ਮਾਪੇ ਇਹੋ ਜਿਹੇ ਸਮਰ ਕੈਂਪਾਂ ਵਿੱਚ ਬੱਚਿਆਂ ਨੂੰ ਭੇਜ ਕੇ ਆਪਣੀ ਸਿਰਦਰਦੀ ਤੋਂ ਮੁਕਤ ਹੋ ਜਾਂਦੇ ਹਨ। ਜੋ ਵੀ ਹੈ ਕਿਤੇ ਨਾ ਕਿਤੇ 'ਸਮਰ ਕੈਂਪ ' ਬਹੁਤ ਸਾਰੇ ਬੇਰੁਜ਼ਗਾਰ ਲੋਕਾਂ ਨੂੰ ਥੋੜ੍ਹਾ ਬਹੁਤ ਰੋਜ਼ਗਾਰ ਮੁਹੱਈਆ ਕਰਨ ਦੇ ਨਾਲ ਨਾਲ ਮਾਪਿਆਂ ਅਤੇ ਬੱਚਿਆਂ ਲਈ ਵੀ ਲਾਹੇਵੰਦ ਸਾਬਤ ਹੋ ਰਹੇ ਹਨ।







ATWAL
IMMIGRATION SERVICES
ATWAL
TAX & IMMIGRATION
SERVICES
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# Ghuman Law Group

GHUMAN LAW GROUP INC.

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**

**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd. Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH gillsontrucking company/gillsontrucking www.teamgillson.com

ਸਾਂਝੀ ਸੋਚ
Surjit Singh Flora
6 Havelock Drive
Brampton, Canada
647-829-9397



# ਸਤਪਾਲ ਸਿੰਘ ਜੌਹਲ: ਚਰਿੱਤਰ ਸੇਵਾ ਅਤੇ ਦਲੇਰੀ ਦਾ ਸੁਮੇਲ

ਬਹੁਤੀਆਂ ਪਬਲਿਕ ਸਖਸ਼ੀਅਤਾਂ ਨੂੰ ਉਨ੍ਹਾਂ ਦੇ ਨਾਹਰਿਆਂ ਅਤੇ ਗੱਲਾਂ ਕਰ ਕੇ ਜਾਣਿਆ-ਪਛਾਣਿਆ ਜਾਂਦਾ ਹੈ ਪਰ ਸਤਪਾਲ ਸਿੰਘ ਜੌਹਲ ਨੂੰ ਉਨ੍ਹਾਂ ਦੇ ਅਮਲੀ ਕੰਮਾਂ ਅਤੇ ਨਿੱਘੇ ਵਰਤ-ਵਰਤਾਓ ਕਰ ਕੇ ਵੱਧ ਜਾਣਿਆ ਜਾਂਦਾ ਹੈ। ਰਸਮੀ ਤੌਰ 'ਤੇ ਓਹ ਓਂਟਾਰੀਓ ਸੂਬੇ ਦੇ ਬਰੈਂਪਟਨ ਸ਼ਹਿਰ ਦੇ 9 ਅਤੇ 10 ਵਾਰਡਾਂ ਦੇ ਸਕੂਲ ਟਰਸਟੀ ਹਨ। ਪਰ ਪੰਜਾਬੀ ਭਾਈਚਾਰੇ 'ਚ ਓਹ ਸੁਚਾਰੂ ਮੀਡੀਆ ਕੰਮਾਂ ਅਤੇ ਪਰਵਾਸ ਨਾਲ਼ ਜੁੜੀਆਂ ਜਨਤਕ ਸੇਵਾਵਾਂ ਕਰ ਕੇ ਵੱਧ ਨਾਮਨਾ ਖੱਟ ਚੁੱਕੇ ਹਨ। ਇਨ੍ਹਾਂ ਸਭ ਕੰਮਾਂ ਨੂੰ ਇਕੱਠੇ ਕਰਨ ਨਾਲ਼ ਉਨ੍ਹਾਂ ਦੀ ਸਖਸ਼ੀਅਤ ਇੱਕ ਮਦਦਗਾਰ ਵਿਅਕਤੀ, ਮਿਠ-ਬੋਲੇ, ਬੇ-ਬਾਕ ਅਤੇ ਦਲੇਰ ਸਖਸ਼ ਦੇ ਤੌਰ 'ਤੇ ਉੱਭਰੀ ਹੈ।

ਉਨ੍ਹਾਂ ਦੇ ਸਮਰਥਕ ਇੱਕ ਗੱਲ ਚੰਗੀ ਤਰ੍ਹਾਂ ਜਾਣਦੇ ਹਨ ਕਿ ਜਦ ਕੋਈ ਕੰਮ ਗਲਤ ਹੋ ਰਿਹਾ ਹੋਵੇ ਤਾਂ ਓਹ ਉਸ ਵਿਰੁਧ ਖੜੇ ਹੋਣ ਲਈ ਪਿਛਾਂਹ ਨਹੀਂ ਰਹਿੰਦੇ। ਉਨ੍ਹਾਂ ਦੀ ਇਹ ਪਛਾਣ ਅੱਜ ਹੋਰ ਵੀ ਮਹੱਤਵ-ਪੂਰਨ ਬਣ ਜਾਂਦੀ ਹੈ, ਕਿਉਂਕਿ ਓਹ 26 ਅਕਤੂਬਰ ਨੂੰ ਹੋਣ ਵਾਲ਼ੀਆਂ ਬਰੈਂਪਟਨ ਦੀਆਂ ਮਿਊਂਸਪਲ ਚੋਣਾਂ 'ਚ ਰਿਜਨਲ ਕਾਊਂਸਲਰ ਲਈ ਉਮੀਦਵਾਰ ਹਨ। ਉਨ੍ਹਾਂ ਦੀ ਜਨਤਕ ਛਵੀ ਉਨ੍ਹਾਂ ਦੇ ਅਮਲਾਂ ਅਤੇ ਉਨ੍ਹਾਂ ਦੀਆਂ ਪ੍ਰਭਾਵ-ਕਾਰੀ ਕਾਰਵਾਈਆਂ 'ਚੋ ਉਪਜੀ ਹੈ, ਕਿਸੇ ਲਿਫਾਫੇਬਾਜੀ 'ਚੋਂ ਨਹੀਂ। ਇਹ ਛਵੀ ਇਕੱਲੇ ਦਫਤਰੀ ਕੰਮਾਂ ਕਰ ਕੇ ਨਹੀਂ ਬਣੀ ਬਲਕਿ ਉਨ੍ਹਾਂ ਦੇ ਪਬਲਿਕ ਵਿੱਚ ਵਿਚਰਣ ਦੇ ਅਸਰ-ਦਾਰ ਤਰੀਕਿਆਂ, ਲੋਕਾਂ ਨਾਲ਼ ਵਿਚਾਰ-ਵਟਾਂਦਰਿਆਂ ਅਤੇ ਉਨ੍ਹਾਂ ਦੇ ਸੁਹਿਰਦ ਸੰਬੰਧਾਂ ਕਰ ਕੇ ਬਣੀ ਹੈ। ਉਨ੍ਹਾਂ ਨੂੰ ਮਿਲਣਾ ਬਹੁਤ ਸੁਖਾਲ਼ਾ ਹੈ ਅਤੇ ਇਹ ਗੱਲ ਇਸ ਸ਼ਹਿਰ 'ਚ ਬਹੁਤ ਮਹੱਤਵ ਰਖਦੀ ਹੈ ਜਿੱਥੇ ਪਬਲਿਕ ਨੂੰ ਸਿੱਧੀ ਅਤੇ ਠੋਸ ਮਦਦ ਦੀ ਲੋੜ ਹੈ, ਨਾਂ ਕਿ ਗੱਲਾਂ ਦੇ ਕੜਾਹ ਦੀ।

ਪਬਲਿਕ ਦੀਆਂ ਨਜਰਾਂ 'ਚ ਓਹ ਪੰਜਾਬੀ ਮੀਡੀਆ, ਲੋਕਲ ਤਪਸਰਿਆਂ ਅਤੇ ਪਰਿਵਾਸ-ਸੰਬੰਧੀ ਮਸਲਿਆਂ ਨਾਲ਼ ਜੁੜੇ ਹੋਏ ਹਨ। ਇਸ ਤਰ੍ਹਾਂ ਓਹ ਪਬਲਿਕ ਦੇ ਰੋਜ-ਮਰਾ ਜੀਵਨ ਦੇ ਜਰੂਰੀ ਮਸਲਿਆਂ ਬਾਰੇ ਪੂਰੀ ਜਾਣਕਾਰੀ ਰਖਦੇ ਹਨ ਅਤੇ ਉਨ੍ਹਾਂ ਦੀ ਅਵਾਜ ਨੂੰ ਹੋਰ ਬੁਲੰਦ ਕਰਦੇ ਹਨ। ਇਸ ਤਰ੍ਹਾਂ ਜਮੀਨੀ ਹਕੀਕਤਾਂ ਨਾਲ਼ ਜੁੜੇ ਰਹਿਣ ਕਰ ਕੇ ਓਹ ਬਰੈਂਪਟਨ ਨਿਵਾਸੀਆਂ ਦੀਆਂ ਸਭ ਸਮੱਸਿਆਵਾਂ ਤੋਂ ਪੂਰੀ ਤਰ੍ਹਾਂ ਵਾਕਫ ਹਨ ਅਤੇ ਇਨ੍ਹਾਂ ਦੀਆਂ ਬਰੀਕੀਆਂ ਸਮਝਦੇ ਹਨ । ਇਨ੍ਹਾਂ ਬਾਰੇ ਹਰ ਸਟੇਜ ਤੋਂ ਪੂਰੀ ਸਪਸ਼ਟਤਾ ਨਾਲ਼ ਅਤੇ ਖੁਲ੍ਹ ਕੇ ਬੋਲਦੇ ਹਨ। ਮੀਡੀਆ ਦਾ ਤਜਰਬਾ ਇਨਸਾਨ ਨੂੰ ਬਹੁਤ ਕੀਮਤੀ ਸਬਕ ਸਿਖਾਉਂਦਾ ਹੈ ਪਰ ਇੱਥੇ ਕੀਤੀ ਛੋਟੀ ਜਿਹੀ ਕੁਤਾਹੀ ਵੀ ਪਬਲਿਕ 'ਚ ਬਣੀ ਹੋਈ ਭੱਲ ਨੂੰ ਢਾਹ ਲਾ ਦਿੰਦੀ ਹੈ। ਜੌਹਲ ਸਾਹਿਬ ਇਸ ਗੱਲ ਪ੍ਰਤੀ ਪੂਰੀ ਤਰ੍ਹਾਂ ਜਾਗਰੂਕ ਹਨ ਅਤੇ ਉਨ੍ਹਾਂ ਦਾ ਸਟਾਈਲ ਇਸ ਅਸਲੀਅਤ 'ਚ ਪੂਰਾ ਫਿੱਟ ਬੈਠਦਾ ਹੈ। ਓਹ ਸਪਸ਼ਟ ਅਤੇ ਸਿੱਧੀ ਗੱਲ ਕਰਦੇ ਹਨ ਜਿਸ ਕਰ ਕੇ ਲੋਕ ਉਨ੍ਹਾਂ ਨੂੰ ਧਿਆਨ ਨਾਲ਼ ਸੁਣਦੇ ਹਨ।

ਜਦ ਲੋਕਲ ਮਸਲੇ ਜਾਂ ਪਰਿਵਾਸ ਨਾਲ਼ ਜੁੜੀਆਂ ਗੱਲਾਂ ਕਾਨੂੰਨੀ ਗੁੰਝਲ਼ਾਂ 'ਚ ਫਸ ਜਾਂਦੀਆਂ ਹਨ ਤਾਂ ਪਰਿਵਾਰਾਂ ਨੂੰ ਕਿਸੇ ਐਸੀ ਪਰਸਨੈਲਿਟੀ ਦੀ ਲੋੜ ਪੈਂਦੀ ਹੈ ਜੋ ਉਨ੍ਹਾਂ ਨੂੰ ਸਰਲ ਬੋਲਾਂ 'ਚ ਸਮਝਾ ਸਕੇ। ਬਰੈਂਪਟਨ 'ਚ ਇਸ ਤਰ੍ਹਾਂ ਦੀਆਂ ਸਿੱਧੀਆਂ-ਸਪਸ਼ਟ ਗੱਲਾਂ ਦੀ ਬਹੁਤ ਲੋੜ ਹੈ, ਜਿੱਥੇ ਜਨਤਾ ਲੋਕਲ ਅਤੇ ਸੰਸਾਰ ਪੱਧਰ - ਦੋਹਾਂ ਦੀਆਂ ਗੱਲਾਂ ਜਾਣਨਾ ਪਸੰਦ ਕਰਦੀ ਹੈ। ਇੱਥੇ ਜਿਹੜਾ ਕੋਈ ਵੀ ਇੱਧਰ-ਉੱਧਰ ਦੀਆਂ ਗੱਲਾਂ ਛੱਡ ਕੇ, ਜਨਤਾ ਦੇ ਮਸਲਿਆਂ ਦੀਆਂ ਗੱਲਾਂ ਕਰੇਗਾ ਅਤੇ ਪਬਲਿਕ ਦੀਆਂ ਭਾਵਨਾਵਾਂ ਦੀ ਪਛਾਣ ਕਰ ਕੇ ਕਦਰ ਕਰੇਗਾ, ਓਹ ਹੀ ਸਫਲ ਹੋ ਸਕੇਗਾ। ਜੌਹਲ ਸਾਹਿਬ ਇਸ ਤਰ੍ਹਾਂ ਦੀਆਂ ਸਾਰੀਆਂ ਗੱਲਾਂ ਕਰਨ 'ਚ ਮਾਹਿਰ ਹਨ ਕਿਉਂਕਿ ਓਹ ਹਮੇਸ਼ਾਂ ਇੱਕ 'ਗਰਾਊਂਡ' ਹੋਏ ਬੰਦੇ ਵਾਂਗ ਕੰਮ ਕਰਨਾ ਜਾਣਦੇ ਹਨ।

ਉਨ੍ਹਾਂ ਦੀ ਜਨਤਕ ਛਵੀ ਪਰਿਵਾਸ ਦੇ ਮਸਲਿਆਂ ਨਾਲ਼ ਬਹੁਤ ਸੰਬੰਧ ਰਖਦੀ ਹੈ ਅਤੇ ਇਸ ਗੁਣ ਦੀ ਬਰੈਂਪਟਨ 'ਚ ਬਹੁਤ ਕਦਰ ਹੈ। ਬਹੁਤੇ ਪਰਿਵਾਰਾਂ ਲਈ ਇਹ ਗੰਭੀਰ ਮਸਲਾ ਹੈ ਕਿਉਂਕਿ ਇਹ ਉਨ੍ਹਾਂ ਦੇ ਪਰਿਵਾਰ ਦੇ ਇਕੱਠੇ ਹੋਣ, ਕੰਮ, ਪੜ੍ਹਾਈਆਂ ਅਤੇ ਪਰਿਵਾਰਕ ਸੁਰੱਖਿਆ 'ਤੇ ਅਸਰ ਪਾਉਂਦਾ ਹੈ। ਇਸ ਤਰ੍ਹਾ ਦੇ ਕੰਮਾਂ 'ਚ ਪੂਰੀ ਦਰੁਸਤੀ, ਸਹਿਜਤਾ ਅਤੇ ਹਮਦਰਦੀ ਦੀ ਅਹਿਮ ਲੋੜ ਹੈ। ਛੋਟੀ ਜਿਹੀ ਗਲਤੀ ਵੀ ਕਿਸੇ ਪਰਿਵਾਰ ਦਾ ਜੀਵਨ ਖਰਾਬ ਕਰ ਸਕਦੀ ਹੈ। ਸਮਰਥਕ ਇਸ ਗੱਲੋਂ ਪੂਰੇ ਸੰਤੁਸ਼ਟ ਹਨ ਕਿ ਓਹ ਸਾਰੇ ਕੰਮ ਪੂਰੀ ਦਿਆਨਤਦਾਰੀ ਅਤੇ ਚੰਗੀ ਭਾਵਨਾ ਨਾਲ ਕਰਦੇ ਹਨ - ਭਾਵੇ ਇਹ ਰਵਈਆ ਕਿਸੇ ਨੂੰ ਚੰਗਾ ਨਾਂ ਵੀ ਲੱਗੇ। ਇਸ ਕਰਕੇ ਹੀ ਲੋਕ ਉਨ੍ਹਾ ਨੂੰ ਪੂਰਾ ਮਦਦਗਾਰ ਮੰਨਦੇ ਹਨ, ਹਾਲਾਂਕਿ ਮਦਦ ਕਰਨਾ ਹਮੇਸ਼ਾ ਸੌਖਾ ਜਾਂ ਭਲੀ-ਮਾਣਸੀ ਵਾਲ਼ਾ ਕੰਮ ਨਹੀਂ ਹੁੰਦਾ। ਕਦੇ-ਕਦੇ ਕੌੜੀਆਂ ਸਚਾਈਆਂ ਵੀ ਦੱਸਣੀਆਂ ਪੈਂਦੀਆਂ ਹਨ, ਲੋਕਾਂ ਨੂੰ ਸੰਭਾਵੀ 'ਰਿਸਕਾਂ' ਬਾਰੇ ਸੁਚੇਤ ਕਰਨਾ ਪੈਂਦਾ ਹੈ ਅਤੇ ਗਲਤ ਕੰਮ ਕਰਨ ਤੋਂ ਨਾਂਹ ਕਰਨ ਦੀ ਹਿੰਮਤ ਕਰਨੀ ਪੈਂਦੀ ਹੈ।

ਜੌਹਲ ਸਾਹਿਬ ਦੀ ਜਨਤਾ 'ਚ ਬਣੀ ਪੈਂਠ ਦਾ ਇੱਕ ਹੋਰ ਕਾਰਨ ਉਨ੍ਹਾਂ ਵਲੋਂ ਉੱਚੀਆਂ ਨੈਤਿਕ ਕਦਰਾਂ-ਕੀਮਤਾਂ ਅਨੁਸਾਰ ਵਰਤ-ਵਰਤਾਓ ਕਰਨਾ ਹੈ। ਸਭ ਜਾਣਦੇ ਹਨ ਕਿ ਜਦ ਕਦੇ ਵੀ ਕਿਸੇ ਰੂਲ-ਅਸੂਲ ਦੀ ਉਲੰਘਣਾ ਹੁੰਦੀ ਹੈ ਜਾਂ ਕਿਸੇ ਦਾ ਕੋਈ ਕੰਮ ਕਮਿਉਨਿਟੀ-ਵਿਰੋਧੀ ਹੁੰਦਾ ਹੈ, ਤਾਂ ਓਹ ਹਰਗਿਜ ਚੁੱਪ ਰਹਿਣ ਵਾਲ਼ੇ ਨਹੀਂ। ਇਸ 'ਚ ਪਬਲਿਕ ਵਰਤਾਓ, ਸੁਰੱਖਿਆ, ਕਾਨੂੰਨ ਦੀ ਪਾਲਣਾ ਅਤੇ ਪਰਿਵਾਸ ਦੇ ਨਿਯਮਾਂ ਦੀ ਦੁਰ-ਵਰਤੋਂ ਸਭ ਆ ਜਾਂਦੇ ਹਨ। ਇੱਕ ਸਾਊ ਵਿਅਕਤੀ ਹੋਣ ਦੇ ਨਾਲ਼-ਨਾਲ਼ ਓਹ ਡਟਣਾ ਵੀ ਜਾਣਦੇ ਹਨ ਅਤੇ ਇਹ ਸੁਮੇਲ ਕਾਇਮ ਰੱਖਣਾ ਕੋਈ ਸੌਖੀ ਗੱਲ ਨਹੀਂ। ਪਰ ਇਸ ਨਾਲ਼ ਬੰਦਾ ਚਿਰ-ਸਥਾਈ ਮਾਣ-ਸਤਿਕਾਰ ਹਾਸਿਲ ਕਰ ਲੈਂਦਾ ਹੈ। ਜੌਹਲ ਸਾਹਿਬ ਪੋਲੀਆਂ ਜਾਂ ਇਧਰਲੀਆ-ਉਧਰਲੀਆ ਗੱਲਾਂ ਕਰਨ ਵਾਲੇ ਨਹੀ; ਉਹ ਸਿੱਧੀਆਂ, ਖਰੀਆਂ ਅਤੇ ਬੇ-ਬਾਕ ਗੱਲਾਂ ਕਰਨ ਵਾਲ਼ੇ ਹਨ। ਇਹ ਠੀਕ ਹੈ ਕਈ ਕੱਚੇ ਬੰਦੇ ਇਸ ਤਰ੍ਹਾਂ ਦੀਆਂ ਗੱਲਾਂ ਬਰਦਾਸ਼ਤ ਨਹੀਂ ਕਰਦੇ ਪਰ ਵਧੀਆ ਅਤੇ ਸੱਚੇ-ਸੁੱਚੇ ਬੰਦੇ ਇਸ ਤਰ੍ਹਾਂ ਦੀ ਦਿਆਨਤਦਾਰੀ ਦੀ ਪੂਰੀ ਕਦਰ ਕਰਦੇ ਹਨ।

ਉਨ੍ਹਾਂ ਦੇ ਸਮਰਥਕ ਬਾਹਰੀ ਲੁੱਕ-ਲਪੇਟ ਤੋਂ ਵੱਧ ਸਿਰੜ ਅਤੇ ਦ੍ਰਿੜਤਾ ਦੀ ਕਦਰ ਕਰਦੇ ਹਨ। ਓਹ ਜਾਣਦੇ ਹਨ ਕਿ ਜੌਹਲ ਸਾਹਿਬ ਸੱਚੀ ਗੱਲ ਕਰਨਗੇ, ਕੋਈ ਉਨ੍ਹਾਂ ਨਾਲ਼ ਸਹਿਮਤ ਹੋਵੇ ਨਾਂ ਹੋਵੇ। ਕਈ ਵਾਰ ਉਨ੍ਹਾਂ ਨੂੰ ਨੁਕਤਾਚੀਨੀ ਵੀ ਝੱਲਣੀ ਪੈਂਦੀ ਹੈ ਪਰ ਅਖੀਰ ਨੂੰ ਉਨ੍ਹਾਂ ਪ੍ਰਤੀ ਭਰੋਸੇ ਅਤੇ ਮਾਣ-ਸਤਿਕਾਰ 'ਚ ਵਾਧਾ ਹੀ ਹੁੰਦਾ ਹੈ। ਆਪਾਂ ਜਾਣਦੇ ਹਾਂ ਕਿ ਜਨਤਾ ਕਿਸੇ ਨਾਲ਼ ਘੜੀ ਦੀ ਘੜੀ ਭਾਵੇਂ ਸਹਿਮਤ ਨਾਂ ਹੋਵੇ ਪਰ ਸੱਚੇ ਬੰਦੇ ਦੀ ਇੱਜਤ ਜਰੂਰ ਕਰਦੀ ਹੈ। ਵੈਸੇ ਵੀ ਕੁ-ਰਖਤ ਬੋਲਣ ਦਾ ਅਤੇ ਸੁਹਿਰਦ ਕਰੜਾਈ ਦਾ ਫਰਕ ਹੁੰਦਾ ਹੈ। ਜੌਹਲ ਜੀ ਗੰਭੀਰ ਮਸਲਿਆਂ 'ਤੇ ਗੱਲ ਕਰਨ ਵਕਤ ਵੀ ਆਪਣੀ ਨਰਮਾਈ ਨਹੀਂ ਛਡਦੇ। ਓਹ ਇਸ ਗੱਲ ਦੇ ਹਾਮੀ ਹਨ ਕਿ ਕਿਸੇ ਲਈ ਸਤਿਕਾਰ ਦਿਖਾਉਣ ਲਈ ਉਸ ਦੀ ਚਾਪਲੂਸੀ ਕਰਨ ਦੀ ਲੋੜ ਨਹੀਂ।

ਜੌਹਲ ਸਾਹਿਬ ਦਾ ਉਨ੍ਹਾਂ ਲੋਕਾਂ 'ਚ ਬਹੁਤ ਸਤਿਕਾਰ ਹੈ ਜੋ ਸਮਝਦੇ ਹਨ ਕਿ ਚੰਗੀ ਲੀਡਰੀ ਦਾ ਮਤਲਬ ਲੋਕ-ਭਲਾਈ ਦੀ ਰੱਖਿਆ ਕਰਨਾ ਹੈ ਭਾਵੇਂ ਕਿ ਹਾਲਾਤ ਵਿਰੋਧੀ ਹੀ ਕਿਉਂ ਨਾਂ ਹੋਣ। ਸਮਾਜ ਨੂੰ ਭਾਵੇਂ ਨਰਮਾਈ ਦੀ ਲੋੜ ਹੈ ਪਰ ਦਲੇਰੀ ਨਾਲ਼ ਸਾਹਮਣੇ ਹੋ ਕੇ ਡਟਣ ਦੀ ਵੱਧ ਲੋੜ ਪੈਂਦੀ ਹੈ। ਜਿਹੜਾ ਲੀਡਰ ਸ਼ਾਂਤੀ ਬਣਾਉਣ ਲਈ ਕੌੜੀਆਂ ਸਚਾਈਆਂ ਦਾ ਰਾਹ ਛੱਡ ਦਿੰਦਾ ਹੈ ਓਹ ਕੁਛ ਸਮਾਂ ਤਾਂ ਕੱਢ ਲੈਂਦਾ ਹੈ, ਪਰ ਅਖੀਰ ਨੂੰ ਜਨਤਕ ਵਿਸਵਾਸ਼ ਗਵਾ ਬੈਠਦਾ ਹੈ। ਜੌਹਲ ਜੀ ਦਾ ਸਿੱਧਾ ਅਸੂਲ ਹੈ ਕਿ ਨਰਮਾਈ ਦਾ ਅਰਥ ਚੁੱਪ ਰਹਿ ਕੇ ਗਲਤ ਗੱਲਾਂ ਬਰਦਾਸ਼ਤ ਕਰਨਾ ਨਹੀਂ। ਜਦ ਲੋਕਾਂ ਨੂੰ ਇਹ ਭਰੋਸਾ ਹੋਵੇ ਕਿ ਉਨ੍ਹਾਂ ਦਾ ਲੀਡਰ ਹੱਕ-ਸੱਚ ਲਈ ਖੜ੍ਹੇਗਾ ਤਾਂ ਓਹ ਓਸ 'ਤੇ ਵੱਧ ਯਕੀਨ ਵੀ ਕਰਨਗੇ ਅਤੇ ਉਸ ਦੀ ਪੂਰੀ ਸੁਪੋਰਟ ਵੀ ਕਰਨਗੇ। ਇਸ ਤਰ੍ਹਾਂ ਸੱਚ ਦੇ ਹੱਕ 'ਚ ਖੜ੍ਹਨ ਦੀ ਕਦਰ ਪੈਂਦੀ ਹੈ, ਪਰ ਇਸ ਦਾ ਮੁੱਲ ਤਾਰਨਾ ਪੈਂਦਾ ਹੈ। ਇਸ ਦੀ ਵਿਰੋਧਤਾ ਹੋ ਸਕਦੀ ਹੈ, ਬੋਲ-ਬੁਲਾਰਾ ਹੋ ਸਕਦਾ ਹੈ ਗਲਤ-ਫਹਿਮੀਆਂ ਪੈਦਾ ਹੋ ਸਕਦੀਆ ਹਨ। ਇਸ ਕਰਕੇ ਹੀ ਹੌਂਸਲੇ ਦੀ ਪਬਲਿਕ 'ਚ ਕਦਰ ਹੈ। ਜਨਤਾ ਉਨ੍ਹਾਂ ਨੂੰ ਯਾਦ ਰਖਦੀ ਹੈ ਜਿਹੜੇ ਸ਼ਾਂਤ ਰਹਿਣ ਅਤੇ ਬੋਲਣ ਦੇ ਮੌਕਿਆਂ ਨੂੰ ਪਛਾਣਦੇ ਹਨ, ਇਨ੍ਹਾਂ 'ਚ ਫਰਕ ਜਾਣਦੇ ਹਨ।

2022-2026 ਦੀ ਟਰਮ 'ਚ ਵਾਰਡ ਨੰਬਰ 9 ਅਤੇ 10 ਦੇ ਸਕੂਲ ਟਰਸਟੀ ਦੇ ਤੌਰ 'ਤੇ ਕੀਤਾ ਕੰਮ, ਉਨ੍ਹਾਂ ਦੇ ਪ੍ਰਭਾਵ-ਕਾਰੀ ਕੰਮ ਕਰਨ ਦੇ ਢੰਗਾਂ ਦੀ ਮੂੰਹ ਬੋਲਦੀ ਤਸਵੀਰ ਹੈ। ਇਸ ਹੈਸੀਅਤ 'ਚ ਕੰਮ ਕਰ ਕੇ ਬੰਦਾ ਪਰਿਵਾਰਾਂ, ਸਟੂਡੈਂਟਾਂ ਅਤੇ ਅਧਿਆਪਕਾਂ ਦੇ ਨੇੜੇ ਹੋ ਜਾਂਦਾ ਹੈ ਅਤੇ ਨਿਤ-ਪ੍ਰਤੀ ਫੈਸਲੇ ਲੈਣ ਦੇ ਕੰਮਾਂ 'ਚ ਯੋਗਦਾਨ ਪਾਉਂਦਾ ਹੈ। ਇਹ ਇੱਕ ਅਮਲੀ ਕੰਮ ਹੈ ਜਿਸ ਤੋਂ ਬੰਦੇ ਦਾ ਚਰਿੱਤਰ ਪਰਤੱਖ ਨਜਰ ਆਉਂਦਾ ਹੈ ਅਤੇ ਇਹ ਹੋਰ ਪਰਪੱਕ ਵੀ ਹੁੰਦਾ ਹੈ।

ਸਕੂਲਾਂ ਦੇ ਪ੍ਰਬੰਧਾਂ 'ਚ, ਪਰਿਵਾਰ ਰੋਜਾਨਾ ਜਿੰਦਗੀ 'ਤੇ ਅਸਰ ਉਣ ਵਾਲ਼ੀਆਂ ਚੀਜਾਂ ਨੂੰ ਵੱਧ ਗੌਰ ਨਾਲ਼ ਦੇਖਦੇ ਹਨ। ਓਹ ਸਕੂਲਾਂ ਦੀ ਸੁਰੱਖਿਆ, ਸਕੂਲਾਂ ਦੇ ਨੇੜੇ ਦੀ ਆਵਾਜਾਈ, ਉੱਪਰਲਿਆਂ ਨਾਲ਼ ਤਾਲ-ਮੇਲ ਅਤੇ ਆਪਣੀ ਗੱਲ ਸੁਣੇ ਜਾਣ ਨੂੰ ਖਾਸ ਕਰ ਕੇ ਮਹੱਤਵ ਦਿੰਦੇ ਹਨ। ਜੌਹਲ ਸਾਹਿਬ ਇਨ੍ਹਾ ਸਭ ਗੱਲਾਂ ਬਾਰੇ ਬਹੁਤ ਖਬਰਦਾਰ ਰਹਿੰਦੇ ਹਨ। ਇਸ ਤਰ੍ਹਾਂ ਦੀਆਂ ਸੇਵਾਵਾਂ ਕਰ ਕੇ ਹੀ ਲੋਕ ਉਨ੍ਹਾਂ ਦਾ ਮਾਣ-ਸਤਿਕਾਰ ਕਰਦੇ ਹਨ। ਓਹ ਇਹ ਵੀ ਮਹਿਸੂਸ ਕਰਦੇ ਹਨ ਕਿ ਜੌਹਲ ਸਾਹਿਬ ਨੂੰ ਜਦੋਂ ਮਰਜੀ ਸਿੱਧਿਆਂ ਮਿਲਿਆ ਜਾ ਸਕਦਾ ਹੈ। ਮਾਂ-ਪਿਉ ਉਨ੍ਹਾਂ ਲੀਡਰਾਂ 'ਤੇ ਵੱਧ ਭਰੋਸਾ ਕਰਦੇ ਹਨ ਕਰਦੇ ਹਨ ਜੋ ਸਪਸ਼ਟ ਗੱਲ ਕਰਦੇ ਹਨ ਅਤੇ ਮੁਸ਼ਕਿਲ ਸਮੇਂ 'ਤੇ ਹਾਜਰ ਮਿਲਦੇ ਹਨ। ਨਿਰਸੰਦੇਹ, ਬੋਰਡ ਦਾ ਕੰਮ ਵਾਹਵਾ ਖੱਟਣ ਦਾ ਮੌਕਾ ਘੱਟ ਹੈ ਅਤੇ ਜਿੰਮੇਵਾਰੀ ਦਾ ਬਹੁਤਾ ਹੈ। ਇਹੋ ਜਿਹੀਆਂ ਅਹੁਦੇਦਾਰੀਆਂ 'ਤੇ ਕੀਤੇ ਕੰਮਾਂ ਤੋਂ ਹੀ ਬੰਦੇ ਦੀ ਜਨਤਾ 'ਚ ਬਣਾਈ ਭੱਲ ਦਾ ਪਤਾ ਲਗਦਾ ਹੈ।

ਜੌਹਲ ਸਾਹਿਬ 2026 ਦੀਆਂ ਬਰੈਂਪਟਨ ਮਿਉਂਸਪਲਟੀ ਦੀਆਂ ਰਿਜਨਲ ਕਾਉਂਸਲਰ ਦੀਆਂ ਚੋਣਾਂ 'ਚ ਉਮੀਦਵਰ ਹਨ। ਉਨ੍ਹਾਂ ਲਈ ਇਹ ਸੇਵਾ ਦਾ ਕੋਈ ਨਵਾਂ ਮੌਕਾ ਨਹੀਂ।



ਇਸ ਤਰ੍ਹਾਂ ਓਹ ਪਹਿਲੀ ਕੀਤੀ ਜਾ ਰਹੀ ਸੇਵਾ ਨੂੰ ਹੀ ਅੱਗੇ ਤੋਰ ਰਹੇ ਹਨ। ਉਨ੍ਹਾਂ ਨੂੰ ਪਹਿਲਾਂ ਹੀ ਇਸ ਪਾਸੇ ਦਾ ਬਹੁਤ ਤਜਰਬਾ ਹੈ ਅਤੇ ਇਸ ਨਾਲ਼ ਉਨ੍ਹਾਂ ਦੀ ਜਿੰਮੇਵਾਰੀ ਦਾ ਘੇਰਾ ਹੋਰ ਵੱਡਾ ਹੋਵੇਗਾ। ਉਨ੍ਹਾਂ ਦੇ ਸਮਰਥਕਾਂ ਵਾਸਤੇ ਇਹ ਇੱਕ ਮੌਕਾ ਹੈ ਕਿ ਵੱਡੇ ਜਨਤਕ ਹਿਤਾਂ ਲਈ ਉਨ੍ਹਾਂ ਦੀ ਹਮਾਇਤ 'ਚ ਲੱਗਣ। ਹਾਲਾਂਕਿ ਓਹ ਖੁਦ ਇਸ ਤਰ੍ਹਾਂ ਦੀਆਂ ਹਮਾਇਤਾਂ ਦੀ ਬਜਾਇ ਜਨਤਾ 'ਚ ਵਿਚਰ ਕੇ ਪ੍ਰੈਕਟੀਕਲ ਕਰਾਵਾਈਆਂ ਨੂੰ ਵੱਧ ਤਰਜੀਹ ਦਿੰਦੇ ਹਨ ਅਤੇ ਇਸ ਤਰ੍ਹਾਂ ਦੇ ਪਰਚਾਰ ਤੋਂ ਸੰਗਦੇ ਹਨ। ਪਰ ਸਮਰਥਕ ਚਾਹੁੰਦੇ ਹਨ ਕਿ ਇਸ ਤਰ੍ਹਾਂ ਦੇ ਸੁਹਿਰਦ, ਹਿੰਮਤੀ ਅਤੇ ਅਣਥੱਕ ਲੀਡਰ ਪੰਜਾਬੀ ਭਾਈਚਾਰੇ ਦੀ ਬਹੁ-ਪੱਖੀ ਸੇਵਾ 'ਚ ਯੋਗਦਾਨ ਪਾਉਂਦੇ ਰਹਿਣ। ਸਾਰੇ ਇਸ ਗੱਲ ਨਾਲ਼ ਸਹਿਮਤ ਹਨ ਕਿ : ਜੌਹਲ, ਬਰੈਂਪਟਨ ਨਿਵਾਸੀਆਂ ਦੀ ਸੇਵਾ ਲਈ ਹਰ ਵਕਤ ਹਾਜਿਰ ਹੈ।

ਉਨ੍ਹਾਂ ਦਾ ਸਮਰਥਨ ਉਨ੍ਹਾਂ ਦੀਆਂ ਨਿਜੀ ਦੋਸਤੀਆਂ ਤੋਂ ਕਿਤੇ ਵੱਧ ਉਨ੍ਹਾਂ ਦੇ ਅਸਰਦਾਰ ਕੰਮਾਂ 'ਤੇ ਨਿਰਭਰ ਹੈ। ਉਨ੍ਹਾਂ ਵਲੋਂ ਕੀਤੀ ਐੱਲ.ਐੱਮ.ਆਈ.ਏ ਦੀ ਘਾਲਣਾ ਸਭ ਦੇ ਦਿਲਾਂ ਅਤੇ ਦਿਮਾਗਾਂ 'ਚ ਉੱਕਰੀ ਹੋਈ ਹੈ ਅਤੇ ਰਹੇਗੀ। ਜਨਤਾ ਹਮੇਸ਼ਾ ਸੱਚੇ-ਸੁੱਚੇ ਨਿਰਪੱਖ ਅਤੇ ਦਲੇਰ ਲੀਡਰਾਂ ਦੀ ਕਦਰ ਕਰਦੀ ਰਹੀ ਹੈ ਅਤੇ ਜੌਹਲ ਸਾਹਿਬ ਇਨ੍ਹਾਂ ਸਾਰੇ ਗੁਣਾਂ ਦਾ ਸਹੀ ਸੁਮੇਲ ਹਨ।







Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551



ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ

# ਟੈਲੀਸਾਈਕੋਲੋਜੀ ਦਾ ਭੇਤ

ਅੱਜ ਦੇ ਤੇਜ਼ੀ ਨਾਲ ਬਦਲ ਰਹੇ ਤਕਨੀਕੀ ਯੁੱਗ ਵਿੱਚ ਮਨੁੱਖੀ ਜੀਵਨ ਦਾ ਹਰ ਖੇਤਰ ਡਿਜ਼ੀਟਲ ਤਬਦੀਲੀ ਦੇ ਅਸੀਮਿਤ ਪ੍ਰਭਾਵ ਅਧੀਨ ਤਰੱਕੀ ਕਰ ਰਿਹਾ ਹੈ। ਸਿੱਖਿਆ, ਵਪਾਰ, ਸਿਹਤ ਅਤੇ ਸਮਾਜਿਕ ਸੰਚਾਰ ਦੇ ਨਾਲ-ਨਾਲ ਮਨੋਵਿਗਿਆਨਕ ਸੇਵਾਵਾਂ ਵੀ ਹੁਣ ਰਵਾਇਤੀ ਕਲੀਨਿਕਾਂ ਦੀਆਂ ਚਾਰਦਿਵਾਰੀਆਂ ਤੋਂ ਬਾਹਰ ਨਿਕਲ ਕੇ ਡਿਜ਼ੀਟਲ ਮਾਧਿਅਮਾਂ ਤੱਕ ਪਹੁੰਚ ਚੁੱਕੀਆਂ ਹਨ। ਵੀਡੀਓ ਕਾਲਾਂ, ਟੈਲੀਫੋਨ, ਮੋਬਾਈਲ ਐਪਲੀਕੇਸ਼ਨਾਂ, ਈ-ਮੇਲਾਂ ਅਤੇ ਆਨਲਾਈਨ ਪਲੇਟਫਾਰਮਾਂ ਰਾਹੀਂ ਮਨੋਵਿਗਿਆਨਕ ਸਲਾਹ ਅਤੇ ਇਲਾਜ਼ ਪ੍ਰਦਾਨ ਕਰਨ ਦੀ ਇਸ ਪ੍ਰਕਿਰਿਆ ਨੂੰ ਟੈਲੀਸਾਈਕੋਲੋਜੀ ਕਿਹਾ ਜਾਂਦਾ ਹੈ।

ਟੈਲੀਸਾਈਕੋਲੋਜੀ ਦਾ ਅਰਥ ਹੈ ਦੂਰਸੰਚਾਰ ਤਕਨੀਕ ਦੀ ਮਦਦ ਨਾਲ ਮਨੋਵਿਗਿਆਨਕ ਸੇਵਾਵਾਂ ਦੀ ਪਹੁੰਚ ਮੁਹਈਆ ਕਰਵਾਉਣਾ। ਇਸ ਵਿੱਚ ਮਨੋਵਿਗਿਆਨਕ ਮੁਲਾਂਕਣ, ਕਾਊਂਸਲਿੰਗ, ਥੈਰੇਪੀ, ਸਲਾਹ-ਮਸ਼ਵਰਾ ਅਤੇ ਮਾਨਸਿਕ ਸਿਹਤ ਸਬੰਧੀ ਸਿੱਖਿਆ ਨੂੰ ਡਿਜ਼ੀਟਲ ਸਾਧਨਾਂ ਰਾਹੀਂ ਲੋਕਾਂ ਤੱਕ ਪਹੁੰਚਾਇਆ ਜਾਂਦਾ ਹੈ। ਸਧਾਰਨ ਸ਼ਬਦਾਂ ਵਿੱਚ, ਇਹ ਮਨੋਵਿਗਿਆਨ ਅਤੇ ਆਧੁਨਿਕ ਸੰਚਾਰ ਤਕਨੀਕ ਦਾ ਅਜਿਹਾ ਸੁਮੇਲ ਹੈ ਜੋ ਮਨੁੱਖ ਨੂੰ ਆਪਣੇ ਘਰ ਬੈਠਿਆਂ ਹੀ ਮਾਹਿਰ ਮਨੋਵਿਗਿਆਨੀ ਨਾਲ ਜੁੜਨ ਦੀ ਸਹੂਲਤ ਪ੍ਰਦਾਨ ਕਰਦਾ ਹੈ।

ਭਾਵੇਂ ਕਿ ਟੈਲੀਫੋਨ ਹੈਲਪਲਾਈਨਾਂ ਦੇ ਰੂਪ ਵਿੱਚ ਦੂਰਵਰਤੀ ਸਲਾਹ-ਮਸ਼ਵਰੇ ਦੀ ਪ੍ਰਥਾ ਕਈ ਦਹਾਕਿਆਂ ਤੋਂ ਮੌਜੂਦ ਸੀ, ਪਰ ਟੈਲੀਸਾਈਕੋਲੋਜੀ ਨੂੰ ਅਸਲ ਪ੍ਰਸਿੱਧੀ ਕੋਵਿਡ-19 ਮਹਾਂਮਾਰੀ ਦੌਰਾਨ ਮਿਲੀ ਸੀ। ਲੌਕਡਾਊਨ, ਸਮਾਜਿਕ ਦੂਰੀ ਅਤੇ ਵੱਧ ਰਹੇ ਮਾਨਸਿਕ ਤਣਾਅ ਨੇ ਮਨੋਵਿਗਿਆਨਕ ਮਾਹਿਰਾਂ ਨੂੰ ਨਵੇਂ ਰਸਤੇ ਅਪਣਾਉਣ ਲਈ ਮਜਬੂਰ ਕੀਤਾ। ਜੋ ਵਿਵਸਥਾ ਉਸ ਸਮੇਂ ਇੱਕ ਲੋੜ ਵਜੋਂ ਸ਼ੁਰੂ ਹੋਈ ਸੀ, ਉਹ ਅੱਜ ਇੱਕ ਪ੍ਰਭਾਵਸ਼ਾਲੀ ਅਤੇ ਕਾਰਗਰ ਮਾਨਸਿਕ ਸਿਹਤ ਸੇਵਾ ਦੇ ਰੂਪ ਵਿੱਚ ਵਿਕਸਤ ਹੋ ਚੁੱਕੀ ਹੈ।

ਅਜੋਕੇ ਸਮੇਂ ਵਿੱਚ ਤਣਾਅ, ਚਿੰਤਾ, ਉਦਾਸੀ, ਇਕੱਲਾਪਣ, ਭਾਵਨਾਤਮਕ ਥਕਾਵਟ, ਸੋਗ ਅਤੇ ਰਿਸ਼ਤਿਆਂ ਦੇ ਟਕਰਾਅ ਵਰਗੀਆਂ ਸਮੱਸਿਆਵਾਂ ਹਰ ਉਮਰ ਵਰਗ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਇਸ ਦੇ ਬਾਵਜੂਦ ਕਈ ਲੋਕ ਸਮਾਜਿਕ ਕਲੰਕ, ਭੂਗੋਲਿਕ ਦੂਰੀ, ਆਰਥਿਕ ਮੁਸ਼ਕਲਾਂ ਜਾਂ ਮਾਹਿਰਾਂ ਦੀ ਘਾਟ ਕਾਰਨ ਮਨੋਵਿਗਿਆਨਕ ਮਦਦ ਲੈਣ ਤੋਂ ਹਿਚਕਚਾਉਂਦੇ ਹਨ। ਟੈਲੀਸਾਈਕੋਲੋਜੀ ਇਨ੍ਹਾਂ ਵਿੱਚੋਂ ਬਹੁਤ ਸਾਰੀਆਂ ਰੁਕਾਵਟਾਂ ਨੂੰ ਘਟਾਉਣ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ।

ਪਹੁੰਚਯੋਗਤਾ ਵਿੱਚ ਵਾਧਾ

ਟੈਲੀਸਾਈਕੋਲੋਜੀ ਦਾ ਸਭ ਤੋਂ ਵੱਡਾ ਲਾਭ ਇਹ ਹੈ ਕਿ ਇਹ ਦੂਰ-ਦੁਰਾਡੇ ਅਤੇ ਪੇਂਡੂ ਖੇਤਰਾਂ ਵਿੱਚ ਰਹਿੰਦੇ ਲੋਕਾਂ ਤੱਕ ਵੀ ਮਾਨਸਿਕ ਸਿਹਤ ਸੇਵਾਵਾਂ ਪਹੁੰਚਾਉਂਦੀ ਹੈ। ਜਿੱਥੇ ਪਹਿਲਾਂ ਮਾਹਿਰ ਮਨੋਵਿਗਿਆਨੀ ਤੱਕ ਪਹੁੰਚਣਾ ਮੁਸ਼ਕਲ ਸੀ, ਉੱਥੇ ਹੁਣ ਇੱਕ ਵਿਅਕਤੀ ਸੈਂਕੜੇ ਕਿਲੋਮੀਟਰ ਦੂਰ ਬੈਠੇ ਮਾਹਿਰ ਤੋਂ ਵੀ ਸਲਾਹ ਲੈ ਸਕਦਾ ਹੈ।

ਸਮਾਜਿਕ ਕਲੰਕ ਵਿੱਚ ਕਮੀ

ਸਾਡੇ ਸਮਾਜ ਵਿੱਚ ਮਾਨਸਿਕ ਸਿਹਤ ਸੰਬੰਧੀ ਮਦਦ ਲੈਣ ਨੂੰ ਅਕਸਰ ਗਲਤ ਨਜ਼ਰੀਏ ਨਾਲ ਦੇਖਿਆ ਜਾਂਦਾ ਹੈ। ਕਈ ਲੋਕ ਕਲੀਨਿਕ ਵਿੱਚ ਜਾਣ ਤੋਂ ਇਸ ਡਰ ਕਾਰਨ ਬੱਚਦੇ ਹਨ ਕਿ ਲੋਕ ਕੀ ਕਹਿਣਗੇ। ਟੈਲੀਸਾਈਕੋਲੋਜੀ ਘਰ ਬੈਠਿਆਂ ਸਲਾਹ ਲੈਣ ਦੀ ਸਹੂਲਤ ਦਿੰਦੀ ਹੈ, ਜਿਸ ਨਾਲ ਵਿਅਕਤੀ ਦੀ ਨਿੱਜਤਾ ਬਣੀ ਰਹਿੰਦੀ ਹੈ ਅਤੇ ਮਦਦ ਲੈਣ ਦੀ ਸੰਭਾਵਨਾ ਵੱਧ ਜਾਂਦੀ ਹੈ।

ਵਧੇਰੇ ਸੁਵਿਧਾਜਨਕ ਪ੍ਰਬੰਧ

ਵਿਦਿਆਰਥੀ, ਨੌਕਰੀਪੇਸ਼ਾ ਲੋਕ, ਮਾਪੇ ਅਤੇ ਬਜ਼ੁਰਗ ਅਕਸਰ ਸਮੇਂ ਦੀ ਘਾਟ ਕਾਰਨ ਨਿਯਮਿਤ ਕਾਊਂਸਲਿੰਗ ਨਹੀਂ ਲੈ ਸਕਦੇ। ਟੈਲੀਸਾਈਕੋਲੋਜੀ ਯਾਤਰਾ ਦਾ ਸਮਾਂ ਅਤੇ ਖ਼ਰਚਾ ਦੋਵੇਂ ਬਚਾਉਂਦੀ ਹੈ ਅਤੇ ਵਿਅਕਤੀ ਨੂੰ ਆਪਣੇ ਰੋਜ਼ਾਨਾ ਕਾਰਜਕ੍ਰਮ ਅਨੁਸਾਰ ਸਮਾਂ ਨਿਰਧਾਰਿਤ ਕਰਨ ਦੀ ਆਜ਼ਾਦੀ ਦਿੰਦੀ ਹੈ।

ਇਲਾਜ਼ ਦੀ ਨਿਰੰਤਰਤਾ

ਕਈ ਵਾਰ ਤਬਾਦਲਾ, ਯਾਤਰਾ, ਸਰੀਰਕ ਅਸਮਰੱਥਾ ਜਾਂ ਹੋਰ ਕਾਰਨਾਂ ਕਰਕੇ ਰਵਾਇਤੀ ਥੈਰੇਪੀ ਵਿੱਚ ਰੁਕਾਵਟ ਆ ਜਾਂਦੀ ਹੈ। ਟੈਲੀਸਾਈਕੋਲੋਜੀ ਰਾਹੀਂ ਵਿਅਕਤੀ ਆਪਣੇ ਮਨੋਵਿਗਿਆਨੀ ਨਾਲ ਲਗਾਤਾਰ ਸੰਪਰਕ ਵਿੱਚ ਰਹਿ ਸਕਦਾ ਹੈ, ਜਿਸ ਨਾਲ ਇਲਾਜ਼ ਦੀ ਪ੍ਰਭਾਵਸ਼ੀਲਤਾ ਵੱਧਦੀ ਹੈ।

ਟੈਲੀਸਾਈਕੋਲੋਜੀ ਨੇ ਮਨੁੱਖੀ ਜੀਵਨ ਦੇ ਕਈ ਪੱਖਾਂ ਨੂੰ ਸਕਾਰਾਤਮਕ ਤੌਰ 'ਤੇ ਪ੍ਰਭਾਵਿਤ ਕੀਤਾ ਹੈ।

ਭਾਵਨਾਤਮਕ ਸਿਹਤ ਵਿੱਚ ਸੁਧਾਰ: ਚਿੰਤਾ, ਤਣਾਅ ਅਤੇ ਉਦਾਸੀ ਨਾਲ ਜੂਝ ਰਹੇ ਲੋਕ ਸਮੇਂ ਸਿਰ ਸਹਾਇਤਾ ਪ੍ਰਾਪਤ ਕਰ ਸਕਦੇ ਹਨ, ਜਿਸ ਨਾਲ ਸਮੱਸਿਆਵਾਂ ਗੰਭੀਰ ਰੂਪ ਧਾਰਨ ਤੋਂ ਪਹਿਲਾਂ ਹੀ ਕਾਬੂ ਵਿੱਚ ਆ ਸਕਦੀਆਂ ਹਨ।

ਰਿਸ਼ਤਿਆਂ ਨੂੰ ਮਜ਼ਬੂਤੀ

ਪਰਿਵਾਰਕ ਸਲਾਹ-ਮਸ਼ਵਰਾ, ਵਿਆਹ ਸਬੰਧੀ ਕਾਊਂਸਲਿੰਗ ਅਤੇ ਰਿਸ਼ਤਿਆਂ ਦੀ ਥੈਰੇਪੀ ਰਾਹੀਂ ਲੋਕ ਆਪਣੇ ਸੰਚਾਰ ਹੁਨਰਾਂ ਨੂੰ ਵਧੀਆ ਬਣਾਉਂਦੇ ਹਨ ਅਤੇ ਆਪਸੀ ਟਕਰਾਅ ਘਟਾਉਂਦੇ ਹਨ।

ਵਿਦਿਆਰਥੀਆਂ ਲਈ ਸਹਾਇਕ

ਅਕਾਦਮਿਕ ਦਬਾਅ, ਸਮਾਜਿਕ ਤੁਲਨਾ, ਕੈਰੀਅਰ ਦੀ ਅਨਿਸ਼ਚਿਤਤਾ ਅਤੇ ਡਿਜ਼ੀਟਲ ਤਣਾਅ ਨਾਲ ਜੂਝ ਰਹੇ ਨੌਜਵਾਨਾਂ ਲਈ ਇਹ ਇੱਕ ਪ੍ਰਭਾਵਸ਼ਾਲੀ ਸਹਾਰਾ ਬਣ ਰਹੀ ਹੈ।

ਬਜ਼ੁਰਗਾਂ ਲਈ ਵਰਦਾਨ

ਇਕੱਲਾਪਣ, ਸੋਗ ਅਤੇ ਸਰੀਰਕ ਕਮਜ਼ੋਰੀ ਨਾਲ ਜੂਝ ਰਹੇ ਬਜ਼ੁਰਗ ਬਿਨਾਂ ਘਰੋਂ ਨਿਕਲੇ ਭਾਵਨਾਤਮਕ ਸਹਾਇਤਾ ਪ੍ਰਾਪਤ ਕਰ ਸਕਦੇ ਹਨ।

ਕਾਰਜਸਥਲਾਂ ਵਿੱਚ ਮਾਨਸਿਕ ਸਿਹਤ ਦਾ ਉਤਸ਼ਾਹ

ਕਈ ਸੰਸਥਾਵਾਂ ਆਪਣੇ ਕਰਮਚਾਰੀਆਂ ਲਈ ਆਨਲਾਈਨ ਕਾਊਂਸਲਿੰਗ ਸੇਵਾਵਾਂ ਮੁਹੱਈਆ ਕਰਵਾ ਰਹੀਆਂ ਹਨ, ਜਿਸ ਨਾਲ ਤਣਾਅ, ਥਕਾਵਟ ਅਤੇ ਕਾਰਜਸਥਲ ਸੰਬੰਧੀ ਟਕਰਾਅ ਘਟਦੇ ਹਨ।

ਮਨੋਵਿਗਿਆਨਕ ਦ੍ਰਿਸ਼ਟੀਕੋਣ ਤੋਂ ਦੇਖਿਆ ਜਾਵੇ ਤਾਂ ਇਸ ਦੀ ਪ੍ਰਭਾਵਸ਼ੀਲਤਾ ਦੇ ਕਈ ਕਾਰਨ ਹਨ।

ਘਰ ਵਰਗੇ ਜਾਣ-ਪਛਾਣ ਵਾਲੇ ਮਾਹੌਲ ਵਿੱਚ ਬੈਠ ਕੇ ਗੱਲ ਕਰਨ ਨਾਲ ਵਿਅਕਤੀ ਵਧੇਰੇ ਆਰਾਮਦਾਇਕ ਮਹਿਸੂਸ ਕਰਦਾ ਹੈ। ਇਸ ਨਾਲ ਉਹ ਆਪਣੀਆਂ ਭਾਵਨਾਵਾਂ ਅਤੇ ਸਮੱਸਿਆਵਾਂ ਬਾਰੇ ਖੁੱਲ੍ਹ ਕੇ ਗੱਲ ਕਰ ਸਕਦਾ ਹੈ। ਇਸ ਦੇ ਨਾਲ-ਨਾਲ ਆਨਲਾਈਨ ਸੰਚਾਰ ਵਿਅਕਤੀ ਨੂੰ ਆਪਣੇ ਵਿਚਾਰਾਂ ਅਤੇ ਭਾਵਨਾਵਾਂ ਬਾਰੇ ਡੂੰਘਾਈ ਨਾਲ ਸੋਚਣ ਦਾ ਮੌਕਾ ਵੀ ਦਿੰਦਾ ਹੈ, ਜਿਸ ਨਾਲ ਸਵੈ-ਜਾਗਰੂਕਤਾ ਵਿੱਚ ਵਾਧਾ ਹੁੰਦਾ ਹੈ।

ਭਾਵਨਾਤਮਕ ਸੰਕਟ ਦੇ ਸਮੇਂ ਤੁਰੰਤ ਮਦਦ ਉਪਲਬਧ ਹੋਣਾ ਵੀ ਇਸ ਦਾ ਇੱਕ ਮਹੱਤਵਪੂਰਨ ਲਾਭ ਹੈ। ਸਮੇਂ ਸਿਰ ਮਿਲੀ ਮਨੋਵਿਗਿਆਨਕ ਸਹਾਇਤਾ ਕਈ ਗੰਭੀਰ ਸਮੱਸਿਆਵਾਂ ਨੂੰ ਵੱਧਣ ਤੋਂ ਰੋਕ ਸਕਦੀ ਹੈ।

ਹਰ ਨਵੀਂ ਤਕਨੀਕ ਵਾਂਗ ਟੈਲੀਸਾਈਕੋਲੋਜੀ ਦੀਆਂ ਵੀ ਕੁਝ ਸੀਮਾਵਾਂ ਹਨ।

ਸਭ ਤੋਂ ਪਹਿਲਾਂ, ਇਸ ਲਈ ਭਰੋਸੇਯੋਗ ਇੰਟਰਨੈੱਟ, ਉਚਿਤ ਡਿਜ਼ੀਟਲ ਉਪਕਰਨ ਅਤੇ ਤਕਨੀਕੀ ਜਾਣਕਾਰੀ ਦੀ ਲੋੜ ਹੁੰਦੀ ਹੈ। ਦੂਜਾ, ਮਨੋਵਿਗਿਆਨੀ ਅਕਸਰ ਸਰੀਰਕ ਹਾਵ-ਭਾਵ ਅਤੇ ਚਿਹਰੇ ਦੇ ਹਲਕੇ ਸੰਕੇਤਾਂ ਰਾਹੀਂ ਵੀ ਮਰੀਜ਼ ਦੀ ਮਨੋਸਥਿਤੀ ਨੂੰ ਸਮਝਦੇ ਹਨ, ਜੋ ਆਨਲਾਈਨ ਮਾਧਿਅਮ ਵਿੱਚ ਹਮੇਸ਼ਾਂ ਸਪਸ਼ਟ ਨਹੀਂ ਹੁੰਦੇ।

ਇਸ ਤੋਂ ਇਲਾਵਾ, ਗੋਪਨੀਯਤਾ ਅਤੇ ਡਾਟਾ ਸੁਰੱਖਿਆ ਨੂੰ ਯਕੀਨੀ ਬਣਾਉਣਾ ਵੀ ਬਹੁਤ ਜ਼ਰੂਰੀ ਹੈ। ਕੁਝ ਗੰਭੀਰ ਮਨੋਰੋਗੀ ਸਥਿਤੀਆਂ ਅਤੇ ਐਮਰਜੈਂਸੀ ਮਾਮਲਿਆਂ ਵਿੱਚ ਰੂਬਰੂ ਇਲਾਜ ਜਾਂ ਤੁਰੰਤ ਡਾਕਟਰੀ ਸਹਾਇਤਾ ਦੀ ਲੋੜ ਰਹਿੰਦੀ ਹੈ। ਇਸ ਲਈ ਟੈਲੀਸਾਈਕੋਲੋਜੀ ਨੂੰ ਰਵਾਇਤੀ ਸੇਵਾਵਾਂ ਦਾ ਬਦਲ ਨਹੀਂ, ਸਗੋਂ ਉਨ੍ਹਾਂ ਦਾ ਪੂਰਕ ਮੰਨਿਆ ਜਾਣਾ ਚਾਹੀਦਾ ਹੈ।

ਆਉਣ ਵਾਲੇ ਸਮੇਂ ਵਿੱਚ ਕ੍ਰਿਤ੍ਰਿਮ ਬੁੱਧੀ, ਵਰਚੁਅਲ ਰਿਐਲਿਟੀ, ਸਰੀਰਕ ਤੌਰ ਤੇ ਧਾਰਣ ਕਰਨ ਵਾਲੇ ਉਪਕਰਨਾਂ ਅਤੇ ਡਿਜ਼ੀਟਲ ਸਿਹਤ ਪਲੇਟਫਾਰਮਾਂ ਦੇ ਵਿਕਾਸ ਨਾਲ ਟੈਲੀਸਾਈਕੋਲੋਜੀ ਹੋਰ ਵੀ ਪ੍ਰਭਾਵਸ਼ਾਲੀ ਹੋ ਸਕਦੀ ਹੈ। ਭਵਿੱਖ ਵਿੱਚ ਵਿਅਕਤੀਗਤ ਮਾਨਸਿਕ ਸਿਹਤ ਨਿਗਰਾਨੀ, ਭਾਵਨਾਤਮਕ ਪ੍ਰਤੀਕਿਰਿਆਵਾਂ ਦਾ ਤੁਰੰਤ ਵਿਸ਼ਲੇਸ਼ਣ ਅਤੇ ਹੋਰ ਵਿਆਪਕ ਸੇਵਾਵਾਂ ਉਪਲਬਧ ਹੋਣ ਦੀ ਸੰਭਾਵਨਾ ਹੈ।

ਫਿਰ ਵੀ, ਮਨੁੱਖੀ ਹਮਦਰਦੀ, ਭਰੋਸਾ ਅਤੇ ਥੈਰੇਪਿਸਟ-ਕਲਾਇੰਟ ਸੰਬੰਧ ਹਮੇਸ਼ਾਂ ਪ੍ਰਭਾਵਸ਼ਾਲੀ ਮਨੋਵਿਗਿਆਨਕ ਸੇਵਾਵਾਂ ਦਾ ਕੇਂਦਰ ਰਹਿਣਗੇ।

ਟੈਲੀਸਾਈਕੋਲੋਜੀ ਮਨੋਵਿਗਿਆਨ ਅਤੇ ਆਧੁਨਿਕ ਤਕਨੀਕ ਦਾ ਇੱਕ ਅਹਿਮ ਮੇਲ ਹੈ ਜਿਸ ਨੇ ਮਾਨਸਿਕ ਸਿਹਤ ਸੇਵਾਵਾਂ ਨੂੰ ਹੋਰ ਪਹੁੰਚਯੋਗ, ਸੁਵਿਧਾਜਨਕ ਅਤੇ ਲਚਕੀਲਾ ਬਣਾਇਆ ਹੈ। ਇਹ ਭਾਵਨਾਤਮਕ ਸਿਹਤ ਨੂੰ ਉਤਸ਼ਾਹਿਤ ਕਰਦੀ ਹੈ, ਰਿਸ਼ਤਿਆਂ ਨੂੰ ਮਜ਼ਬੂਤ ਬਣਾਉਂਦੀ ਹੈ ਅਤੇ ਉਨ੍ਹਾਂ ਲੋਕਾਂ ਤੱਕ ਵੀ ਮਦਦ ਪਹੁੰਚਾਉਂਦੀ ਹੈ ਜੋ ਪਹਿਲਾਂ ਇਸ ਤੋਂ ਵਾਂਝੇ ਰਹਿੰਦੇ ਸਨ।

ਡਿਜ਼ੀਟਲ ਯੁੱਗ ਵਿੱਚ ਮਾਨਸਿਕ ਸਿਹਤ ਦੀਆਂ ਵੱਧਦੀਆਂ ਚੁਣੌਤੀਆਂ ਨੂੰ ਦੇਖਦੇ ਹੋਏ ਟੈਲੀਸਾਈਕੋਲੋਜੀ ਇੱਕ ਅਜਿਹਾ ਸਾਧਨ ਬਣ ਕੇ ਉਭਰੀ ਹੈ ਜੋ ਨਾ ਸਿਰਫ਼ ਮਾਨਸਿਕ ਸਿਹਤ ਸੇਵਾਵਾਂ ਦਾ ਵਿਸਤਾਰ ਕਰਦੀ ਹੈ, ਸਗੋਂ ਇੱਕ ਵਧੇਰੇ ਸਿਹਤਮੰਦ, ਸੰਤੁਲਿਤ ਅਤੇ ਭਾਵਨਾਤਮਕ ਤੌਰ 'ਤੇ ਮਜ਼ਬੂਤ ਸਮਾਜ ਦੀ ਉਸਾਰੀ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ।




SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN 7 DAYS A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਦਾਜ ਦੇ ਲੋਭੀ

ਬੇੜੀ ਦਰਿਆ 'ਚ ਡੁੱਬ ਚੱਲੀ ਏ,
ਉਸ ਨੇ ਪਰਿਵਾਰ ਨੂੰ ਕੀ ਸੰਭਾਲਣਾ
ਜੋ ਸ਼ਰਾਬ ਨਾਲ ਹੋਇਆ ਟੱਲੀ ਏ।
ਇੱਥੇ ਦਾਜ ਦੇ ਲੋਭੀ ਬਥੇਰੇ ਨੇ,
ਲੱਖਾਂ ਰੁਪਏ ਲਾ ਕੇ ਪੜ੍ਹਾਉਣ ਧੀਆਂ ਨੂੰ
ਧੀਆਂ ਵਾਲਿਆਂ ਦੇ ਕਿੰਨੇ ਜੇਰੇ ਨੇ।
ਹੁਣ ਔਰਤ ਪੈਰ ਦੀ ਜੁੱਤੀ ਨਹੀਂ,
ਉਸ ਨੂੰ ਮਰਦ ਕਹਿ ਨਹੀਂ ਸਕਦੇ
ਜਿਸ ਨੇ ਔਰਤ ਦੀ ਇੱਜ਼ਤ ਕੀਤੀ ਨਹੀਂ।
ਜ਼ਖਮ ਨਾਸੂਰ ਬਣ ਗਿਆ ਏ,
ਮੁੰਡਿਆਂ ਨੇ ਨਸ਼ਿਆਂ ਨੂੰ ਲੱਗ ਕੇ
ਆਪਣਾ ਭਵਿੱਖ ਧੁੰਦਲਾ ਕਰ ਲਿਆ ਏ।
ਮੇਲਾ ਜੱਗ ਦਾ ਭਰਿਆ ਹੋਇਆ ਏ,
ਉਸ ਨੂੰ ਇਹ ਖਾਲੀ, ਖਾਲੀ ਲੱਗੇ
ਜੋ ਘਰ ਵਿਹਲਾ ਬੈਠਾ ਹੋਇਆ ਏ।
ਕੁਰਸੀ ਤੇ ਸਦਾ ਇੱਕੋ ਹਾਕਮ ਨਾ ਰਹੇ,
ਪਹਿਲੇ ਹਾਕਮ ਦੇ ਜਾਣ ਪਿੱਛੋਂ
ਦੂਜਾ ਹਾਕਮ ਇਸ ਤੇ ਆ ਬਹੇ।
ਗੁੱਡੀ ਅਸਮਾਨੀ ਚੜ੍ਹੀ ਹੋਈ ਏ,
ਉਸ ਨੇ ਕਿਨਾਰੇ ਲੱਗ ਹੀ ਜਾਣਾ ਏਂ
ਜਿਸ ਦੀ ਬਾਂਹ ਯਾਰ ਨੇ ਫੜੀ ਹੋਈ ਏ।



SANJHI SOCH
ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

# ਹਵਾ, ਪਾਣੀ ਤੇ ਰੁੱਖ

ਹਵਾ ਤੇ ਪਾਣੀ ਦੋਵੇਂ ਬਚਾਈਏ।
ਫੋਕੇ ਨਾ ਹੁਣ ਨਾਅਰੇ ਲਾਈਏ।
ਕੁਦਰਤ ਦੀਆਂ ਦਾਤਾਂ ਅਨਮੋਲ।
ਅਮੀਰ ਉਹ, ਜਿਸ ਦੇ ਇਹ ਕੋਲ।
ਇਹ ਹਨ ਸਾਡਾ ਸਰਮਾਇਆ।
ਤਾਂ ਬਚਣ, ਜੇ ਜਾਵੇ ਬਚਾਇਆ।
ਇਹਨਾਂ ਬਿਨਾਂ ਅਸੀ ਜੀ ਨੀਂ ਸਕਦੇ।
ਪ੍ਰਦੂਸ਼ਤ ਪਾਣੀ ਪੀ ਨਹੀਂ ਸਕਦੇ।
ਹਵਾ ਗੰਧਲੀ, ਸਾਹ ਕਿੰਝ ਲੈਣਾ,
ਇਹ ਹੁਣ ਸਾਨੂੰ ਸੋਚਣਾ ਪੈਣਾ।
ਪਸ਼ੂ, ਪੰਛੀ ਅਤੇ ਰੁੱਖ ਵਿਚਾਰੇ।
ਬਿਨ ਇਹਨਾਂ ਦੇ ਇਹ ਦੁਖਿਆਰੇ।
ਹਵਾ,ਪਾਣੀ ਆਪਾਂ ਬਣਾ ਨੀਂ ਸਕਦੇ।
ਸੰਭਾਲ ਬਿਨਾਂ ਬਚਾ ਨਹੀਂ ਸਕਦੇ।
ਗੁਰੂਆਂ ਦਿੱਤਾ ਸਾਨੂੰ ਉਪਦੇਸ਼।
ਇੱਹ ਗੱਲ ਰੱਖਿਓ ਯਾਦ ਹਮੇਸ਼।
ਕੋਈ ਅਣਗਹਿਲੀ ਹੋਣ ਨੀਂ ਦੇਣੀ।
ਦਾਤ ਕੁਦਰਤੀ ਖੋਣ ਨਹੀਂ ਦੇਣੀ।
'ਪੱਤੋ' ਆਪਾਂ ਮਤਾ ਪਕਾਈਏ।
ਆਓ ਸਾਰੇ ਕਸਮਾਂ ਖਾਈਏ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

LARRY T. NIERMEYER
Attorney at Law

OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation


PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


Pal Films
Production
All Your Photo/Videography &
Post Production needs Under One Roof
RED PRO 5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330




ਕਈ ਵੀਰਾਂ ਦੇ
**LICENSE CANCEL**
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ
ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ
Green Card ਨਹੀਂ ਹੈ | I-485 Application ਅਜੇ Pending ਹੈ।

## Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :


Green Card Case ਨੂੰ ਜਲਦੀ ਹੱਲ ਕਰਨ ਵਿੱਚ


CDL ਅਤੇ ਕੰਮ ਨੂੰ ਬਚਾਉਣ ਲਈ Legal Guidance


Deportation ਜਾਂ Immigration Detention Cases ਵਿੱਚ Legal Advice


Appeals ਅਤੇ Immigration Process ਵਿੱਚ ਸਹਾਇਤਾ


Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ


ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ

GLG
GHUMAN LAW GROUP
GHUMAN LAW GROUP INC.
Criminal Defense, Family and Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR





## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com

WE HAVE THE CHEAPEST FARES TO INDIA

# LEGEND TRAVEL




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com
Sanjhi Soch TV NRI

SANJHI SOCH

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260